ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਵੀਰਵਾਰ, 12 ਸਤੰਬਰ 2024 (ਨਾਨਕਸ਼ਾਹੀ ਸੰਮਤ : ੫੫੬, ੨੮ ਭਾਦਰੋਂ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243





## ਮਜੀਠੀਆ ਡਰੱਗ ਮਾਮਲੇ ਦੀ ਜਾਂਚ ਕਰ ਰਹੀ ਸਿੱਟ ਤੋਂ ਈਡੀ ਨੇ ਮੰਗੀ ਸਟੇਟਸ ਰਿਪੋਰਟ


**ਜਲੰਧਰ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਨੇਤਾ ਬਿਕਰਮ ਸਿੰਘ ਮਜੀਠੀਆ ਦੇ ਡਰੱਗ ਕੇਸ ਮਾਮਲੇ ਵਿੱਚ ਇਨਫੋਰਸਮੈਂਟ ਡਾਇਰੈਕਟੋਰੇਟ ਸ਼ਿਕੰਜਾ ਕੱਸਦੀ ਹੋਈ ਨਜ਼ਰ ਆ ਰਹੀ ਹੈ। ਈਡੀ ਨੇ ਬਿਕਰਮ ਸਿੰਘ ਮਜੀਠੀਆ ਖਿਲਾਫ਼ ਜਾਂਚ ਕਰ ਰਹੀ ਸਪੈਸ਼ਲ ਜਾਂਚ ਟੀਮ ਤੋਂ ਕੇਸ ਦੀ ਸਟੇਟਸ ਰਿਪੋਰਟ, 284 ਖਾਤਿਆਂ ਅਤੇ ਮਜੀਠੀਆ ਤੋਂ ਕੀਤੀ ਗਈ ਪੁੱਛਗਿੱਛ ਦਾ ਵੇਰਵਾ ਮੰਗਿਆ ਹੈ। **ਈਡੀ ਵੱਲੋਂ ਮੰਗੇ ਗਏ ਵੇਰਵੇ** : 1. FIR ਵੇਰਵੇ। 2. ਜਾਂਚ ਦੀ ਸਥਿਤੀ। 3. ਗਵਾਹਾਂ ਦੇ ਬਿਆਨ। 4. 284 ਬੈਂਕ ਖਾਤਿਆਂ ਦਾ ਵੇਰਵਾ। ਕਰੋੜਾਂ ਦੀ ਬੇਹਿਸਾਬ ਨਕਦੀ ਜੋ ਵੱਖ ਵੱਖ ਖਾਤਿਆਂ ਵਿਚ ਜਮਾ ਹੋਈ। 5. ਉਸ ਦੀਆਂ ਪਰਿਵਾਰਕ ਫਰਮਾਂ ਅਤੇ ਮੈਂਬਰਾਂ ਦੇ ਆਰਓਸੀ ਰਿਕਾਰਡ ਅਤੇ ਆਈਟੀਆਰ ਦੀ ਕਾਪੀ, ਕਿਉਂਕਿ ਉਨ੍ਹਾਂ ਦੀ ਆਮਦਨ ਕੀਤੀ ਗਈ ਜਾਇਦਾਦ ਅਤੇ ਖਰਚਿਆਂ ਤੋਂ ਘੱਟ ਸੀ। 6. ਵਿੱਤੀ ਦਸਤਾਵੇਜ਼ : ਸਰਾਇਆ ਉਦਯੋਗ ਅਤੇ ਸੰਬੰਧਿਤ ਫਰਮਾਂ। 7. ਜ਼ਮੀਨੀ ਰਿਕਾਰਡ। ਵੱਖ-ਵੱਖ ਜ਼ਮੀਨੀ ਸੌਦਿਆਂ ਅਤੇ ਮੁੱਲਾਂ ਵਿੱਚ ਅਚਾਨਕ ਵਾਧਾ। 8. ਵਿੱਤੀ ਮਾਹਰ ਦੀ ਰਿਪੋਰਟ। ਜ਼ਿਕਰਯੋਗ ਹੈ ਕਿ ਐੱਸਆਈਟੀ ਨੇ ਵਿਦੇਸ਼ੀ ਕੰਪਨੀਆਂ ਅਤੇ ਪਰਿਵਾਰਕ ਫਰਮਾਂ ਤੋਂ 436 ਕਰੋੜ ਤੋਂ ਵੱਧ ਦੀ ਮਨੀ ਲਾਂਡਰਿੰਗ ਅਤੇ ਵੱਡੀ ਨਕਦੀ ਜਮ੍ਹਾਂ ਅਤੇ ਪਰਿਵਾਰਕ ਫਰਮਾਂ ਦੇ ਸ਼ੱਕੀ ਤੌਰ 'ਤੇ ਇੱਕੋ ਦਿਨ ਅਤੇ ਇੱਕੋ ਪਤੇ 'ਤੇ ਸ਼ਾਮਲ ਹੋਣ ਦਾ ਪਰਦਾਫਾਸ਼ ਕੀਤਾ ਹੈ।



## 'ਖਾਲਿਸਤਾਨ ਦੇਸ਼ ਦੀ ਮੰਗ ਨੂੰ' .... ਸਿੱਖਾਂ ਨੂੰ ਲੈਕੇ ਰਾਹੁਲ ਗਾਂਧੀ ਦੇ ਬਿਆਨ ਦਾ

# ਭਾਈ ਗੁਰਪਤਵੰਤ ਸਿੰਘ ਪੰਨੂ ਨੇ ਕੀਤਾ ਸਮਰਥਨ

**ਨਵੀਂ ਦਿੱਲੀ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਜਿੱਥੇ ਭਾਰਤ ਵਿੱਚ ਭਾਜਪਾ ਨਾਲ ਜੁੜੇ ਸਿੱਖ ਆਗੂਆਂ ਨੇ ਕਾਂਗਰਸ ਆਗੂ ਅਤੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਆਗੂ ਰਾਹੁਲ ਗਾਂਧੀ ਵੱਲੋਂ ਅਮਰੀਕਾ ਵਿੱਚ ਸਿੱਖਾਂ ਬਾਰੇ ਦਿੱਤੇ ਬਿਆਨ ਦੀ ਖਾਲਿਸਤਾਨ ਸਮਰਥਕ ਭਾਈ ਗੁਰਪਤਵੰਤ ਸਿੰਘ ਪੰਨੂ ਵੀ ਇਸ ਦੇ ਸਮਰਥਨ ਵਿੱਚ ਆ ਗਏ ਹਨ। ਉਨ੍ਹਾਂ ਨੇ ਰਾਹੁਲ ਗਾਂਧੀ ਦੇ ਇਸ ਬਿਆਨ ਦਾ ਸਮਰਥਨ ਕੀਤਾ ਹੈ। ਭਾਈ ਗੁਰਪਤਵੰਤ ਸਿੰਘ ਪੰਨੂ ਨੇ ਰਾਹੁਲ ਗਾਂਧੀ ਦੇ ਬਿਆਨ ਨੂੰ ਸਹੀ ਠਹਿਰਾਉਂਦਿਆਂ ਕਿਹਾ ਕਿ ਰਾਹੁਲ ਨੇ ਕਾਫੀ ਬੋਲਡ ਸਟੇਟਮੈਂਟ ਦਿੱਤਾ ਹੈ। ਉਨ੍ਹਾਂ ਦਾ ਇਹ ਬਿਆਨ ਸਿੱਖਸ ਫਾਰ ਜਸਟਿਸ (SFJ) ਦੀ ਵੱਖਰੇ ਖਾਲਿਸਤਾਨ ਦੇਸ਼ ਦੀ ਮੰਗ ਨੂੰ ਜਾਇਜ਼ ਠਹਿਰਾਉਂਦਾ ਹੈ। ਭਾਈ ਪੰਨੂ ਨੇ ਕਿਹਾ ਕਿ ਰਾਹੁਲ ਗਾਂਧੀ ਵੱਲੋਂ ਭਾਰਤ ਵਿੱਚ ਸਿੱਖਾਂ ਦੀ ਹਾਲਤ ਬਾਰੇ ਦਿੱਤਾ ਗਿਆ ਬਿਆਨ ਨਾ ਸਿਰਫ਼ ਦਲੇਰੀ ਭਰਿਆ ਹੈ ਸਗੋਂ ਭਾਰਤ ਵਿੱਚ 1947 ਤੋਂ ਸਿੱਖਾਂ ਉੱਤੇ ਹੋ ਰਹੇ ਅੱਤਿਆਚਾਰਾਂ ਨੂੰ ਵੀ ਦਰਸਾਉਂਦਾ ਹੈ। ਇਹ ਪੰਜਾਬ ਦੀ ਆਜ਼ਾਦੀ ਬਾਰੇ ਸਿੱਖਸ ਫਾਰ ਜਸਟਿਸ (SFJ) ਦੇ ਸਟੈਂਡ ਦੀ ਵੀ ਪੁਸ਼ਟੀ ਕਰਦਾ ਹੈ। ਦੱਸ ਦਈਏ ਕਿ ਭਾਈ ਗੁਰਪਤਵੰਤ ਸਿੰਘ ਪੰਨੂ ਲੰਬੇ ਸਮੇਂ ਤੋਂ ਵੱਖਰੇ ਖਾਲਿਸਤਾਨ ਦੇਸ਼ ਦੀ ਮੰਗ ਨੂੰ ਲੈ ਕੇ ਵਿਦੇਸ਼ਾਂ 'ਚ ਪ੍ਰਚਾਰ ਕਰ ਰਹੇ ਹਨ। ਭਾਰਤ ਵਿੱਚ ਵੀ ਭਾਈ ਗੁਰਪਤਵੰਤ ਸਿੰਘ ਪੰਨੂ ਨੇ ਵੱਖਰੇ ਖਾਲਿਸਤਾਨ ਦੇਸ਼ ਦੀ ਮੰਗ ਨੂੰ ਲੈ ਕੇ ਰਾਇਸ਼ੁਮਾਰੀ ਕਰਵਾਉਣ ਦੀ ਕੋਸ਼ਿਸ਼ ਕੀਤੀ ਸੀ, ਜਿਸ ਲਈ ਕੇਸ ਦਰਜ ਕੀਤਾ ਗਿਆ ਸੀ। ਐਨ. ਆਈ. ਏ. ਨੇ ਭਾਈ ਪੰਨੂ ਖ਼ਿਲਾਫ਼ ਵੀ ਕੇਸ ਦਰਜ ਕਰ ਲਿਆ ਹੈ। ਵਰਜੀਨੀਆ 'ਚ ਭਾਰਤੀ ਮੂਲ ਦੇ ਲੋਕਾਂ ਨੂੰ ਸੰਬੋਧਨ ਕਰਦਿਆਂ ਹੋਇਆਂ ਰਾਹੁਲ ਗਾਂਧੀ ਨੇ ਕਿਹਾ ਸੀ ਕਿ ਸਭ ਤੋਂ ਪਹਿਲਾਂ ਤੁਹਾਨੂੰ ਇਹ ਸਮਝਣਾ ਹੋਵੇਗਾ ਕਿ ਲੜਾਈ ਕਿਸ ਗੱਲ ਦੀ ਹੈ। ਲੜਾਈ ਰਾਜਨੀਤੀ ਦੀ ਨਹੀਂ ਹੈ, ਇਹ ਸਤਹੀ ਹੈ। ਤੁਹਾਡਾ ਨਾਮ ਕੀ ਹੈ ? ਲੜਾਈ ਇਸ ਗੱਲ ਦੀ ਹੈ ਕਿ ਕੀ ਇੱਕ ਸਿੱਖ ਹੋਣ ਦੇ ਨਾਤੇ ਉਨ੍ਹਾਂ ਨੂੰ ਭਾਰਤ ਵਿੱਚ ਪੱਗ ਬੰਨਣ ਦੀ ਇਜਾਜ਼ਤ ਦਿੱਤੀ ਜਾਵੇਗੀ ਜਾਂ ਇੱਕ ਸਿੱਖ ਹੋਣ ਦੇ ਨਾਤੇ ਉਨ੍ਹਾਂ ਨੂੰ ਭਾਰਤ ਵਿੱਚ ਕੜਾ ਪਾਉਣ ਦੀ ਇਜਾਜ਼ਤ ਦਿੱਤੀ ਜਾਵੇਗੀ... ਜਾਂ ਕੀ ਇੱਕ ਸਿੱਖ ਗੁਰਦੁਆਰੇ ਵਿੱਚ ਜਾ ਸਕੇਗਾ। ਅਸਲ ਮਾਇਨਾਂ ਵਿੱਚ ਇਸ ਨੂੰ ਲੈਕੇ ਹੈ ਅਤੇ ਸਿਰਫ ਇਨ੍ਹਾਂ ਦੇ ਲਈ ਨਹੀਂ, ਸਗੋਂ ਸਾਰੇ ਧਰਮਾਂ ਦੇ ਲਈ ਹੈ।"



## ਪਾਕਿਸਤਾਨ 'ਚ 5.8 ਤੀਬਰਤਾ ਦੇ ਭੂਚਾਲ ਦੇ ਝਟਕੇ, ਦਿੱਲੀ ਤੋਂ ਲੈ ਕੇ ਚੰਡੀਗੜ੍ਹ ਤੱਕ ਕੰਬੀ ਜ਼ਮੀਨ

**ਨਵੀਂ ਦਿੱਲੀ/ਇਸਲਾਮਾਬਾਦ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਪਾਕਿਸਤਾਨ 'ਚ ਬੁੱਧਵਾਰ ਨੂੰ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਰਿਕਟਰ ਪੈਮਾਨੇ 'ਤੇ ਭੂਚਾਲ ਦੀ ਤੀਬਰਤਾ 5.8 ਸੀ। ਇਸ ਭੂਚਾਲ ਦਾ ਅਸਰ ਦਿੱਲੀ, ਚੰਡੀਗੜ੍ਹ ਅਤੇ ਆਸਪਾਸ ਦੇ ਇਲਾਕਿਆਂ 'ਚ ਵੀ ਦੇਖਣ ਨੂੰ ਮਿਲਿਆ। ਭੂਚਾਲ ਦਾ ਕੇਂਦਰ ਪਾਕਿਸਤਾਨ ਵਿੱਚ ਕਰੋਰ ਲਾਲ ਤੋਂ 35 ਕਿਲੋਮੀਟਰ ਦੂਰ ਸਤ੍ਹਾ ਤੋਂ 10 ਕਿਲੋਮੀਟਰ ਹੇਠਾਂ ਸੀ। ਇਸਲਾਮਾਬਾਦ ਅਤੇ ਲਾਹੌਰ 'ਚ ਵੀ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਇਸ ਭੂਚਾਲ ਦੇ ਝਟਕੇ ਰਾਜਧਾਨੀ ਦਿੱਲੀ ਅਤੇ ਐਨਸੀਆਰ ਵਿੱਚ ਵੀ ਮਹਿਸੂਸ ਕੀਤੇ ਗਏ। ਭੂਚਾਲ ਦੇ ਝਟਕੇ ਮਹਿਸੂਸ ਕਰਨ ਤੋਂ ਬਾਅਦ ਲੋਕ ਇਮਾਰਤਾਂ ਤੋਂ ਬਾਹਰ ਆ ਗਏ। ਸ਼ੁਰੂਆਤੀ ਰਿਪੋਰਟਾਂ ਅਨੁਸਾਰ ਕਿਸੇ ਜਾਨੀ ਜਾਂ ਮਾਲੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਹੈ। ਇਸ ਤੋਂ ਪਹਿਲਾਂ ਭਾਰਤ ਵਿੱਚ ਬੀਤੀ 1 ਸਤੰਬਰ ਨੂੰ ਭੂਚਾਲ ਆਇਆ ਸੀ। ਅਸਾਮ ਦੇ ਮੋਰੀਗਾਂਵ ਵਿੱਚ 3.6 ਤੀਬਰਤਾ ਦੇ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਤੜਕੇ 3:36 ਵਜੇ ਆਏ ਇਸ ਭੂਚਾਲ ਦੀ ਡੂੰਘਾਈ ਸਤ੍ਹਾ ਤੋਂ 23 ਕਿਲੋਮੀਟਰ ਸੀ। ਇਸ ਭੂਚਾਲ ਨੂੰ ਲੈ ਕੇ ਲੋਕਾਂ ਨੇ ਸੋਸ਼ਲ ਮੀਡੀਆ 'ਤੇ ਦਾਅਵਾ ਕੀਤਾ ਕਿ ਭਾਰਤ ਦੇ ਪੇਸ਼ਾਵਰ, ਇਸਲਾਮਾਬਾਦ, ਲਾਹੌਰ ਅਤੇ ਦਿੱਲੀ, ਉੱਤਰ ਪ੍ਰਦੇਸ਼, ਹਰਿਆਣਾ, ਪੰਜਾਬ ਅਤੇ ਜੰਮੂ ਕਸ਼ਮੀਰ 'ਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ। ਟ੍ਰਿਬਿਊਨ ਪਾਕਿਸਤਾਨ ਦੀ ਰਿਪੋਰਟ ਮੁਤਾਬਕ ਲਾਹੌਰ, ਇਸਲਾਮਾਬਾਦ, ਪੇਸ਼ਾਵਰ, ਮਲਕੰਦ, ਮੁਲਤਾਨ, ਭਾਕਰ, ਲੱਕੀ, ਮਾਰਵਤ, ਸਵਾਤ, ਦੱਖਣੀ ਵਜ਼ੀਰਿਸਤਾਨ, ਚਿਤਰਾਲ, ਕਮਾਲੀਆ, ਹਾਫਿਜ਼ਾਦ, ਗੁਜਰਾਤ ਸਮੇਤ ਕਈ ਇਲਾਕਿਆਂ ਵਿੱਚ ਭੂਚਾਲ ਦੇ ਝਟਕੇ ਮਹਿਸੂਸ ਕੀਤੇ ਗਏ।




## 'ਆਪ' ਨੇ ਹਰਿਆਣਾ ਚੋਣਾਂ ਲਈ 11 ਉਮੀਦਵਾਰਾਂ ਦੀ ਲਿਸਟ ਕੀਤੀ ਜਾਰੀ, ਭਾਜਪਾ ਦੇ ਬਾਗੀਆਂ ਨੂੰ ਵੀ ਮਿਲੀ ਟਿਕਟ

**ਚੰਡੀਗੜ੍ਹ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਨੇ ਮੰਗਲਵਾਰ ਨੂੰ ਹਰਿਆਣਾ ਚੋਣਾਂ ਲਈ 11 ਉਮੀਦਵਾਰਾਂ ਦੀ ਇੱਕ ਹੋਰ ਸੂਚੀ ਜਾਰੀ ਕੀਤੀ ਹੈ। ਇਸ ਵਿੱਚ ਭਾਜਪਾ ਦੇ ਬਾਗੀਆਂ ਨੂੰ ਵੀ ਟਿਕਟਾਂ ਦਿੱਤੀਆਂ ਗਈਆਂ ਹਨ। ਆਮ ਆਦਮੀ ਪਾਰਟੀ ਹੁਣ ਤੱਕ ਕੁੱਲ 40 ਉਮੀਦਵਾਰਾਂ ਦੇ ਨਾਵਾਂ ਦਾ ਐਲਾਨ ਕਰ ਚੁੱਕੀ ਹੈ। ਅੱਜ ਦੋ ਸੂਚੀਆਂ ਜਾਰੀ ਕੀਤੀਆਂ ਗਈਆਂ ਹਨ, ਪਹਿਲੀ ਵਿੱਚ 9 ਉਮੀਦਵਾਰਾਂ ਦੇ ਨਾਮ ਹਨ ਅਤੇ ਦੂਜੀ ਵਿੱਚ 11 ਉਮੀਦਵਾਰਾਂ ਦੇ ਨਾਮ ਹਨ। ਆਮ ਆਦਮੀ ਪਾਰਟੀ ਦੀ ਤੀਜੀ ਸੂਚੀ ਵਿੱਚ ਭਾਜਪਾ-ਕਾਂਗਰਸ ਦੇ ਬਾਗੀਆਂ ਦੇ ਨਾਂ ਵੀ ਸ਼ਾਮਲ ਹਨ। 'ਆਪ' ਨੇ ਭਾਜਪਾ ਤੋਂ ਅੱਜ ਆਮ ਆਦਮੀ ਪਾਰਟੀ 'ਚ ਸ਼ਾਮਲ ਹੋਏ ਸਤੀਸ਼ ਯਾਦਵ ਅਤੇ ਸੁਨੀਲ ਰਾਓ ਨੂੰ ਆਪਣਾ ਉਮੀਦਵਾਰ ਬਣਾਇਆ ਹੈ। ਕਾਂਗਰਸ ਤੋਂ ਅੱਜ 'ਆਪ' ਵਿੱਚ ਸ਼ਾਮਲ ਹੋਏ ਭੀਮ ਸਿੰਘ ਰਾਠੀ ਨੂੰ ਵੀ ਉਮੀਦਵਾਰ ਬਣਾਇਆ ਗਿਆ ਹੈ। 'ਆਪ' ਨੇ ਵੀ ਭੁਪਿੰਦਰ ਸਿੰਘ ਹੁੱਡਾ ਵਿਰੁੱਧ ਉਮੀਦਵਾਰ ਖੜ੍ਹਾ ਕੀਤਾ ਹੈ। ਇਸ ਤੋਂ ਪਹਿਲਾਂ ਮੰਗਲਵਾਰ ਨੂੰ ਆਮ ਆਦਮੀ ਪਾਰਟੀ (ਆਪ) ਨੇ ਹਰਿਆਣਾ ਵਿਧਾਨ ਸਭਾ ਚੋਣਾਂ ਲਈ ਨੌਂ ਉਮੀਦਵਾਰਾਂ ਦੀ ਦੂਜੀ ਸੂਚੀ ਜਾਰੀ ਕੀਤੀ, ਜਿਸ ਵਿੱਚ ਸਾਬਕਾ ਮੰਤਰੀ ਛਤਰਪਾਲ ਸਿੰਘ ਨੂੰ ਬਰਵਾਲਾ ਤੋਂ ਉਮੀਦਵਾਰ ਬਣਾਇਆ ਗਿਆ ਹੈ। ਸਿੰਘ ਇੱਕ ਦਿਨ ਪਹਿਲਾਂ ਹੀ ਭਾਰਤੀ ਜਨਤਾ ਪਾਰਟੀ (ਭਾਜਪਾ) ਤੋਂ 'ਆਪ' ਵਿੱਚ ਸ਼ਾਮਲ ਹੋਏ ਸਨ। ਸੀਟ ਵੰਡ 'ਤੇ ਕਾਂਗਰਸ ਨਾਲ ਗੱਲਬਾਤ ਅਸਫਲ ਹੋਣ ਤੋਂ ਬਾਅਦ ਪਾਰਟੀ ਨੇ ਸੋਮਵਾਰ ਨੂੰ 20 ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕੀਤੀ ਸੀ। ਨਵੀਂ ਸੂਚੀ ਅਨੁਸਾਰ ਸਢੌਰਾ ਤੋਂ ਰੀਟਾ ਬਾਮਨੀਆ, ਥਾਨੇਸਰ ਤੋਂ ਕਿਸ਼ਨ ਬਜਾਜ ਅਤੇ ਹਵਾ ਸਿੰਘ ਨੂੰ ਇੰਦਰੀ ਤੋਂ ਉਮੀਦਵਾਰ ਬਣਾਇਆ ਗਿਆ ਹੈ। ਪਾਰਟੀ ਨੇ ਰਤੀਆ ਤੋਂ ਮੁਖਤਿਆਰ ਸਿੰਘ ਬਾਜ਼ੀਗਰ, ਆਦਮਪੁਰ ਤੋਂ ਭੁਪਿੰਦਰ ਬੈਨੀਵਾਲ ਅਤੇ ਬਰਵਾਲਾ ਤੋਂ ਛਤਰਪਾਲ ਸਿੰਘ ਨੂੰ ਟਿਕਟਾਂ ਦਿੱਤੀਆਂ ਹਨ। ਸੂਚੀ ਮੁਤਾਬਕ ਜਵਾਹਰ ਲਾਲ ਬਾਵਲ ਤੋਂ, ਪ੍ਰਵੇਸ਼ ਮਹਿਤਾ ਫਰੀਦਾਬਾਦ ਤੋਂ ਅਤੇ ਅਬਾਸ਼ ਚੰਦੇਲਾ ਤਿਗਾਂਵ ਤੋਂ ਚੋਣ ਲੜਨਗੇ। ਪਾਰਟੀ ਨੇ ਇਕ ਬਿਆਨ 'ਚ ਕਿਹਾ ਕਿ ਸਾਬਕਾ ਮੰਤਰੀ ਛਤਰਪਾਲ ਸਿੰਘ, ਜਿਨ੍ਹਾਂ ਨੂੰ ਬਰਵਾਲਾ ਤੋਂ ਉਮੀਦਵਾਰ ਬਣਾਇਆ ਗਿਆ ਸੀ, ਸੋਮਵਾਰ ਨੂੰ ਭਾਜਪਾ ਛੱਡ ਕੇ 'ਆਪ' 'ਚ ਸ਼ਾਮਲ ਹੋ ਗਏ ਸਨ। 'ਆਪ' ਨੇ ਕਾਂਗਰਸ ਨਾਲ ਸੀਟਾਂ ਦੀ ਵੰਡ 'ਤੇ ਕੋਈ ਸਮਝੌਤਾ ਨਾ ਹੋਣ ਕਾਰਨ ਇਕੱਲੇ ਚੋਣ ਲੜਨ ਦਾ ਫੈਸਲਾ ਕੀਤਾ ਅਤੇ ਸੋਮਵਾਰ ਨੂੰ 20 ਉਮੀਦਵਾਰਾਂ ਦੀ ਪਹਿਲੀ ਸੂਚੀ ਜਾਰੀ ਕੀਤੀ। ਵਿਧਾਨ ਸਭਾ ਚੋਣਾਂ ਲਈ ਨਾਮਜ਼ਦਗੀਆਂ ਦਾਖਲ ਕਰਨ ਦੀ ਆਖਰੀ ਮਿਤੀ 12 ਸਤੰਬਰ ਹੈ। 90 ਮੈਂਬਰੀ ਵਿਧਾਨ ਸਭਾ ਲਈ 5 ਅਕਤੂਬਰ ਨੂੰ ਵੋਟਿੰਗ ਹੋਵੇਗੀ।

AAP
AAM AADMI PARTY

## ਪੰਜਾਬ ਦੇ ਟਰੈਵਲ ਏਜੰਟਾਂ 'ਤੇ ਸੂਬਾ ਸਰਕਾਰ ਦੀ ਵੱਡੀ ਕਾਰਵਾਈ

**ਚੰਡੀਗੜ੍ਹ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਵਿਦੇਸ਼ ਜਾਣ ਦੇ ਚਾਹਵਾਨ ਨੌਜਵਾਨਾਂ ਨੂੰ ਗੈਰ-ਕਾਨੂੰਨੀ ਟਰੈਵਲ ਏਜੰਟਾਂ ਦਾ ਸ਼ਿਕਾਰ ਹੋਣ ਤੋਂ ਬਚਾਉਣ ਲਈ ਪੰਜਾਬ ਪੁਲਸ ਦੇ ਐੱਨਆਰਆਈ ਮਾਮਲੇ ਵਿੰਗ ਅਤੇ ਸਾਈਬਰ ਕ੍ਰਾਈਮ ਵਿੰਗ ਨੇ ਪ੍ਰੋਟੈਕਟੋਰੇਟ ਆਫ਼ ਇਮੀਗ੍ਰੈਂਟਸ, ਚੰਡੀਗੜ੍ਹ ਦੇ ਤਾਲਮੇਲ ਨਾਲ ਸੋਸ਼ਲ ਮੀਡੀਆ 'ਤੇ ਵਿਦੇਸ਼ੀ ਨੌਕਰੀਆਂ ਸਬੰਧੀ ਗੈਰ-ਕਾਨੂੰਨੀ ਇਸ਼ਤਿਹਾਰਬਾਜ਼ੀ ਕਰਨ ਦੇ ਦੋਸ਼ ਹੇਠ ਸੂਬੇ ਦੇ 25 ਟਰੈਵਲ ਏਜੰਟਾਂ ਵਿਰੁੱਧ ਮਾਮਲਾ ਦਰਜ ਕੀਤਾ ਹੈ। ਜ਼ਿਕਰਯੋਗ ਹੈ ਕਿ ਪ੍ਰੋਟੈਕਟੋਰੇਟ ਆਫ਼ ਇਮੀਗ੍ਰੈਂਟਸ ਵੱਲੋਂ ਅਜਿਹੀਆਂ ਟਰੈਵਲ ਏਜੰਸੀਆਂ ਵੱਲੋਂ ਵਿਦੇਸ਼ਾਂ ਵਿਚ ਨੌਕਰੀਆਂ ਲਈ ਇੰਸਟਾਗ੍ਰਾਮ ਅਤੇ ਫੇਸਬੁੱਕ 'ਤੇ ਦਿੱਤੇ ਜਾਂਦੇ ਇਸ਼ਤਿਹਾਰਾਂ ਸਬੰਧੀ ਗੰਭੀਰ ਨੋਟਿਸ ਲਿਆ ਗਿਆ ਹੈ। ਏਡੀਜੀਪੀ ਐੱਨਆਰਆਈ ਮਾਮਲੇ ਪ੍ਰਵੀਨ ਕੇ ਸਿਨਹਾ ਨੇ ਅੱਜ ਦੱਸਿਆ ਕਿ ਇਹ ਟਰੈਵਲ ਏਜੰਸੀਆਂ ਬਿਨਾਂ ਲੋੜੀਂਦੇ ਲਾਇਸੈਂਸ ਅਤੇ ਮਨਜ਼ੂਰੀ ਤੋਂ ਇੰਸਟਾਗ੍ਰਾਮ ਅਤੇ ਫੇਸਬੁੱਕ 'ਤੇ ਵਿਦੇਸ਼ਾਂ ਵਿਚ ਨੌਕਰੀਆਂ ਦਾ ਇਸ਼ਤਿਹਾਰ ਦੇ ਰਹੀਆਂ ਸਨ। ਉਨ੍ਹਾਂ ਦੱਸਿਆ ਕਿ ਉਨ੍ਹਾਂ ਨੇ ਆਨਲਾਈਨ ਪਲੇਟਫਾਰਮਾਂ ਦੀ ਜਾਂਚ ਕੀਤੀ, ਉਨ੍ਹਾਂ ਦੇ ਪ੍ਰਮਾਣ ਪੱਤਰਾਂ ਦੀ ਗੁਪਤ ਰੂਪ ਵਿਚ ਤਸਦੀਕ ਕੀਤੀ ਅਤੇ ਉਨ੍ਹਾਂ ਵਿਰੁੱਧ ਐੱਫਆਈਆਰਜ਼ ਦਰਜ ਕੀਤੀਆਂ ਹਨ। ਉਨ੍ਹਾਂ ਅੱਗੇ ਕਿਹਾ ਕਿ ਅੰਮ੍ਰਿਤਸਰ, ਜਲੰਧਰ, ਕਪੂਰਥਲਾ, ਹੁਸ਼ਿਆਰਪੁਰ, ਲੁਧਿਆਣਾ, ਪਟਿਆਲਾ, ਸੰਗਰੂਰ ਅਤੇ ਐੱਸ.ਏ.ਐੱਸ.ਨਗਰ ਸਮੇਤ ਸੂਬੇ ਦੇ ਵੱਖ-ਵੱਖ ਐੱਨਆਰਆਈ ਥਾਣਿਆਂ ਵਿਚ ਇਮੀਗ੍ਰੇਸ਼ਨ ਐਕਟ ਦੀਆਂ ਧਾਰਾਵਾਂ 24/25 ਤਹਿਤ ਕੁੱਲ 20 ਐੱਫਆਈਆਰਜ਼ ਦਰਜ ਕੀਤੀਆਂ ਗਈਆਂ ਹਨ। ਏਡੀਜੀਪੀ ਨੇ ਕਿਹਾ ਕਿ ਇਹ ਕਾਰਵਾਈ ਖਾਸ ਤੌਰ 'ਤੇ ਉਨ੍ਹਾਂ ਗੈਰ-ਕਾਨੂੰਨੀ ਟਰੈਵਲ ਏਜੰਟਾਂ ਵਿਰੁੱਧ ਕੀਤੀ ਗਈ ਹੈ, ਜੋ ਆਨਲਾਈਨ ਪਲੇਟਫਾਰਮਾਂ 'ਤੇ ਇਸ਼ਤਿਹਾਰ ਦੇ ਕੇ ਪੀੜਤਾਂ, ਜ਼ਿਆਦਾਤਰ ਨੌਜਵਾਨਾਂ ਅਤੇ ਉਨ੍ਹਾਂ ਦੀ ਜਾਂ ਉਨ੍ਹਾਂ ਦੇ ਮਾਤਾ-ਪਿਤਾ ਦੀ ਮਿਹਨਤ ਦੀ ਕਮਾਈ ਨੂੰ ਲੁੱਟਣ ਲਈ ਵਿਦੇਸ਼ੀ ਨੌਕਰੀਆਂ ਦੀ ਪੇਸ਼ਕਸ਼ ਕਰ ਰਹੇ ਸਨ। ਉਨ੍ਹਾਂ ਅੱਗੇ ਕਿਹਾ ਕਿ ਇਸ ਸਬੰਧੀ ਜਾਂਚ ਜਾਰੀ ਹੈ। ਏਡੀਜੀਪੀ ਪ੍ਰਵੀਨ ਸਿਨਹਾ ਨੇ ਨਾਗਰਿਕਾਂ ਨੂੰ ਸਾਵਧਾਨ ਰਹਿਣ ਦੀ ਅਪੀਲ ਕਰਦਿਆਂ ਕਿਹਾ ਟ੍ਰੈਵਲ ਏਜੰਟਾਂ ਨੂੰ ਦਸਤਾਵੇਜ਼ ਅਤੇ ਪੈਸੇ ਦੇਣ ਤੋਂ ਪਹਿਲਾਂ ਉਨ੍ਹਾਂ ਦੇ ਪ੍ਰਮਾਣ ਪੱਤਰਾਂ ਦੀ ਪੁਸ਼ਟੀ ਕਰਨੀ ਯਕੀਨੀ ਬਣਾਈ ਜਾਵੇ। ਉਨ੍ਹਾਂ ਅੱਗੇ ਕਿਹਾ ਕਿ ਕਿ ਇਮੀਗ੍ਰੇਸ਼ਨ ਐਕਟ, 1983 ਦੇ ਤਹਿਤ ਵੈਧ ਰਿਕਰੂਟਿੰਗ ਏਜੰਟ (ਆਰਏ) ਲਾਇਸੈਂਸ ਪ੍ਰਾਪਤ ਏਜੰਸੀਆਂ ਕੋਲ ਹੀ ਜਾਓ ਅਤੇ ਹਮੇਸ਼ਾ ਉਕਤ ਐਕਟ ਤਹਿਤ ਜਾਰੀ ਏਜੰਸੀ ਦੇ ਲਾਇਸੈਂਸ ਦੀ ਮੰਗ ਕਰੋ। ਉਨ੍ਹਾਂ ਕਿਹਾ ਕਿ ਟਰੈਵਲ ਏਜੰਟਾਂ ਦੇ ਕੰਮ ਕਰਨ ਦੇ ਤਰੀਕਿਆਂ ਦੀ ਪੁਸ਼ਟੀ ਕਰੋ ਅਤੇ ਫਿਰ ਉਨ੍ਹਾਂ 'ਤੇ ਭਰੋਸਾ ਕਰੋ।




## ਅੰਮ੍ਰਿਤਸਰ ਏਅਰਪੋਰਟ 'ਤੇ ਆਉਣ ਵਾਲੇ ਯਾਤਰੀਆਂ ਲਈ ਸ਼੍ਰੋਮਣੀ ਕਮੇਟੀ ਨੇ ਲਿਆ ਵੱਡਾ ਫ਼ੈਸਲਾ

**ਅੰਮ੍ਰਿਤਸਰ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦੇ ਸ੍ਰੀ ਗੁਰੂ ਰਾਮਦਾਸ ਕੌਮਾਂਤਰੀ ਹਵਾਈ ਅੱਡੇ 'ਤੇ ਆਉਣ ਵਾਲੇ ਸ਼ਰਧਾਲੂਆਂ ਅਤੇ ਸੈਲਾਨੀਆਂ ਲਈ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਵੱਡਾ ਉਪਰਾਲਾ ਕੀਤਾ ਹੈ। ਐੱਸ. ਜੀ. ਪੀ. ਸੀ. ਨੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਜਾਰੀ ਗੁਰਬਾਣੀ ਕੀਰਤਨ ਦਾ ਲਾਈਵ ਪ੍ਰਸਾਰਨ ਚਲਾਉਣ ਲਈ ਹਵਾਈ ਅੱਡੇ ਦੇ ਅੰਦਰ ਵੱਡੀਆਂ ਐੱਲ.ਈ.ਡੀ.ਸਕਰੀਨਾਂ ਲਗਵਾ ਦਿੱਤੀਆਂ ਹਨ। ਦੇਸ਼-ਵਿਦੇਸ਼ਾਂ ਤੋਂ ਆਉਣ-ਜਾਣ ਵਾਲੇ ਯਾਤਰੀ ਹੁਣ ਏਅਰਪੋਰਟ 'ਤੇ ਹੀ ਸ੍ਰੀ ਹਰਿਮੰਦਰ ਸਾਹਿਬ 'ਚ ਚੱਲ ਰਹੇ ਗੁਰਬਾਣੀ ਕੀਰਤਨ ਦਾ ਆਨੰਦ ਮਾਨ ਸਕਣਗੇ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਆਉਂਦੇ ਕੁਝ ਦਿਨਾਂ ਦੇ ਅੰਦਰ ਇਹ ਸਕਰੀਨਾਂ ਸੰਗਤ ਦੇ ਅਰਪਣ ਕਰ ਦਿੱਤੀਆਂ ਜਾਣਗੀਆਂ। ਐੱਸ.ਜੀ.ਪੀ. ਸੀ. ਦੇ ਇਸ ਕਾਰਜ ਦੀ ਚੁਫੇਰਿਓਂ ਸ਼ਲਾਘਾ ਹੋ ਰਹੀ ਹੈ।



## ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਵੋਟਾਂ ਬਣਾਉਣ ਦੀ ਮਿਤੀ 16 ਸਤੰਬਰ ਤੱਕ ਵਧਾਈ

**ਲੁਧਿਆਣਾ, 11 ਸਤੰਬਰ (ਸਟਿੰਗ ਆਪ੍ਰੇਸ਼ਨ ਬਿਊਰੋ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀਆਂ ਚੋਣਾਂ ਨੂੰ ਲੈ ਕੇ ਚੱਲ ਰਹੀ ਵੋਟਰ ਰਜਿਸਟ੍ਰੇਸ਼ਨ ਪ੍ਰਕਿਰਿਆ 16 ਸਤੰਬਰ ਤੱਕ ਜਾਰੀ ਰਹੇਗੀ। ਇਸ ਸਬੰਧੀ ਡੀ. ਸੀ. ਸਾਕਸ਼ੀ ਸਾਹਨੀ ਵੱਲੋਂ ਸੱਦੀ ਗਈ ਮੀਟਿੰਗ ਦੌਰਾਨ ਗੈਰ-ਹਾਜ਼ਰ ਰਹਿਣ ਵਾਲੇ ਬੀ. ਐੱਲ. ਓਜ਼ ਨੂੰ 'ਕਾਰਨ ਦੱਸੋ' ਨੋਟਿਸ ਜਾਰੀ ਕੀਤਾ ਗਿਆ ਹੈ। ਜਾਣਕਾਰੀ ਦਿੰਦੇ ਹੋਏ ਡੀ. ਸੀ. ਨੇ ਦੱਸਿਆ ਕਿ ਮੀਟਿੰਗ ਦੌਰਾਨ ਸਾਰੇ ਐੱਸ. ਡੀ. ਐੱਮ., ਤਹਿਸੀਲਦਾਰ, ਸਿੱਖਿਆ ਅਧਿਕਾਰੀ, ਇਸਤਰੀ ਅਤੇ ਬਾਲ ਵਿਕਾਸ, ਪੁਲਸ, ਸਿਹਤ, ਮੰਡੀ ਬੋਰਡ, ਸਮਾਜਿਕ ਸੁਰੱਖਿਆ ਵਿਭਾਗ, ਖੇਤੀਬਾੜੀ ਸਮੇਤ ਬੀ. ਐੱਲ. ਓਜ਼ ਟੀਮ ਵੱਲੋਂ ਅਜੇ ਤੱਕ ਵੋਟਾਂ ਬਣਾਉਣ ਸਬੰਧੀ ਕੀਤੇ ਕੰਮਾਂ ਦੀ ਰਿਪੋਰਟ ਲਈ ਗਈ ਹੈ। ਵੋਟਰ ਰਜਿਸਟ੍ਰੇਸ਼ਨ ਦਾ ਇਹ ਆਖਰੀ ਹਫਤਾ ਹੈ ਅਤੇ ਟੀਮ ਨੂੰ ਹੁਕਮ ਦਿੱਤਾ ਗਿਆ ਹੈ ਕਿ ਉਹ ਇਸ ਗੱਲ ਨੂੰ ਯਕੀਨੀ ਬਣਾਉਣ ਕਿ ਕੋਈ ਵੀ ਯੋਗ ਵੋਟਰ ਵੋਟ ਬਣਾਉਣ ਤੋਂ ਵਾਂਝਾ ਨਾ ਰਹਿ ਜਾਵੇ। ਮੀਟਿੰਗ ਦੌਰਾਨ ਵੱਧ ਤੋਂ ਵੱਧ ਵੋਟਾਂ ਬਣਾਉਣ ਵਾਲੇ ਬੀ. ਐੱਲ. ਓਜ਼ ਦੀ ਵੀ ਪ੍ਰਸ਼ੰਸਾ ਕੀਤੀ ਗਈ। ਡੀ. ਸੀ. ਨੇ ਦੱਸਿਆ ਕਿ ਮਹਿਲਾ ਵੋਟਰਾਂ ਲਈ ਵੋਟਰ ਨਾਮਜ਼ਦਗੀ ਫਾਰਮ 'ਤੇ ਉਨ੍ਹਾਂ ਦੀ ਫੋਟੋ ਲਗਾਉਣਾ ਜ਼ਰੂਰੀ ਨਹੀਂ ਹੈ, ਸਗੋਂ ਬਦਲ ਹੈ, ਜਿਨ੍ਹਾਂ ਵੋਟਰਾਂ ਨੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਚੋਣ ਪ੍ਰੋਗਰਾਮ ਮੁਤਾਬਕ 21 ਅਕਤੂਬਰ ਤੋਂ ਬਾਅਦ ਆਪਣੀ ਰਜਿਸਟ੍ਰੇਸ਼ਨ ਕਰਵਾਈ ਹੈ, ਉਨ੍ਹਾਂ ਨੂੰ ਮੁੜ ਅਪਲਾਈ ਕਰਨ ਦੀ ਲੋੜ ਨਹੀਂ ਹੈ, ਉਹੀ ਫਾਰਮ ਜ਼ਿਲਾ ਪ੍ਰਸ਼ਾਸਨ ਦੀ ਵੈੱਬਸਾਈਟ 'ਤੇ ਵੀ ਉਪਲੱਬਧ ਹਨ ਅਤੇ ਲੋਕਾਂ ਨੂੰ ਸਮਾਂ ਹੱਦ ਦੇ ਅੰਦਰ ਉਸ ਨੂੰ ਬੀ. ਐੱਲ. ਓਜ਼ ਜਾਂ ਪਟਵਾਰੀ ਕੋਲ ਜਮ੍ਹਾਂ ਕਰਵਾਇਆ ਜਾ ਸਕਦਾ ਹੈ।

ਸਿੰਘ ਸਾਹਿਬ ਭਾਈ ਜਸਵੀਰ ਸਿੰਘ ਜੀ ਰੋਡੇ (ਸਾਬਕਾ ਜਥੇਦਾਰ ਸ੍ਰੀ ਅਕਾਲ ਤਖ਼ਤ ਸਾਹਿਬ) ਦੀ ਪ੍ਰੇਰਨਾ ਸਦਕਾ

www.nsycuk.com

ਸਾਲਾਨਾ ਯਾਤਰਾ 20 ਫਰਵਰੀ ਤੋਂ 12 ਮਾਰਚ 2025 ਤੱਕ

# ਪੰਜ ਤਖ਼ਤ ਸਾਹਿਬਾਨ ਅਤੇ ਹੋਰ ਇਤਿਹਾਸਕ ਗੁਰਦੁਆਰਿਆਂ ਦੀ ਸਾਲਾਨਾ ਯਾਤਰਾ


ਸ੍ਰੀ ਅਕਾਲ ਤਖ਼ਤ ਸਾਹਿਬ


ਤਖ਼ਤ ਸ੍ਰੀ ਪਟਨਾ ਸਾਹਿਬ


ਤਖ਼ਤ ਸ੍ਰੀ ਕੇਸਗੜ੍ਹ ਸਾਹਿਬ


ਤਖ਼ਤ ਸ੍ਰੀ ਦਮਦਮਾ ਸਾਹਿਬ


ਤਖ਼ਤ ਸ੍ਰੀ ਹਜ਼ੂਰ ਸਾਹਿਬ

## ਯਾਤਰਾ ਗੁਰਦੁਆਰਾ ਦੂਖ ਨਿਵਾਰਣ ਸਾਹਿਬ, ਗੁਰੂ ਤੇਗ ਬਹਾਦਰ ਨਗਰ, ਜਲੰਧਰ ਤੋਂ

20 ਫਰਵਰੀ 2025, ਦਿਨ ਵੀਰਵਾਰ ਨੂੰ ਸਵੇਰੇ ਠੀਕ 8 ਵਜੇ ਆਰੰਭ ਹੋਵੇਗੀ, ਸੰਗਤਾਂ ਸਵੇਰੇ 7.30 ਵਜੇ ਤੱਕ ਪਹੁੰਚਣ ਦੀ ਕਿਰਪਾ ਕਰਨ। 12 ਮਾਰਚ 2025, ਦਿਨ ਬੁੱਧਵਾਰ ਨੂੰ ਉਕਤ ਗੁਰਦੁਆਰਾ ਸਾਹਿਬ ਵਿਖੇ ਹੀ ਯਾਤਰਾ ਦੀ ਸਮਾਪਤੀ ਹੋਵੇਗੀ।



**ਬਾਹਰਲੇ ਦੇਸ਼ਾਂ ਤੋਂ ਜਾਣ ਵਾਲੇ ਯਾਤਰੀ ਦਾ ਖਰਚ 400 ਪੌਂਡ ਅਤੇ ਪੱਕੇ ਤੌਰ 'ਤੇ ਭਾਰਤ ਵਿਚ ਰਹਿ ਰਹੇ ਯਾਤਰੀ ਦਾ ਖਰਚਾ 20 ਹਜ਼ਾਰ ਰੁਪਏ ਹੈ**

ਸੀਮਤ ਸੀਟਾਂ ਜਲਦੀ ਬੁਕਿੰਗ ਕਰਵਾਉ ਜੀ

ਨੋਟ: ਵਿਦੇਸ਼ਾਂ ਤੋਂ ਸੰਗਤਾਂ ਆਪੋ-ਆਪਣੀਆਂ ਟਿਕਟਾਂ ਲੈ ਕੇ ਪੰਜਾਬ ਪਹੁੰਚਣਗੀਆਂ। ਯਾਤਰਾ ਏਅਰ ਕੰਡੀਸ਼ਨਰ ਕੋਚਾਂ ਵਿੱਚ ਕਰਵਾਈ ਜਾਵੇਗੀ। ਇੰਗਲੈਂਡ, ਅਮਰੀਕਾ, ਕੈਨੇਡਾ ਜਾਂ ਦੁਨੀਆਂ ਦੇ ਕਿਸੇ ਵੀ ਦੇਸ਼ ਵਿੱਚ ਰਹਿੰਦੇ ਸ਼ਰਧਾਲੂ ਇਸ ਯਾਤਰਾ ਵਿੱਚ ਜਾਲ ਲਈ ਸੰਪਰਕ ਕਰ ਸਕਦੇ ਹਨ। ਭਾਰਤ ਦੇ ਪੱਕੇ ਵਸਨੀਕ ਰਿਸ਼ਤੇਦਾਰਾਂ/ ਮਿੱਤਰਾਂ ਦੀ ਬੁਕਿੰਗ ਵੀ ਇੱਥੇ ਯੂ.ਕੇ. ਵਿੱਚ ਤੁਸੀਂ ਕਰਵਾ ਸਕਦੇ ਹੋ।

ਗੁ. ਸ੍ਰੀ ਗੁਰੂ ਤੇਗ ਬਹਾਦਰ, ਜਲੰਧਰ ਤੋਂ ਸ਼ੁਰੂਆਤ, ਗੁ. ਸ਼ਹੀਦ ਬੇਅੰਤ ਸਿੰਘ, ਗੁ. ਗੁਰੂ ਕਾ ਲਾਹੌਰ, ਗੁ. ਸੁਹੇਲਾ ਸਾਹਿਬ, ਤਖ਼ਤ ਸ੍ਰੀ ਕੇਸਗੜ੍ਹ ਸਾਹਿਬ, ਸ੍ਰੀ ਆਨੰਦਪੁਰ ਸਾਹਿਬ, ਬਾਉਲੀ ਸਾਹਿਬ, ਗੁ. ਨਾਢਾ ਸਾਹਿਬ, ਗੁ. ਸ੍ਰੀ ਕ੍ਰਿਪਾਲ ਸ਼ਿਲਾ, ਗੁ. ਸ੍ਰੀ ਪਾਉਂਟਾ ਸਾਹਿਬ, ਗੁ. ਦਸਤਾਰ ਅਸਥਾਨ, ਗੁ. ਭੰਗਾਣੀ ਸਾਹਿਬ, ਗੁ. ਤੀਰਗੜ੍ਹੀ ਸਾਹਿਬ, ਗੁ. ਨਾਨਕਮਤਾ ਸਾਹਿਬ, ਗੁ. ਬਾਬਾ ਅਲਮਸਤ ਸਾਹਿਬ, ਗੁ. ਭੰਡਾਰਾ ਸਾਹਿਬ, ਗੁ. ਦੁੱਧ ਵਾਲਾ ਖ਼ੂਹ, ਬਾਉਲੀ ਸਾਹਿਬ, ਗੁ. ਭਗਤ ਕਬੀਰ ਜੀ ਮਗਹਰ,ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ, ਗੁ. ਗਊ ਘਾਟ, ਗੁ. ਤਾਕੀ ਸਾਹਿਬ, ਗੁ. ਗੁਰੂ ਕਾ ਬਾਗ ਪਟਨਾ ਸਾਹਿਬ, ਗੁ. ਕੰਗਣ ਘਾਟ, ਮਾਤਾ ਗੁਜਰੀ ਜੀ ਦਾ ਖ਼ੂਹ, ਗੁ. ਬਾਲ ਲੀਲ੍ਹਾ, ਗੁ. ਹਾਂਡੀ ਸਾਹਿਬ, ਗੁ. ਸ਼ੀਤਲ ਕੁੰਡ ਰਾਜਗੀਰ, ਗੁ. ਗਵਾਰੀ ਘਾਟ ਸਾਹਿਬ ਜੱਬਲਪੁਰ, ਤਖ਼ਤ ਸੱਚਖੰਡ ਸ੍ਰੀ ਹਜ਼ੂਰ ਸਾਹਿਬ, ਗੁ. ਰਤਨਗੜ੍ਹ ਸਾਹਿਬ, ਗੁ. ਨਾਨਕਸਰ, ਗੁ. ਸੰਗਤ ਸਾਹਿਬ, ਗੁ. ਮਾਤਾ ਸਾਹਿਬ ਦੇਵਾਂ ਜੀ, ਗੁ. ਅੰਗੀਠਾ ਸਾਹਿਬ ਸੰਤ ਬਾਬਾ ਨਿਧਾਨ ਸਿੰਘ ਜੀ-ਸੰਤ ਬਾਬਾ ਹਰਨਾਮ ਸਿੰਘ ਜੀ, ਗੁ. ਭਜਨਗੜ੍ਹ ਸਾਹਿਬ, ਗੁ. ਨਾਨਕ ਝੀਰਾ ਸਾਹਿਬ, ਗੁ. ਹੀਰਾ ਘਾਟ, ਗੁ. ਮਾਲਟੇਕੜੀ ਸਾਹਿਬ, ਗੁ. ਨਗੀਨਾ ਘਾਟ, ਗੁ. ਬੰਦਾ ਘਾਟ, ਦੇਹੁਰਾ ਭਗਤ ਨਾਮਦੇਵ ਜੀ, ਗੁ. ਬੜੀ ਸੰਗਤ ਸਾਹਿਬ ਬੁਰਹਾਨਪੁਰ, ਗੁ. ਦੱਖਣੀ ਓਅੰਕਾਰ ਸਾਹਿਬ, ਗੁ. ਸਾਹਿਬ ਬੇਟਮਾ ਇੰਦੌਰ, ਗੁ. ਦਾਤਾ ਬੰਦੀ ਛੋੜ ਗਵਾਲੀਅਰ, ਗੁ. ਦੂਖ ਨਿਵਾਰਨ ਸਾਹਿਬ ਆਗਰਾ, ਤਖ਼ਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ, ਭਾਈ ਡੱਲੇ ਦੀ ਹਵੇਲੀ, ਭੋਰਾ ਬਾਬਾ ਦੀਪ ਸਿੰਘ ਜੀ, ਗੁ. ਬਾਬਾ ਬੀਰ ਸਿੰਘ ਧੀਰ ਸਿੰਘ, ਗੁ. ਦਮਦਮਾ ਸਾਹਿਬ, ਗੁਰਦੁਆਰਾ ਬੁੰਗਾ ਮਸਤੂਆਣਾ, ਗੁਰੂਸਰ ਮਹਿਰਾਜ, ਗੁ. ਜ਼ਫ਼ਰਨਾਮਾ ਸਾਹਿਬ, ਗੁਰਦੁਆਰਾ ਟੁੱਟੀ ਗੰਢੀ ਸਾਹਿਬ, ਗੁ. ਤੰਬੂ ਸਾਹਿਬ ਸ੍ਰੀ ਮੁਕਤਸਰ ਸਾਹਿਬ, ਸ੍ਰੀ ਤਰਨਤਾਰਨ ਸਾਹਿਬ, ਛੇਹਰਟਾ ਸਾਹਿਬ, ਸ੍ਰੀ ਅਕਾਲ ਤਖ਼ਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਤੋਂ ਜਲੰਧਰ ਵਾਪਸੀ ਹੋਵੇਗੀ ।

**ਯਾਤਰੂ ਟਰੈਵਲ ਇੰਸ਼ੋਰੈਂਸ ਖੁਦ ਜ਼ਰੂਰ ਕਰਵਾਉਣ। ਤੁਸੀਂ ਆਪਣੇ ਨਾਂਅ ਇੰਗਲੈਂਡ ਦੇ ਵੱਖ-ਵੱਖ ਸ਼ਹਿਰਾਂ ਵਿਚ ਵੀ ਸਾਡੇ ਸੇਵਾਦਾਰਾਂ ਨੂੰ ਦੇ ਸਕਦੇ ਹੋ। ਵਧੀਆ ਰਿਹਾਇਸ਼ ਅਤੇ ਮੁੱਢਲੀ ਡਾਕਟਰੀ ਸਹਾਇਤਾ ਦਾ ਖਾਸ ਪ੍ਰਬੰਧ ਕੀਤਾ ਜਾਂਦਾ ਹੈ।**

## ਗੁਰੂ ਪੰਥ ਦੇ ਦਾਸ: ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ

| | | | |
|---|---|---|---|
| ਭਾਈ ਰਘਵੀਰ ਸਿੰਘ ਮਾਲੜੀ ਨੋਟਿੰਘਮ | +44 7813953484 | ਭਾਈ ਅਮਰੀਕ ਸਿੰਘ ਤੂਰ ਡਰਬੀ | +44 7539243163 |
| ਭਾਈ ਰਘਵੀਰ ਸਿੰਘ ਵਾਲਸਾਲ | +44 7976210161 | ਬੀਬੀ ਜਸਵਿੰਦਰ ਕੌਰ ਥਾਂਦੀ ਕਵੈਂਟਰੀ | +44 7895666314 |
| ਭਾਈ ਬਲਜੀਤ ਸਿੰਘ ਕੰਗ | +44 7780605230 | ਭਾਈ ਕਪਤਾਨ ਸਿੰਘ ਵੁਲਵਰਹੈਂਪਟਨ | +44 7788283485 |


ਨੋਟ: ਕਿਸੇ ਜਥੇਬੰਦੀ ਜਾਂ ਨਿੱਜੀ ਲਾਭ ਦੀ ਬਜਾਏ ਇਸ ਯਾਤਰਾ ਕਮੇਟੀ ਦਾ ਗਠਨ ਸੰਗਤਾਂ ਦੀ ਸੇਵਾ ਲਈ ਕੀਤਾ ਗਿਆ ਹੈ, ਇਕੱਤਰ ਮਾਇਆ ਗੁਰਦੁਆਰਾ ਸਾਹਿਬਾਨ ਦੀ ਸੇਵਾ ਵਿੱਚ ਹੀ ਲਾਈ ਜਾਂਦੀ ਹੈ।

Nankana Sahib Yatra Committee U.K, 21 Hazel Ave, Littleover, Derby De23 7HA
www.nsycuk.com, E-Mail: nsycuk1469@gmail.com

ਪਿਛਲੇ ਸਾਲਾਂ ਦੀਆਂ ਯਾਤਰਾ ਤਸਵੀਰਾਂ ਦੇਖਣ ਲਈ ਸਾਡੇ ਫੇਸਬੁੱਕ ਪੇਜ Nankana Sahib Yatra Commitee UK ਅਤੇ ਵੈੱਬਸਾਈਟ ਤੇ ਜ਼ਰੂਰ ਜਾਉ ਜੀ

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

ਜਥਾ ਭਿੰਡਰਾਂ (ਮਹਿਤਾ) ਦਮਦਮੀ ਟਕਸਾਲ
ਨਾਮ ਜਪੋ ਕਿਰਤ ਕਰੋ ਵੰਡ ਛਕੋ
Naam Japo Kirat Karo Vand Shako
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243




ਭਾਈ ਰਘਬੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST LUNCH DINNER
OUR SPECIALIZATION : Au Important Ingredients used to Prepare Dishes are Grown in our own farmes.
Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad
V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

## ਪੰਜਾਬੀ ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

Love Maa Boli Punjabi

www.damdamitaksal.net

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net
Learn Speak Read Write PUNJABI


ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ–ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote





KHALSA FORGE

Explore a stunning collection of high-quality Damascus and Sarbloh Kirpans, meticulously crafted for excellence.
www.khalsaforge.com

# ਖਾਲਸਾ ਫੋਰਜ

☛ ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।

☛ ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।






**www.khalsaforge.com**

# HAYES PLANT HIRE

WE TRAIN YOU GAIN

NPORS ACCREDITED


Telescopic Handler


Excavator 360


Road Roller


Forward Tipping Dumper


Tractor


Dozer

Plant Training and Testing on All CATEGORIES OF **MACHINERY.**


Dump Truck

# HAYES PLANT HIRE

ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ

NROPS Accredited

## ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।

## CONTACT- 07831543004


Hollis Farm, Clay Cross Chesterfield. S45 9BA

01246864370

ਆਵਾਜ਼ਿ ਕੌਮ AWAZE QAUM International Newspaper & WEB TV

CALL US TO BOOK YOUR CSCS LEVEL ONE COURSE.

**07715 1-28621**


ITHIHAAS
KATHA
GIANI BALVINDER SINGH 'RODE'
HEAD GRANTHI
GURDWARA SANT KHALSA JANAM ASTHAN
SANT JARNAIL SINGH KHALSA BHINDRANWALE
7-8PM
MON 9TH - THURSDAY 12TH
SEPTEMBER
10:30AM - 11:15AM
SUNDAY 15TH SEPTEMBER
ਆਵਾਜ਼ਿ ਕੌਮ
AWAZE QAUM
International Newspaper & WEB TV
SRI GURU SINGH SABHA, SHEEHY WAY, SLOUGH, SL2 5SS

ੴ

ਸਤਿਗੁਰ ਪ੍ਰਸਾਦਿ। ।
ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ॥
ਸਚੀ ਦਰਗਹ ਜਾਇ ਸਚਾ ਪਿੜ ਮਲਿਆ॥



## ਬਾਬਾ ਜੰਗ ਸਿੰਘ (ਪ੍ਰਧਾਨ ਬੰਦੀ ਸਿੰਘ ਰਿਹਾਈ ਮੋਰਚਾ)

ਪੁੱਤਰ ਸਰਦਾਰ ਜਸਪਾਲ ਸਿੰਘ ਜੋ ਕਿ ਪਿਛਲੀ ਦਿਨੀ ਮਿਤੀ 04/09/2024 ਨੂੰ ਗੁਰੂ ਚਰਨਾਂ ਵਿੱਚ ਜਾ ਵਿਰਾਜੇ ਹਨ।

# ਅੰਤਿਮ ਅਰਦਾਸ

14/09/2024 ਨੂੰ ਸਮਾਂ 12 ਤੋਂ 01 ਗੁਰੂਦੁਆਰਾ ਸ਼੍ਰੀ ਫਤਿਹਗੜ ਸਾਹਿਬ ਦਿਵਾਨ ਟੋਡਰ ਮੱਲ ਹਾਲ ਵਿੱਚ ਕੀਤਾ ਜਾਣਾ ਹੈ। ਆਪ ਸਭ ਨੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ।

# ਗੁਰੂ ਦੇ ਭਾਣੇ

************* *************

(ਪਤਨੀ) ਬੀਬੀ ਸੁੱਖਵਿੰਦਰ ਕੌਰ * (ਬੇਟਾ) ਅਰਸ਼ਵੀਰ ਸਿੰਘ

(ਭਣੋਈਆ) ਲਖਵਿੰਦਰ ਸਿੰਘ ਬੁੜੈਲ ਜੇਲ * (ਬੇਟੀ) ਹਰਸਿਮਰਨ ਕੌਰ

ਆਵਾਜ਼ਿ ਕੌਮ AWAZE QAUM International Newspaper & WEB TV

## ਬੰਦੀ ਸਿੰਘ ਰਿਹਾਈ ਮੋਰਚਾ

ਲਖਵਿੰਦਰ ਸਿੰਘ ਬੁੜੈਲ ਜੇਲ
M.9855767502
Harry: M.8437430807

# ਸਿੱਖ ਫੈਡਰੇਸ਼ਨ ਯੂ.ਕੇ. ਦੀ 40ਵੀਂ ਸਾਲਾਨਾ ਅੰਤਰਰਾਸ਼ਟਰੀ ਸਿੱਖ ਕਨਵੈਨਸ਼ਨ 15 ਸਤੰਬਰ 2024 ਨੂੰ



ਸੰਤ ਜਰਨੈਲ ਸਿੰਘ ਭਿੰਡਰਾਂਵਾਲੇ

## ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜ਼ਲੀ ਸਟਰੀਟ, ਵੁਲਵਰਹੈਂਪਟਨ ਯੂ.ਕੇ. ਵਿਖੇ ਪਹੁੰਚਣ ਦਾ ਖੁੱਲ੍ਹਾ ਸੱਦਾ

ਗੁਰੂ ਪਿਆਰੀ ਸਾਧ ਸੰਗਤ ਜੀਓ

ਵਾਹਿਗੁਰੂ ਜੀ ਕਾ ਖਾਲਸਾ ॥ ਵਾਹਿਗੁਰੂ ਜੀ ਕੀ ਫਤਹਿ ॥

15 ਸਤੰਬਰ 2024 ਦਿਨ ਐਤਵਾਰ ਸਵੇਰੇ 10.00 ਵਜੇ ਤੋਂ ਗੁਰੂ ਨਾਨਕ ਸਿੱਖ ਗੁਰਦੁਆਰਾ ਸੈਜ਼ਲੀ ਸਟਰੀਟ, ਵੁਲਵਰਹੈਂਪਟਨ ਯੂ.ਕੇ. ਵਿਖੇ ਸਿੱਖ ਫੈਡਰੇਸ਼ਨ ਯੂ.ਕੇ. ਵਲੋਂ 40ਵੀਂ ਸਾਲਾਨਾ ਕਨਵੈਨਸ਼ਨ ਕਰਵਾਈ ਜਾ ਰਹੀ ਹੈ। ਸਿੱਖ ਫੈਡਰੇਸ਼ਨ (ਯੂ.ਕੇ.) ਦੀ ਰਾਜਸੀ ਅਗਵਾਈ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ ਇਸ ਦੇ ਜਥੇਬੰਦਕ ਢਾਂਚੇ ਵਿਚ ਕੀਤੀ ਜਾ ਰਹੀ ਤਬਦੀਲੀ ਦਾ ਐਲਾਨ ਕੀਤਾ ਜਾਵੇਗਾ। ਜਿਸ ਵਿਚ ਪੰਚ ਪ੍ਰਧਾਨੀ ਪ੍ਰਣਾਲੀ, ਰਾਸ਼ਟਰੀ ਕਾਰਜਕਾਰੀ ਟੀਮ, ਬਰਤਾਨਵੀ ਨੌਜਵਾਨਾਂ ਦੀ ਯੋਗ ਅਗਵਾਈ ਅਤੇ ਬੀਬੀਆਂ ਦੇ ਕੰਮਕਾਜੀ ਵਿੰਗ ਦਾ ਐਲਾਨ ਕੀਤਾ ਜਾਵੇਗਾ। ਇਸ ਤੋਂ ਇਲਾਵਾ ਸਿੱਖ ਆਗੂ ਹਰਦੀਪ ਸਿੰਘ ਨਿੱਝਰ ਦੇ ਕਤਲ, ਸਿੱਖ ਕਾਰਕੁੰਨਾਂ ਨੂੰ ਨਿਸ਼ਾਨਾ ਬਣਾਏ ਜਾਣ ਦੇ ਮਾਮਲਿਆਂ ਤੋਂ ਇਲਾਵਾ ਸਿੱਖ ਹੋਮਲੈਂਡ ਦੀ ਪੁਨਰ ਸਥਾਪਨਾ ਸੰਬੰਧੀ ਵਿਚਾਰ ਪੇਸ਼ ਕੀਤੇ ਜਾਣਗੇ। ਸਿੱਖ ਚੋਣ ਮਨੋਰਥ ਪੱਤਰ ਵਿਚ ਦਰਜ ਮੰਗਾਂ ਅਤੇ ਲੇਬਰ ਸਰਕਾਰ ਦੇ ਵਾਅਦਿਆਂ 'ਤੇ ਚਰਚਾ ਕੀਤੀ ਜਾਵੇਗੀ। ਆਜ਼ਾਦੀ ਪਸੰਦ ਅਤੇ ਸੰਘਰਸ਼ੀ ਬੁਲਾਰੇ ਵਿਸ਼ਵ ਭਰ ਤੋਂ ਪਹੁੰਚ ਰਹੇ ਹਨ।

Guru Nanak Sikh Gurdwara, Sedgley Street Wolverhampton, Ph : 01902 459413

**ਵਧੇਰੇ ਜਾਣਕਾਰੀ ਲਈ :**

ਭਾਈ ਅਮਰੀਕ ਸਿੰਘ ਗਿੱਲ ਚੇਅਰਮੈਨ 07860633488
ਭਾਈ ਕੁਲਦੀਪ ਸਿੰਘ ਸੀਨੀਅਰ ਵਾਈਸ ਚੇਅਰਮੈਨ 07938633554
ਭਾਈ ਨਰਿੰਦਰਜੀਤ ਸਿੰਘ ਥਾਂਦੀ ਜਨਰਲ ਸੈਕਟਰੀ 01474 536393
ਭਾਈ ਦਬਿੰਦਰਜੀਤ ਸਿੰਘ ਮੁੱਖ ਸਲਾਹਕਾਰ 07485039944
ਹਰਦੀਸ਼ ਸਿੰਘ ਮੁੱਖ ਪ੍ਰਬੰਧਕ 07886781724



ਸ਼ਹੀਦ ਭਾਈ ਅਮਰੀਕ ਸਿੰਘ

**ਜਾਰੀ ਕਰਤਾ : ਸਿੱਖ ਫੈਡਰੇਸ਼ਨ ਯੂ.ਕੇ.**

www.sikhfeduk.com
Email : info@sikhfeduk.com
Facebook/Sikh Federation UK
twitter@sikhfeduk



ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਮੈਂਬਰ ਬਣਨ ਤੇ

ਸ. ਸਵਰਨ ਸਿੰਘ ਬੁੰਗਾ ਟਿੱਬੀ ਪੰਚਕੂਲਾ ਵੱਲੋਂ

# ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਮਹਾਰਾਜ ਜੀ ਦਾ

# ਸ਼ੁਕਰਾਨਾ ਸਮਾਗਮ

ਸਥਾਨ– ਗੁਰਦੁਆਰਾ ਸਿੰਘ ਸਭਾ ਸਾਹਿਬ
ਪਿੰਡ ਬੁੰਗਾ, ਪੰਚਕੂਲਾ ਹਰਿਆਣਾ

ਮਿਤੀ 12 ਸਤੰਬਰ 2024 ਦਿਨ ਵੀਰਵਾਰ
ਭੋਗ ਸ੍ਰੀ ਅਖੰਡ ਪਾਠ ਸਾਹਿਬ ਸਵੇਰੇ 9 ਵਜੇ



ਭਾਈ ਜਗਜੀਤ ਸਿੰਘ ਜੀ



ਸ. ਸਵਰਨ ਸਿੰਘ ਬੁੰਗਾ ਟਿੱਬੀ



ਭਾਈ ਗੁਰਸੇਵਕ ਸਿੰਘ ਰੰਗੀਲਾ

ਉਪਰੰਤ 10 ਵਜੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਚੇਅਰਮੈਨ ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਾਰਮਿਕ ਦੀਵਾਨ ਸਜਾਉਣਗੇ।



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ,
ਹਰਿਆਣਾ ਸਿੱਖ ਗੁ. ਪ੍ਰ. ਕਮੇਟੀ

ਇਸ ਸਮੇਂ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਹੋਰ ਅਹੁਦੇਦਾਰ ਅਤੇ ਮੈਂਬਰ ਸਾਹਿਬਾਨ ਵੀ ਸੰਗਤਾਂ ਦੇ ਦਰਸ਼ਨ ਦੀਦਾਰੇ ਕਰਨਗੇ।

ਆਪ ਸਰਬੱਤ ਸੰਗਤਾਂ ਨੇ ਸਮੇਂ ਸਿਰ ਦਰਸ਼ਨ ਦੇਣ ਦੀ ਕਿਰਪਾਲਤਾ ਕਰਨੀ ਜੀ।



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ,
ਹਰਿਆਣਾ ਸਿੱਖ ਗੁ. ਪ੍ਰ. ਕਮੇਟੀ

ਬੇਨਤੀ ਕਰਤਾ– ਸ. ਸਵਰਨ ਸਿੰਘ ਬੁੰਗਾ ਟਿੱਬੀ, ਮੈਂਬਰ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ। ਸੰਪਰਕ– 6280350767


1984
2024
ਸਲਾਨਾ ਨੈਸ਼ਨਲ ਸਿੱਖ ਕਨਵੈਨਸ਼ਨ
ਸਿੱਖ ਫੈਡਰੇਸ਼ਨ (ਯੂਕੇ) SIKH FEDERATION (UK)
Sikh Federation UK
NATIONAL SIKH CONVENTION
Highlighting the issues facing the Sikh Community & leading the campaign for re-establishing a Sikh homeland
SUNDAY 15 SEPTEMBER 2024
ਸਿੱਖ ਫੈਡਰੇਸ਼ਨ (ਯੂਕੇ) ਦੀ 40ਵੀਂ ਸਲਾਨਾ ਕਨਵੈਨਸ਼ਨ 15 ਸਤੰਬਰ ਦਿਨ ਐਤਵਾਰ ਨੂੰ ਗੁਰੂ ਨਾਨਕ ਗੁਰਦੁਆਰਾ, ਸੈਜਲੀ ਸਟਰੀਟ, ਵੁਲਵਰਹੈਂਪਟਨ ਵਿਖੇ ਹੋ ਰਹੀ ਹੈ।
ਪ੍ਰੋਗਰਾਮ: ਆਰੰਭ ਸ੍ਰੀ ਅਖੰਡ ਪਾਠ ਸਾਹਿਬ 13 ਸਤੰਬਰ 10 ਵਜੇ ਅਤੇ ਭੋਗ 15 ਸਤੰਬਰ ਦਿਨ ਐਤਵਾਰ ਨੂੰ ਸਵੇਰੇ 10 ਵਜੇ ਉਪਰੰਤ ਵੱਖ ਵੱਖ ਦੇਸ਼ਾਂ ਤੋਂ ਆਏ ਪੰਥਕ, ਰਾਜਨੀਤਕ ਅਤੇ ਧਾਰਮਿਕ ਬੁਲਾਰਿਆਂ ਦੇ ਨਾਲ ਪੰਥ ਦੇ ਮਹਾਨ ਕੀਰਤਨੀ, ਢਾਡੀ ਅਤੇ ਕਵੀਸ਼ਰੀ ਜਥੇ ਪਹੁੰਚ ਰਹੇ ਹਨ ।
ਸਮੂੰਹ ਸੰਗਤਾਂ ਨੂੰ ਸਨਿਮਰ ਬੇਨਤੀ ਹੈ ਕਿ 15 ਸਤੰਬਰ ਦਿਨ ਐਤਵਾਰ 10 ਵਜੇ ਕਨਵੈਨਸ਼ਨ ਵਿਚ ਪਹੁੰਚ ਕੇ ਪੰਥਕ ਵਿਚਾਰਾਂ ਸਰਵਣ ਕਰੋ ਜੀ ।
Sri Akhand Paath Sahib Arambh: Fri 13th at 10am
Bhog: Sun 15th at 10am
• Open invitation to all Panthic Organisations and Gurdwaras
• Special guest Panthic & Political speakers from the UK and Internationally
• Release of the 2023-24 SFUK Annual Report
40 YEARS
GURU NANAK GURDWARA
SEDGLEY ST, WOLVERHAMPTON
WV2-3AJ
ਖਾਲਿਸਤਾਨ
KHALISTAN
FOR FURTHER INFORMATION CONTACT:
Bhai Amrik Singh
Chairperson
07860 633 488
Bhai Kuldeep Singh
Vice Chairperson
07938 633 554
Contact your local Gurdwara regarding transport arrangements
Bhai Hardish Singh
Chief Organiser
07886 781724
Bhai Dabinderjit Singh
Principle Advisor
07485 039944
info@sikhfeduk.com www.sikhfeduk.com Sikh Federation UK @Sikhfeduk @SikhFed_UK



# ਬਾਬਾ ਜੰਗ ਸਿੰਘ ਜੀ ਮੁਸਤਫ਼ਾਬਾਦ ਵਾਲੇ

ਬੰਦੀ ਸਿੰਘ ਰਿਹਾਈ ਮੋਰਚੇ ਦੇ ਮੁੱਖੀ **ਬਾਬਾ ਜੰਗ ਸਿੰਘ ਜੀ ਮੁਸਤਫ਼ਾਬਾਦ ਵਾਲਿਆਂ** ਦਾ ਦਸਿਹਰਾ ਸਮਾਗਮ **ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖੇ 14 ਸਤੰਬਰ** ਨੂੰ ਹੋਵੇਗਾ

ਸਮੂਹ ਸਿੱਖ ਸੰਸਥਾਵਾਂ ਜਥੇਬੰਦੀਆਂ ਅਤੇ ਪੰਥਿਕ ਸ਼ਖਸੀਅਤਾ ਨੂੰ ਹਾਜ਼ਰੀ ਭਰਨ ਦੀ ਹੱਥ ਜੋੜ ਬੇਨਤੀ ਕਰਦੇ ਹਾਂ।

## --: ਜਾਰੀ ਕਰਤਾ :---

**ਭਾਈ ਸੁਰਿੰਦਰ ਸਿੰਘ ਠੀਕਰੀਵਾਲ**
**ਭਾਈ ਰਮਨਦੀਪ ਸਿੰਘ ਬੱਗਾ (ਤਿਹਾੜ ਜੇਲ੍ਹ )**
**ਭਾਈ ਹਰਦੀਪ ਸਿੰਘ ਸ਼ੇਰਾ (ਤਿਹਾੜ ਜੇਲ੍ਹ )**
**ਭਾਈ ਇਕਬਾਲਪ੍ਰੀਤ ਸਿੰਘ ਭੁੱਚੀ**



# ਬਾਬਾ ਜੰਗ ਸਿੰਘ ਜੀ ਮੁਸਤਫ਼ਾਬਾਦ ਵਾਲੇ

ਬੰਦੀ ਸਿੰਘ ਰਿਹਾਈ ਮੋਰਚੇ ਦੇ ਮੁੱਖੀ **ਬਾਬਾ ਜੰਗ ਸਿੰਘ ਜੀ ਮੁਸਤਫ਼ਾਬਾਦ ਵਾਲਿਆਂ** ਦਾ ਦਸਿਹਰਾ ਸਮਾਗਮ **ਗੁਰਦੁਆਰਾ ਸ੍ਰੀ ਫ਼ਤਹਿਗੜ੍ਹ ਸਾਹਿਬ ਵਿਖ਼ੇ 14 ਸਤੰਬਰ** ਨੂੰ ਹੋਵੇਗਾ

ਸਮੂਹ ਸਿੱਖ ਸੰਸਥਾਵਾਂ ਜਥੇਬੰਦੀਆਂ ਅਤੇ ਪੰਥਿਕ ਸ਼ਖਸੀਅਤਾ ਨੂੰ ਹਾਜ਼ਰੀ ਭਰਨ ਦੀ ਹੱਥ ਜੋੜ ਬੇਨਤੀ ਕਰਦੇ ਹਾਂ।

## --: ਜਾਰੀ ਕਰਤਾ :---

**ਭਾਈ ਲਖਵਿੰਦਰ ਸਿੰਘ ਲੱਖਾ**
**ਭਾਈ ਸੁਰਿੰਦਰ ਸਿੰਘ ਠੀਕਰੀਵਾਲ**
**ਭਾਈ ਜੈਮਲ ਸਿੰਘ ਦਮਦਮੀ ਟਕਸਾਲ**




ਆਵਾਜ਼ਿ ਕੌਮ AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243


ਪ੍ਰਣਾਮ ਸ਼ਹੀਦਾਂ ਨੂੰ
ਧਰਮ ਯੁੱਧ ਮੋਰਚੇ ਦੌਰਾਨ ਸ਼੍ਰੀ ਤਰਨਤਾਰਨ ਸਾਹਿਬ ਵਿਖੇ ਰੇਲਵੇ ਫਾਟਕ ਉਪਰ ਸ਼ਹੀਦ ਹੋਏ 34 ਸਿੰਘ ਸ਼ਹੀਦਾਂ ਦੀ ਯਾਦ
ਅਤੇ ਬਾਬਾ ਸਵਰਨ ਸਿੰਘ ਜੀ ਕਾਰ ਸੇਵਾ ਵਾਲਿਆਂ ਦੀ ਯਾਦ ਨੂੰ ਸਮਰਪਿਤ
ਸ਼ਹੀਦੀ ਜੋੜ ਮੇਲਾ
ਮਿਤੀ 13 ਸਤੰਬਰ 2024 ਸਮਾਂ: ਸਵੇਰੇ 10 ਵਜੇ ਤੋਂ ਦੁਪਹਿਰ 3 ਵਜੇ ਤੱਕ
ਗੁਰਦੁਆਰਾ 34 ਸਿੰਘ ਸ਼ਹੀਦਾਂ ਸ਼ਾਹਪੁਰ ਬੇਲਾ ਸਰਾਏ ਪੱਤਣ (ਨੂਰਪੁਰ ਬੇਦੀ ਰੋਪੜ) ਵਿਖੇ
ਸ਼੍ਰੀ ਅਖੰਡ ਪਾਠ ਸਾਹਿਬ ਦੇ ਭੋਗ ਸਵੇਰੇ 10:00 ਪਾਏ ਜਾਣਗੇ,
ਭੋਗ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ
ਗੁਰਦੁਆਰਾ 34 ਸਿੰਘ ਸ਼ਹੀਦਾਂ ਸਾਹਿਬ ਸ਼ਾਹਪੁਰ ਬੇਲਾ
ਸ਼ਹੀਦਾਂ ਦੀ ਯਾਦ ਵਿੱਚ ਹੇਠ ਲਿਖੇ ਪਿੰਡਾਂ ਵਿੱਚ 7 ਤੋਂ 9 ਵਜੇ ਤੱਕ ਧਾਰਮਿਕ ਦੀਵਾਨ ਸਜਾਏ ਜਾਣਗੇ ਜੀ
ਅਜ਼ਾਦ ਟੈਕਸੀ ਯੂਨੀਅਨ ਰੂਪਨਗਰ (ਪੰਜਾਬ) ਅਤੇ ਭਾਰਤੀ ਕਿਸਾਨ ਯੂਨੀਅਨ ਦੋਆਬਾ ਰੂਪਨਗਰ ਵਲੋਂ
ਖੂਨਦਾਨ ਕੈਂਪ
ਭਾਈ ਲਖਵਿੰਦਰ ਸਿੰਘ ਪਾਰਸ HSGMC
ਸਮੱਗਮ ਵਿੱਚ ਸੰਤ ਮਹਾਂਪੁਰਸ਼ ਰਾਗੀ ਢਾਡੀ, ਕਥਾਵਾਚਕ ਪ੍ਰਚਾਰਕ ਸਿੱਖ ਸੰਗਤਾਂ ਨੂੰ ਗੁਰੂ ਜੱਸ ਸੁਣਾਕੇ ਨਿਹਾਲ ਕਰਣਗੇ
ਸਰਬੱਤ ਸੰਗਤਾਂ ਸਮੇਂ ਸਿਰ ਹਾਜਰੀ ਭਰਕੇ ਜਨਮ ਸਫਲਾ ਕਰੋ ਜੀ
ਪੰਥ ਪ੍ਰਸਿੱਧ ਸਿੱਖ ਪ੍ਰਚਾਰਕ
ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ HSGMC
ਬੇਨਤੀ ਕਰਤਾ:- ਬਾਬਾ ਸਤਨਾਮ ਸਿੰਘ ਜੀ, ਸਮੂਹ ਸਾਧ ਸੰਗਤ ਨਗਰ ਅਤੇ ਇਲਾਕਾ ਨਿਵਾਸੀ ਸ਼ਾਹਪੁਰ ਬੇਲਾ 93560-60960, 98784-49711


ਗੁਰਮਤਿ ਕਥਾ ਸਮਾਗਮ 2024
Gurdwara Guru Nanak Parkash
COVENTRY
ENGLAND
9 ਸਤੰਬਰ ਤੋਂ 15 ਸਤੰਬਰ
DAILY
7.30 AM TO 8.00 AM
6.30 PM TO 7.15 PM
SUNDAY : 11.30 AM-12.30 PM
+91 9478897960
Giani Rajpal Singh Ji Boparai
Student of Damdami Taksal
Kathavachak Gurdwara Shaheeda Talhan

ਕਨੇਡਾ ਦੀਆਂ ਸੰਗਤਾਂ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੂੰ ਅਪੀਲ

# ਬਾਦਲ ਪਰਿਵਾਰ ਤੋਂ ਫ਼ਖ਼ਰ - ਏ - ਕੌਮ ਅਵਾਰਡ ਵਾਪਿਸ ਲਿਆ ਜਾਵੇ :ਜਥੇਦਾਰ ਹਰਚੰਦ ਸਿੰਘ ਚਕਰ



ਐਡਮਿੰਟਨ /ਕਨੇਡਾ (ਜਗਮੀਤ ਸਿੰਘ ਬਾਠ) ਇੰਟਰਨੈਸ਼ਨਲ ਪੰਥਕ ਦਲ ਦੇ ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚਕਰ ਜੋ ਇਸ ਸਮੇਂ ਕਨੇਡਾ ਫੇਰੀ ਤੇ ਹਨ ਉਹਨਾਂ ਨੇ ਇੱਕ ਵਿਸ਼ੇਸ਼ ਗੱਲਬਾਤ ਦੌਰਾਨ ਕਿਹਾ ਕਿ ਕਨੇਡਾ ਰਹਿਦੀਆਂ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਬਹੁਤ ਭਾਰੀ ਰੋਸ ਪਾਇਆ ਜਾ ਰਿਹਾ ਹੈ ਕਿ ਪ੍ਰਕਾਸ਼ ਸਿੰਘ

**ਬਾਦਲ ਪਰਿਵਾਰ ਤੋਂ ਫਖਰ - ਏ - ਕੌਮ ਅਵਾਰਡ ਵਾਪਿਸ ਲਿਆ ਜਾਵੇ :ਜਥੇਦਾਰ ਹਰਚੰਦ ਸਿੰਘ ਚਕਰ**

ਬਾਦਲ ਨੇ ਆਪਣੀ ਸਰਕਾਰ ਸਮੇਂ ਜੋ ਸਿੱਖ ਨੌਜਵਾਨਾਂ ਦੇ ਕਾਤਲ ਸੁਮੇਧ ਸੈਣੀ ਨੂੰ ਪੰਜਾਬ ਪੁਲਸ ਦਾ ਡੀ ਜੀ ਪੀ ਲਾਉਣਾ, ਝੂਠੇ ਸੌਦੇ ਵਾਲੇ ਰਾਮ ਰਹੀਮ ਨੂੰ ਬਿਨਾਂ ਮੰਗਿਆਂ ਸ੍ਰੀ ਅਕਾਲ ਤਖਤ ਸਾਹਿਬ ਤੋਂ ਮਾਫੀ ਦੇਣਾ ਅਤੇ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਕਾਰਜਕਾਰੀ ਜਥੇਦਾਰ ਸਿੰਘ ਸਾਹਿਬ ਭਾਈ ਗੁਰਦੇਵ ਸਿੰਘ ਕਾਉਂਕੇ ਦੇ ਕਾਤਲਾਂ ਨੂੰ ਬਚਾਉਣ ਲਈ ਤਿਵਾੜੀ ਰਿਪੋਰਟ ਨੂੰ ਦਬਾ ਕੇ ਰੱਖਣਾ ਪਿੰਡ ਜਵਾਹਰਕੇ ਵਿੱਚ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਮਾਮਲੇ ਵਿੱਚ ਦੋਸ਼ੀਆਂ ਨੂੰ ਗ੍ਰਿਫਤਾਰ ਨਾ ਕਰਨਾ ਅਤੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਹੋਈ ਬੇਅਦਬੀ ਸਬੰਧੀ ਕੋਟਕਪੂਰਾ ਵਿਖੇ ਸਤਨਾਮ ਵਾਹਿਗੁਰੂ ਦਾ ਜਾਪ ਕਰਦੀਆਂ ਸੰਗਤਾਂ ਤੇ ਲਾਠੀਚਾਰਜ ਅਤੇ ਗੋਲੀਆਂ ਚਲਾਉਣੀਆਂ ਪਿੰਡ ਬਹਿਬਲ ਕਲਾਂ ਦੇ ਦੋ ਨੌਜਵਾਨਾਂ ਨੂੰ ਸੰਗਤਾਂ ਦੀ ਸੇਵਾ ਕਰਦਿਆਂ ਦੀ ਗੋਲੀਆਂ ਮਾਰ ਕੇ ਹੱਤਿਆ ਕਰ ਦੇਣਾ

ਆਵਾਜ਼ਿ ਕੌਮ AWAZE QAUM International Newspaper & WEB TV

ਸਮੇਤ ਹੋਰ ਬਹੁਤ ਕੁਝ ਜੋ ਅੱਜ ਸਭ ਕੁਝ ਸੁਖਬੀਰ ਸਿੰਘ ਬਾਦਲ ਨੇ ਸ੍ਰੀ ਅਕਾਲ ਤਖਤ ਸਾਹਿਬ ਤੇ ਜਾ ਕੇ ਮੰਨਿਆ ਹੈ ਕਿ ਸਾਡੇ ਤੋਂ ਗਲਤੀਆਂ ਹੋਈਆਂ ਹਨ ਜਿਸ ਤੇ ਸਰੀ ਅਕਾਲ ਤਖਤ ਸਾਹਿਬ ਤੋਂ ਸੁਖਬੀਰ ਸਿੰਘ ਬਾਦਲ ਨੂੰ ਤਨਖਾਹੀਆ ਕਰਾਰ ਦਿੱਤਾ ਗਿਆ ਹੈ ਸੋ ਕਨੇਡਾ ਦੀਆਂ ਸੰਗਤਾਂ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਜੀ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸਿੱਖ ਕੌਮ ਨਾਲ ਸਮੇਂ ਸਮੇਂ ਤੇ ਵਿਸ਼ਵਾਸ਼ਘਾਤ ਕਰਨ ਵਾਲੇ ਬਾਦਲ ਪਰਿਵਾਰ ਤੋਂ ਫਖਰ - ਏ - ਕੌਮ ਅਵਾਰਡ ਵਾਪਿਸ ਲਿਆ ਜਾਵੇ।

ਘਰੇਲੂ ਬਗੀਚੀ ਲਈ ਜ਼ਿਲ੍ਹੇ ਵਿੱਚ ਸਰਦੀ ਰੁੱਤ ਦੀਆਂ 1200 ਸਬਜ਼ੀ ਕਿੱਟਾਂ ਵੰਡੀਆਂ ਜਾਣਗੀਆਂ - ਡਿਪਟੀ ਕਮਿਸ਼ਨਰ

# ਸਬਜੀ ਬੀਜ ਕਿੱਟ ਦਾ ਸਰਕਾਰੀ ਰੇਟ 80 ਰੁਪਏ ਪ੍ਰਤੀ ਕਿੱਟ ਨਿਰਧਾਰਤ



**ਫਿਰੋਜ਼ਪੁਰ, 11 ਸਤੰਬਰ (ਸੁਖਮੰਦਰ ਸਿੰਘ ਸ਼ਾਤ)-** ਪੰਜਾਬ ਸਰਕਾਰ ਦੇ ਸਿਹਤਮੰਦ ਪੰਜਾਬ ਬਣਾਉਣ ਦੇ ਉਦੇਸ਼ ਤਹਿਤ ਬਾਗਬਾਨੀ ਵਿਭਾਗ ਵੱਲੋਂ ਜ਼ਿਹਰ ਰਹਿਤ ਕਿਚਨ ਗਾਰਡਨਿੰਗ ਲਈ 1200 ਮਿੰਨੀ ਸਬਜ਼ੀ ਕਿੱਟਾਂ 80 ਰੁਪਏ ਪ੍ਰਤੀ ਕਿੱਟ ਦੇ ਹਿਸਾਬ ਨਾਲ ਜ਼ਿਲ੍ਹੇ ਅੰਦਰ

ਆਵਾਜ਼ਿ ਕੌਮ AWAZE QAUM International Newspaper & WEB TV

ਵੰਡੀਆਂ ਜਾਣਗੀਆਂ। ਇਨ੍ਹਾਂ ਸਬਦਾਂ ਦਾ ਪ੍ਰਗਟਾਵਾ ਡਿਪਟੀ ਕਮਿਸ਼ਨਰ ਸ੍ਰੀ. ਰਾਜੇਸ਼ ਧੀਮਾਨ ਨੇ ਸਰਦੀ ਰੁੱਤ ਦੀਆਂ ਸਬਜ਼ੀ ਕਿੱਟਾ ਰਲੀਜ਼ ਕਰਨ ਮੌਕੇ ਕੀਤਾ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਬਾਗਬਾਨੀ ਵਿਭਾਗ ਪੰਜਾਬ ਵੱਲੋਂ ਸਬਜ਼ੀਆਂ ਨੂੰ ਘਰੇਲੂ ਪੱਧਰ ਤੇ ਉਗਾਉਣ ਲਈ ਇਹ ਸਬਜ਼ੀ ਬੀਜਾਂ ਦੀਆਂ ਕਿੱਟਾਂ ਤਿਆਰ ਕੀਤੀਆਂ ਗਈਆਂ ਹਨ। ਉਨ੍ਹਾਂ ਨੇ ਕਿਹਾ ਕਿ ਸਬਜੀਆਂ ਦਾ ਸੰਤੁਲਿਤ ਖੁਰਾਕ ਵਿੱਚ ਖਾਸ ਮੱਹਤਵ ਹੈ। ਸਬਜ਼ੀਆਂ ਵਿੱਚ ਭਰਪੂਰ ਮਾਤਰਾ ਵਿੱਚ ਵਿਟਾਮਿਨ, ਖਣਿਜ, ਲੂਣ ਅਤੇ ਰੇਸ਼ੇ ਪਾਏ ਜਾਂਦੇ ਹਨ ਜੋ ਕਿ ਮਨੁੱਖੀ ਸ਼ਰੀਰ ਵਿੱਚ ਬਿਮਾਰੀਆਂ ਪ੍ਰਤੀ ਲੜਨ ਦੀ ਸ਼ਕਤੀ ਨੂੰ ਵਧਾਉਂਦੀਆਂ ਹਨ। ਉਨ੍ਹਾਂ ਕਿਹਾ ਕਿ ਆਪਣੇ ਪਰਿਵਾਰ ਦੀਆਂ ਲੋੜਾ ਨੂੰ ਪੂਰੀਆਂ ਕਰਨ ਲਈ ਸਬਜ਼ੀਆਂ ਨੂੰ ਘਰਾਂ ਵਿੱਚ ਪਈ ਖਾਲੀ ਥਾਂ ਜਾਂ ਖੇਤਾਂ ਵਿੱਚ ਉਗਾਇਆ ਜਾ ਸਕਦਾ ਹੈ। ਡਿਪਟੀ ਡਾਇਰੈਕਟਰ ਬਾਗਬਾਨੀ ਫਿਰੋਜ਼ਪੁਰ ਡਾ. ਬਲਕਾਰ ਸਿੰਘ ਨੇ ਕਿਹਾ ਕਿ ਨੈਸ਼ਨਲ ਇੰਸਟੀਚਿਊਟ ਆਫ ਨਿਊਟ੍ਰੀਸ਼ਨ ਹੈਦਰਾਬਾਦ ਦੇ ਸੰਤੁਲਿਤ ਖੁਰਾਕ ਮਾਪਦੰਡਾਂ ਅਨੁਸਾਰ ਹਰ ਵਿਅਕਤੀ ਨੂੰ ਪ੍ਰਤੀ ਦਿਨ 380 ਗ੍ਰਾਮ ਸਬਜ਼ੀਆਂ ਅਤੇ 100 ਗ੍ਰਾਮ ਫਲਾਂ ਦੀ ਵਰਤੋ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਇਸ ਇੱਕ ਸਬਜ਼ੀ ਬੀਜ਼ ਕਿੱਟ ਨਾਲ ਲਗਭਗ 6 ਮਰਲੇ ਵਿੱਚ ਬਿਜਾਈ ਕਰਕੇ ਸਬਜੀ ਦੀ ਪੈਦਾਵਾਰ ਕੀਤੀ ਜਾ ਸਕਦੀ ਹੈ। ਇਹ ਕਿੱਟਾਂ ਡਿਪਟੀ ਡਾਇਰੈਕਟਰ ਬਾਗਬਾਨੀ ਮੱਲਵਾਲ ਦੇ ਦਫ਼ਤਰ ਤੋਂ ਕਿਸੇ ਕੰਮ ਵਾਲੇ ਦਿਨ ਪ੍ਰਾਪਤ ਕੀਤੀਆਂ ਜਾ ਸਕਦੀਆਂ ਹਨ। ਇਸ ਮੌਕੇ ਬਾਗਬਾਨੀ ਵਿਕਾਸ ਅਫ਼ਸਰਾਨ ਡਾ. ਸਿਮਰਨ ਸਿੰਘ, ਡਾ. ਪਰਦੀਪ ਸਿੰਘ ਆਦਿ ਹਾਜਰ ਸਨ।

ਮੈਨੇਜਮੈਂਟ ਵਿਰੁੱਧ ਮੰਗਾਂ ਨੂੰ ਲੈ ਕੇ

# ਪਾਵਰਕੌਮ ਕਾਮਿਆਂ ਲਾਇਆ ਧਰਨਾ



**ਫ਼ਿਰੋਜ਼ਪੁਰ, 11 ਸਤੰਬਰ (ਮਨੋਹਰ ਲਾਲ) :—** ਪੀ.ਐਸ.ਈ.ਬੀ ਇੰਪਲਾਈਜ਼ ਜੁਆਇੰਟ ਫੋਰਮ, ਬਿਜਲੀ ਮੁਲਾਜ਼ਮ ਏਕਤਾ ਮੰਚ ਪੰਜਾਬ ਅਤੇ ਐਸੋਸੀਏਸ਼ਨ ਆਫ ਜੂਨੀਅਰ ਇੰਜੀਨੀਅਰ ਵੱਲੋਂ ਦਿੱਤੇ ਗਏ ਨੋਟਿਸ ਅਨੁਸਾਰ ਬਿਜਲੀ ਕਰਮਚਾਰੀਆਂ ਵੱਲੋਂ ਮਿਤੀ 10, 11 ਅਤੇ 12 ਸਤੰਬਰ ਤੱਕ ਆਪਣੀਆਂ ਹੱਕੀ ਮੰਗਾਂ ਨੂੰ ਲੈ ਕੇ ਸਮੂਹਿਕ ਛੁੱਟੀ ਤੇ ਜਾਣ ਉਪਰੰਤ ਸਰਕਾਰ ਵਿਰੁੱਧ ਸੰਘਰਸ਼ ਦਾ ਬੀੜਾ ਚੁੱਕਣਗੇ। ਇਸ ਸਬੰਧੀ ਅੱਜ ਦੇ ਧਰਨੇ ਦੀ ਅਗਵਾਈ ਕਰਦਿਆਂ ਰਾਜੇਸ਼. ਦੱਤਾ ਦੀ ਪ੍ਰਧਾਨਗੀ ਹੇਠ ਸਿਟੀ ਡਵੀਜਨ ਮੂਹਰੇ ਵੱਡੀ ਗਿਣਤੀ ਵਿਚ ਬਿਜਲੀ ਮੁਲਾਜ਼ਮਾਂ ਵੱਲੋਂ ਧਰਨਾ ਦਿੱਤਾ ਗਿਆ। ਅੱਜ ਦੇ ਇਸ ਧਰਨੇ ਨੂੰ ਸੰਬੋਧਨ ਕਰਦੇ ਹੋਏ ਆਗੂਆਂ ਸਰਕਲ ਪ੍ਰਧਾਨ ਜਗਤਾਰ ਸਿੰਘ, ਅਸ਼ਵਨੀ ਕੁਮਾਰ ਸਰਕਲ ਪ੍ਰਧਾਨ, ਰਜੇਸ਼ ਦੇਵਗਨ ਸਬ ਅਰਬਨ ਮੰਡਲ ਪ੍ਰਧਾਨ, ਸਤੀਸ਼ ਕੁਮਾਰ ਮੀਤ ਪ੍ਰਧਾਨ ਪੰਜਾਬ, ਰਕੇਸ਼ ਸੈਣੀ, ਕੁਲਵੰਤ ਸਿੰਘ, ਸੁਖਚੈਨ ਸਿੰਘ, ਰਵੀ ਸ਼ਰਮਾ ਬਜੀਦਪੁਰ, ਤਰਲੋਚਨ ਸਿੰਘ, ਅਮੋਲਕ ਸਿੰਘ, ਰਮਨਦੀਪ ਸਿੰਘ, ਅਵਤਾਰ ਸਿੰਘ, ਗੁਰਦੇਵ ਸਿੰਘ, ਰਾਮ ਸੁੱਖ, ਰਜਿੰਦਰ ਸ਼ਰਮਾ, ਨੰਦ ਲਾਲ, ਜਗਸੀਰ ਸਿੰਘ, ਰੇਸ਼ਮ ਸਿੰਘ ਆਦਿ ਸਾਥੀਆਂ ਨੇ ਸੰਬੋਧਨ ਕਰਦੇ ਹੋਏ ਕਿਹਾ ਕਿ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਸਬੰਧੀ ਪਾਵਰਕਾਮ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਨੂੰ ਮੰਗ ਪੱਤਰ ਦਿੱਤਾ ਹੋਇਆ ਹੈ, ਜ਼ੋ ਕਿ ਪਾਵਰਕਾਮ ਦੀ ਮੈਨੇਜਮੈਂਟ ਤੇ ਪੰਜਾਬ ਸਰਕਾਰ ਲਗਾਤਾਰ ਮੁਲਾਜ਼ਮ ਮੰਗਾਂ ਨੂੰ ਟਾਲ—ਮਟੋਲ ਕਰਦਾ ਆ ਰਹੀ ਹੈ, ਜਿਸ ਦਾ ਬਿਜਲੀ ਮੁਲਾਜ਼ਮਾਂ ਵਿਚ ਕਾਫੀ ਰੋਸ ਪਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਜੇਕਰ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਨੇ ਮੀਟਿੰਗ ਕਰਕੇ ਬਿਜਲੀ ਮੁਲਾਜ਼ਮਾਂ ਦੀਆਂ ਮੰਗਾਂ ਹੱਲ ਨਾ ਕੀਤੀਆਂ ਤਾਂ ਬਿਜਲੀ ਮੁਲਾਜ਼ਮ ਨੂੰ ਮਜ਼ਬੂਰਨ ਸੰਘਰਸ਼ ਹੋਰ ਤਿੱਖਾ ਕਰਨਾ ਪਵੇਗਾ, ਜਿਸ ਦੇ ਨਿਕਲਣ ਵਾਲੇ ਸਿੱਟਿਆਂ ਦੀ ਜਿੰਮੇਵਾਰੀ ਪੰਜਾਬ ਸਰਕਾਰ ਤੇ ਪਾਵਰਕਾਮ ਦੀ ਮੈਨੇਜਮੈਂਟ ਦੀ ਹੋਵੇਗੀ। ਅੱਜ ਦੇ ਇਸ ਧਰਨੇ ਦੀ ਸਟੇਜ਼ ਦੀ ਕਾਰਵਾਈ ਰਜੇਸ਼ ਦੇਵਗਨ ਵੱਲੋਂ ਕੀਤੀ ਗਈ।

ਆਵਾਜ਼ਿ ਕੌਮ AWAZE QAUM International Newspaper & WEB TV

# ਤੱਕੜੀ ਬਾਬੇ ਨਾਨਕ ਦੀ

ਤੱਕੜੀ ਬਾਬੇ ਨਾਨਕ ਦੀ, ਅੱਜ ਚੋਰਾਂ ਹੱਥ ਫੜਾਈ ਏ,
ਸੱਚ ਨੇ ਜਿਥੇ ਤੁਲਣਾ ਸੀ,ਉਥੇ ਝੂਠ ਦੀ ਹੋਈ ਤੁਲਾਈ ਏ
ਤੱਕੜੀ ਬਾਬੇ ਨਾਨਕ ਦੀ.,

ਆਵਾਜ਼ਿ ਕੌਮ AWAZE QAUM International Newspaper & WEB TV

ਅੱਜ ਧਰਮ ਚ ਪੱਕੇ ਯੋਧੇ ,ਇਹਨਾਂ ਜੇਲਾਂ ਵਿਚ ਬੈਠਾਏ ਨੇ,
ਕੱਚਿਆਂ ਪਿਲਿਆਂ ਦੇ ਹੱਥ,ਨਿਸ਼ਾਨ ਸਾਹਿਬ ਫੜਾਏ ਨੇ ,
ਸਮਾਂ ਆਉਣ ਤੇ ਵਿਕ ਜਾਦੇ,ਤੱਕੜੀ ਨੂੰ ਪਿੱਠ ਵਿਖਾਈ ਏ ...ਸੱਚ ਨੇ ਜਿਥੇ ਤੁਲਣਾ ਸੀ,
ਉਥੇ ਝੂਠ ਦੀ ਹੋਈ ਤੁਲਾਈ ਏ,ਤੱਕੜੀ ਬਾਬੇ ਨਾਨਕ ਦੀ,ਅੱਜ ਚੋਰਾ ਹੱਥ ਫੜਾਈ ਏ.,

ਅੱਜ ਧਰਮ ਦੇ ਬੁਰਕੇ ਪਾ ਕੇ ,ਇਹਨਾਂ ਮਸੰਦ ਬੈਠਾਏ ਨੇ ,
ਸਿੱਖ ਮਰਯਾਦਾ ਭੰਗ ਕਰਨ ਲਈ,ਦਿੱਲੀਉਂ ਆਡਰ ਆਏ ਨੇ ,
ਸੱਚੇ ਧਰਮੀ ਨਹੀ ਉਠਣ ਦੇਣੇ,ਟਾਸ਼ਕ ਫੋਰਸ਼ ਬਣਾਈ ਏ...ਸੱਚ ਨੇ ਜਿਥੇ ਤੋਲਣਾ ਸੀ,
ਉਥੇ ਝੂਠ ਦੀ ਹੋਈ ਤੁਲਾਈ ਏ,ਤੱਕੜੀ ਬਾਬੇ ਨਾਨਕ ਦੀ,ਅੱਜ ਚੋਰਾ ਹੱਥ ਫੜਾਈ ਏ.,

ਰਾਮ ਰਹੀਮ ਜਿਹੇ ਗੰਦੇ ਬਾਬੇ ,ਇਹਨਾਂ ਵੋਟਾ ਲਈ ਚਮਲਾਏ ਨੇ,
ਸੱਚ ਪੰਥ ਲਈ ਬੋਲਣ ਵਾਲੇ,ਇਹਨਾ ਆਪ ਸ਼ਹੀਦ ਕਰਾਏ ਨੇ ,
ਪੰਥ ਦਾ ਦਰਦੀ ਜਥੇਦਾਰ ਜੀ,ਕਾਉਕੇ ਸਾਹਿਬ ਸ਼ਹੀਦੀ ਪਾਈ ਏ..ਸੱਚ ਨੇ ਜਿਥੇ ਤੁਲਣਾ ਸੀ
ਉਥੇ ਝੂਠ ਦੀ ਹੋਈ ਤੁਲਾਈ ਏ,ਤੱਕੜੀ ਬਾਬੇ ਨਾਨਕ ਦੀ,ਅੱਜ ਚੋਰਾ ਹੱਥ ਫੜਾਈ ਏ.,

ਸਰਬੱਤ ਖਾਲਸੇ ਚੁਣਕੇ ਸਿੰਘ,ਤੱਖਤਾਂ ਉਪਰ ਬੈਠਾਏ ਨੇ
ਕੁਝ ਜੇਲਾ ਵਿਚ ਡੱਕਤੇ, ਮਾਨੋ ਚਾਹਲ ਸ਼ਹੀਦ ਕਰਾਏ ਨੇ ,
ਰਹਿਤ ਤੱਖਤ ਦੀ ਭੰਗ ਕਰਨ ਲਈ,ਬਾਦਲਾਂ ਵਿਉਤ ਬਣਾਈ ਏ..ਸੱਚ ਨੇ ਜਿਥੇ ਤੇਲਣਾ ਸੀ ,
ਉਥੇ ਝੂਠ ਦੀ ਹੋਈ ਤੁਲਾਈ ਏ,ਤੱਕੜੀ ਬਾਬੇ ਨਾਨਕ ਦੀ,ਅੱਜ ਚੋਰਾ ਹੱਥ ਫੜਾਈ ਏ
.
ਤੇਰਾ, ਤੇਰਾ ਤੋਲਣਾ ਛੱਡਕੇ, ਸਾਨੂੰ ਦਿੱਲੀ ਦੇ ਪਾਠ ਪੜਾਏ ਨੇ ,
ਆਪਣੇ ਘਰ ਤਾ ਭਰ ਲਏ ਬਾਦਲਾਂ,ਬਾਕੀਆ ਠੂਠੇ ਹੱਥ ਫੜਾਏ ਨੇ,
ਬਾਸੀ,ਅਕਾਲੀ ਅਕਾਲ ਪੁਜਾਰੀ ਹੁੰਦਾਂ,ਬਾਦਲਾਂ ਲਾਹਕੇ ਸ਼ਰਮ ਵਿਖਾਈ ਏ..ਸੱਚ ਨੇ ਜਿਥੇ ਤੁਲਣਾ ਸੀ,
ਉਥੇ ਝੂਠ ਦੀ ਹੋਈ ਤੁਲਾਈ ਏ,ਤੱਕੜੀ ਬਾਬੇ ਨਾਨਕ ਦੀ,ਅੱਜ ਚੋਰਾ ਹੱਥ ਫੜਾਈ ਏ.,

**ਲੇਖਕ- ਪਰਦੀਪ ਸਿੰਘ ਬਾਸੀ,ਵੁਲਵਰਹੈਪਟਨ ਯੂ ਕੇ**

# ਡਾ. ਮੰਨਨ ਆਨੰਦ ਅਤੇ ਡਾ. ਮੈਕਸਿਮਾ ਆਨੰਦ ਦਾ ਸਨਮਾਨ



**ਚੌਕ ਮਹਿਤਾ, 11 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)-**ਅੱਜ ਸਥਾਨਕ ਏਅਰਪੋਰਟ ਵਿਖੇ ਵੈਟਰਨਸ ਵੈਲਫੇਅਰ ਆਰਗਨਾਇਜੇਸ਼ਨ ਇੰਡਿਆ ਵੱਲੋਂ ਸੀਨੀਅਰ ਮੀਤ ਪ੍ਰਧਾਨ ਹਰਵਿੰਦਰ ਸਿੰਘ ਵਿਰਕ ਦੀ ਅਗਵਾਈ ਵਿੱਚ ਉੱਤਰ ਭਾਰਤ ਦੇ ਪ੍ਰਸਿੱਧ ਦਿਲ ਦੇ ਰੋਗਾਂ ਦੇ ਮਾਹਿਰ ਸਰਜਨ ਡਾ.ਮੰਨਨ ਆਨੰਦ ਮੈਨੇਜਿੰਗ ਡਾਇਰੈਕਟਰ ਜਨਤਾ ਹਸਪਤਾਲ ਏਅਰਪੋਰਟ ਰੋਡ ਅਤੇ ਅੰਮ੍ਰਿਤਸਰ ਦੀ ਪ੍ਰਸਿੱਧ ਸ਼ੂਗਰ ਰੋਗਾਂ ਦੀ ਮਾਹਿਰ ਡਾ.ਮੈਕਸਿਮਾ ਆਨੰਦ ਨੂੰ ਲੋਕਾਂ ਨੂੰ ਮੈਡੀਕਲ ਖੇਤਰ ਵਿੱਚ ਵਧੀਆ ਸੇਵਾਵਾਂ ਦੇਣ ਅਤੇ ਮਰੀਜ਼ਾਂ ਦਾ ਇਲਾਜ਼ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਕਰਨ ਲਈ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਸੀਨੀਅਰ ਵਾਇਸ ਪ੍ਰਧਾਨ ਐਚ.ਐਸ ਵਿਰਕ,ਕੈਪਟਨ ਹਰਵਿੰਦਰ ਸਿੰਘ ਅਤੇ ਵਾਇਸ ਪ੍ਰਧਾਨ ਜਸਵੰਤ ਸਿੰਘ ਨੇ ਕਿਹਾ ਕਿ ਡਾ.ਮੰਨਨ ਆਨੰਦ ਵੱਲੋਂ ਸਮਾਜ ਨੂੰ ਬਹੁਤ ਵਧੀਆ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ ਅਜਿਹੀਆਂ ਸਖਸ਼ੀਅਤਾਂ ਤੇ ਸਾਨੂੰ ਸਾਰਿਆਂ ਨੂੰ ਬਹੁਤ ਮਾਣ ਹੈ।ਉਨ੍ਹਾਂ ਕਿਹਾ ਕਿ ਸਾਡੀ ਆਰਗਨਾਈਜੇਸ਼ਨ ਵੱਲੋਂ ਸਮੇਂ-ਸਮੇਂ ਤੇ ਸਮਾਜ ਲਈ ਵਧੀਆ ਕੰਮ ਕਰਨ ਵਾਲੀਆਂ ਸ਼ਖਸ਼ੀਅਤਾਂ ਦਾ ਹੌਸਲਾ ਵਧਾਉਣ ਲਈ ਉਨ੍ਹਾਂ ਨੂੰ ਸਨਮਾਨਿਤ ਕੀਤਾ ਜਾਂਦਾ ਹੈ।ਇਸ ਮੌਕੇ ਡਾ.ਮੰਨਨ ਆਨੰਦ ਨੇ ਆਰਗਨਾਇਜੇਸ਼ਨ ਦੀ ਸਮੁੱਚੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਜਨਤਾ ਹਸਪਤਾਲ ਵਿੱਚ ਲੋਕਾਂ ਨੂੰ ਸਾਰੀਆਂ ਸਹੂਲਤਾਂ ਇੱਕੋਂ ਛੱਤ ਹੇਠ ਦਿੱਤੀਆਂ ਜਾ ਰਹੀਆਂ ਹਨ।

ਆਵਾਜ਼ਿ ਕੌਮ AWAZE QAUM International Newspaper & WEB TV





**ਜਨਮ ਦਿਨ ਮੁਬਾਰਕ**

**ਜਪਕੀਰਤ ਕੌਰ ਬਾਠ**
ਪਿਤਾ : ਜਗਮੀਤ ਸਿੰਘ ਬਾਠ
ਮਾਤਾ : ਦਿਲਜੋਤ ਕੌਰ ਬਾਠ
ਕੈਨੇਡਾ

ਆਵਾਜ਼ਿ ਕੌਮ AWAZE QAUM International Newspaper & WEB TV


ਚੌਪਈ ਸਾਹਿਬ ਉਚਾਰਣ ਦਿਵਸ 'ਤੇ ਵਿਸ਼ੇਸ਼

# ਗੁਰਦੁਆਰਾ ਬਿਭੌਰ ਸਾਹਿਬ





ਗੁਰਦੁਆਰਾ ਬਿਭੌਰ ਸਾਹਿਬ, ਨੰਗਲ


ਸਮਸ਼ੇਰ ਖਾਲਸਾ (28) ਨੰਬਰ 1

ਮਸੰਦਾਂ ਦੀ ਸ਼ਾਮਤ ਤੇ ਪਾਇਲ ਘੁੜਾਮ ਸਹਾਰਨ ਪੁਰ ਆਦਿਕ ਮਾਰਨਾ

ਏਸੇ ਸਮੇਂ ਇਕ ਬੁਲਾਕੀ ਸਿੰਘ ਮਸ਼ਹੂਰ ਰਾਗੀ ਸਿੰਘ ਨੇ ਬੰਦੇ ਪਾਸ ਸਿੰਘਾਂ ਦੇ ਦੀਵਾਨ ਵਿਚ ਆ ਕੇ ਫਰਯਾਦ ਕੀਤੀ ਤਲਕੇ ਪਾਇਲ ਘੜਾਣੀ ਪਿੰਡ ਵਿਚ ਠੈਹਰ ਕੇ ਜਦ ਮੈਂ ਰਹੁਰਾਸ ਪੜ੍ਹਦੇ ਹੋਏ ਨੇ ਦਸਮ ਗੁਰੂ ਜੀ ਦੀ ਚੋਪਾਈ ਪੜ੍ਹੀ ਤਾਂ ਓਥੋਂ ਦੇ ਰਾਮਰਈਏ ਲੋਕਾਂ ਨੇ ਦਸਮੇਂ ਗੁਰੂ ਜੀ ਦੀ ਬਾਣੀ ਪੜ੍ਹਨ ਬਦਲੇ ਗੁਰੂ ਜੀ ਨੂੰ ਭੀ ਗਾਲੀਆਂ ਦਿਤੀਆਂ ਤੇ ਮੈਨੂੰ ਭੀ ਮਾਰਿਆ ਅਤੇ ਮੇਰਾ ਸਰੰਦਾ ਭੀ ਭੰਨ ਦਿਤਾ, ਓਨਾਂ ਨੂੰ ਸਿਖਯਾ ਦੇਣੀ ਚਾਹੀਦੀ ਹੈ ? ਏਹ ਬ੍ਰਿਤਾਂਤ ਸੁਣਕੇ ਸਿੰਘਾਂ ਨੇ ਬੰਦੇ ਨੂੰ ਨਾਲ ਲੈਕਰ ਪਾਇਲ ਪਰ ਚੜ੍ਹਾਈ ਕਰ ਦਿੱਤੀ, ਪਾਇਲ ਨੂੰ ਲੁਟਮਾਰ ਕੇ ਰਾਮਰਈਆਂ ਨੂੰ ਬਹੁਤ ਸਜਾਇ ਦਿੱਤੀ ਤੇ ਬੁਲਾਕਾ ਸਿੰਘ ਨੂੰ ਓਥੋਂ ਦਾ ਠਾਣੇਦਾਰ ਕਰਕੇ ਆਪ ਇਕ ਦਸਤਾ ਫੌਜ ਕੁਛ ਤੋਪਾਂ ਲੈਕੇ ਮਲੇਰ ਕੋਟਲੇ ਦੀ ਤਰਫ ਕੂਚ ਕਰ ਦਿੱਤਾ।

ਨਾਹਨ ਰਿਆਸਤ ਦੇ ਰਾਜਾ ਮੇਦਨੀ ਪ੍ਰਕਾਸ਼ ਸ੍ਰੀ ਗੁਰੂ ਗੋਬਿੰਦ ਸਿੰਘ ਪਾਤਸ਼ਾਹ ਜੀ ਦੇ ਸ਼ਰਧਾਲੂ ਸਨ,ਜਿੰਨਾ ਦੀ ਸਪੁੱਤਰੀ ਦਾ ਰਿਸ਼ਤਾ ਗੁਰੂ ਸਾਹਿਬ ਜੀ ਦੀ ਬਖਸ਼ਿਸ਼ ਨਾਲ ਰਾਜਾ ਰਤਨ ਰਾਏ ਨਾਲ ਹੋਇਆ।


ਸ਼ਮਸ਼ੇਰ ਸਿੰਘ ਜੇਠੂਵਾਲ

ਰਾਜਾ ਮੇਦਨੀ ਪ੍ਰਕਾਸ਼ ਦੀ ਦਿਲੀ ਇੱਛਾ ਸੀ ਕਿ ਮੇਰੀ ਧੀ ਦਾ ਰਿਸ਼ਤਾ ਗੁਰੂ ਸਾਹਿਬ ਜੀ ਦੇ ਸ਼ਰਧਾਲੂਆਂ ਘਰ ਹੀ ਹੋਵੇ ਸੁੱਖਣਾਂ ਪੂਰੀ ਹੋਈ ਬਿਭੌਰ ਸਾਹਿਬ ਦੇ ਰਾਜਾ ਰਤਨ ਰਾਏ ਤੇ ਉਨਾ ਦੀ ਰਾਣੀ ਅਰਦਾਸਾਂ ਕਰਦੇ ਮਹਾਰਾਜ ਕਦੇ ਸਾਡੇ ਘਰ ਨੂੰ ਆਪਣੇ ਮੁਬਾਰਕ ਚਰਨ ਬਖਸ਼ ਕੇ ਭਾਗ ਲਾਓ।

ਆਵਾਜ਼ਿ ਕੌਮ AWAZE QAUM International Newspaper & WEB TV

ਕਲਗੀਧਰ ਪਾਤਸ਼ਾਹ ਜੀ ਨੇ ਸੇਵਕਾਂ ਦੀਆਂ ਅਰਦਾਸਾਂ ਸੁਣ ਬਹੁੜੀ ਕੀਤੀ ਇਕ ਦਿਨ ਸ਼ਿਕਾਰ ਖੇਡਦੇ ਬਿਭੌਰ ਸਾਹਿਬ ਦੇ ਅਸਥਾਨ ਤੇ ਪਹੁੰਚ ਗਏ,ਰਾਜਾ ਰਤਨ ਰਾਏ ਬਹੁਤ ਪ੍ਰਸੰਨ ਹੋਏ ਉਨਾ ਨੇ ਸਤਿਗੁਰੂ ਜੀ ਨੂੰ ਬੇਨਤੀ ਕੀਤੀ ਕਿ ਕੁਝ ਸੇਵਾ ਬਖਸ਼ੋ...ਗੁਰੂ ਸਾਹਿਬ ਜੀ ਬਿਭੌਰ ਸਾਹਿਬ ਦੇ ਅਸਥਾਨ ਤੇ 13 ਮਹੀਨੇ 13 ਦਿਨ ਬੰਦਗੀ ਕੀਤੀ।

**ਚੌਪਈ**

**ਸੰਬਤਸੱਤ੍ਰਹਸਹਸਭਣਿੱਜੈ**
**ਅਰਧਸਹਸਫੁਨਿਤੀਨਿਕਹਿੱਜੈ**
**ਭਾਦ੍ਰਵਸੁਦੀਅਸ਼ਟਮੀਰਵਿਵਾਰਾ**
**ਤੀਰਸੱਤੁਦ੍ਰਵਗ੍ਰੰਥਸੁਧਾਰਾ 29**

ਭਾਵ: ਸੰਮਤ 1753 ਭਾਦਰੋਂ ਸੁਦੀ ਅਸ਼ਟਮੀ ਐਤਵਾਰ ਵਾਲੇ ਦਿਨ ਕਲਗੀਧਰ ਪਾਤਸ਼ਾਹ ਜੀ ਨੇ ਸਤਲੁੱਜ ਦਰਿਆ ਦੇ ਕੰਢੇ ਤੇ ਚੌਪਈ ਸਾਹਿਬ ਬਾਣੀਂ ਉਚਾਰਣ ਕੀਤੀ। ਗਿਆਨੀ ਗਿਆਨ ਸਿੰਘ ਜੀ ਇਤਿਹਾਸਕ ਲਿਖ਼ਤ "ਸ਼ਮਸ਼ੇਰ ਖਾਲਸਾ" ਵਿਚ ਸਪੱਸ਼ਟ ਲਿਖਦੇ ਹਨ ਕਿ ਦਸਵੇਂ ਪਾਤਸ਼ਾਹ ਜੀ ਦੀ ਗੁਰਬਾਣੀਂ ਦਾ ਸਭ ਤੋਂ ਪਹਿਲਾ ਵਿਰੋਧ ਸਿੱਖੀ ਭੇਖ ਵਿਚ ਲੁਕੇ ਗੁਰੂਘਰ ਦੇ ਸ਼ਰੀਕ ਰਾਮਰਾਈਆਂ ਵਲੋਂ ਕੀਤਾ ਗਿਆ ਸੀ ਜਿੰਨਾ ਨੂੰ ਬਾਬਾ ਬੰਦਾ ਸਿੰਘ ਬਹਾਦਰ ਵਲੋਂ ਸੋਧ ਕੇ ਮਰਿਯਾਦਾ ਬਹਾਲ ਕਰਵਾਈ ਗਈ ਸੀ। ਉਦੋਂ ਤੋਂ ਲੈ ਕੇ ਹੁਣ ਤੱਕ ਗੁਰੂਘਰ ਦੇ ਸ਼ਰੀਕ ਕਿਸੇ ਨਾ ਕਿਸੇ ਰੂਪ ਵਿਚ ਦਸਵੇਂ ਪਾਤਸ਼ਾਹ ਜੀ ਦੀ ਗੁਰ ਬਾਣੀਂ ਦਾ ਵਿਰੋਧ ਕਰਦੇ ਆ ਰਹੇ ਹਨ। ਗੁਰੂ ਨਾਨਕ ਨਾਮ ਲੇਵਾ ਸੰਗਤਾਂ ਨੂੰ ਗੁਰਦੁਆਰਾ ਬਿਭੌਰ ਸਾਹਿਬ ਜੀ ਦੇ ਸਾਲਾਨਾਂ ਜੋੜ ਮੇਲੇ ਦੀਆਂ ਲੱਖ ਲੱਖ ਵਧਾਈਆਂ। ••

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਇਲਾਕੇ ਚੋਂ ਕੂੜਾ ਕਰਕਟ ਦੀ ਸਫਾਈ ਨਾ ਹੋਣ ਤੇ ਇਲਾਕਾ ਨਿਵਾਸੀਆਂ ਕਰਨਗੇ ਰੋਸ ਪ੍ਰਦਰਸ਼ਨ: ਹਰਪਾਲ ਸਿੰਘ ਯੂ.ਕੇ.

**ਚੌਕ ਮਹਿਤਾ, 11 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਹਲਕਾ ਦੱਖਣੀ ਦੇ ਨਿਊ ਅੰਤਰਯਾਮੀ ਕਲੋਨੀ, ਡਿਸਪੋਜ਼ਲ ਪੰਪ ਰਾਂਝੇ ਦੀ ਹਵੇਲੀ, ਅੰਮ੍ਰਿਤਸਰ ਦੇ ਇਲਾਕੇ ਵਿਚ ਖਿਲਰੀ ਗੰਦਗੀ ਅਤੇ ਕੂੜੇ ਦੇ ਡੰਪ ਦੀ ਸਫਾਈ ਕਰਾਉਣ ਦੇ ਮਾਨਯੋਗ ਕਮਿਸ਼ਨਰ ਸਾਹਿਬ, ਨਗਰ ਨਿਗਮ, ਅੰਮ੍ਰਿਤਸਰ ਅਤੇ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ ਨੂੰ ਹੋਏ ਹੁਕਮ ਜਾਰੀ ਇਹਨਾਂ ਸ਼ਬਦਾ ਦਾ ਪ੍ਰਗਟਾਵਾ ਹਰਪਾਲ ਸਿੰਘ ਯੂ.ਕੇ ਚੇਅਰਮੈਂਨ ਰਾਸਾ ਨੇ ਪੱਤਰਕਾਰ ਮਿਲਣੀ ਦੌਰਾਨ ਕੀਤਾ ਉਨ੍ਹਾਂ ਕਿਹਾ ਕਿ ਪਿਛਲੇ ਦਿਨੀਂ ਮਾਨਯੋਗ ਚੀਫ ਸੈਕਰੇਟਰੀ ਸਾਹਿਬ, ਪੰਜਾਬ ਸਰਕਾਰ ਜੀ ਦੇ ਧਿਆਨ ਵਿਚ ਇਕ ਪੱਤਰ ਮਿਤੀ 29-08-2024 ਨੂੰ ਪੰਜਾਬ ਸਰਕਾਰ ਨੂੰ ਪਾਇਆ ਗਿਆ ਸੀ। ਜਿਸ ਵਿਚ ਇਲਾਕੇ ਵਿਚ ਖਿਲਰੀ ਗੰਦਗੀ ਤੇ ਪਾਣੀ ਦੇ ਨਿਕਾਸ ਦੇ ਬੁਰੇ ਹਾਲ ਵੱਲ ਦਿਵਾਇਆ ਗਿਆ ਸੀ ਜਿਵੇਂ ਨਿਊ ਫਲਾਵਰਜ ਪਬਲਿਕ ਸੀ.ਸੈ. ਸਕੂਲ ਦੇ ਆਲੇ ਦੁਆਲੇ ਡਿਜਪੋਜਲ ਪੰਪ ਦੇ ਨਾਲ ਕੂੜੇ ਦੇ ਡੰਪ ਬਣੇ ਹਨ ਅਤੇ ਨਾਲ ਹੀ ਉਸਦੇ ਦੋ ਕਮਰੇ ਡਿੱਗਣ ਵਾਲੇ ਹਨ ਜਿਸ ਵਿਚ ਨਸ਼ੇੜੀ ਆ ਕੇ ਵੜ ਜਾਂਦੇ ਹਨ ਅਤੇ ਫਿਰ ਲੁਟਾਂ ਖੋਹਾਂ ਕਰਦੇ ਹਨ। ਜਿਸ ਨਾਲ ਬੱਚਿਆ ਦਾ ਸਕੂਲ ਆਉਣਾ ਜਾਣਾ ਮੁਸ਼ਿਕਲ ਹੋ ਜਾਂਦੀ ਹੈ ਅਤੇ ਥਾਂ-ਥਾਂ ਤੇ ਗੰਦਗੀ ਦੇ ਢੇਰ ਲਗੇ ਰਹਿੰਦੇ ਹਨ ਖਾਸ ਤੌਰ ਤੇ ਬਾਰਿਸ਼ ਦੇ ਦਿਨਾਂ ਵਿਚ ਹੋਰ ਵੀ ਬਹੁਤ ਬੁਰਾ ਹਾਲ ਹੋ ਜਾਂਦਾ ਹੈ। ਜਿਸ ਨਾਲ ਸੀਵਰ ਬੰਦ ਹੋ ਜਾਂਦੇ ਹਨ ਅਤੇ ਪਾਣੀ ਦਾ ਨਿਕਾਸ ਨਹੀ ਨਿਕਲਦਾ। ਬੱਚਿਆਂ ਦੇ ਸਾਇਕਲ ਸਕੂਟਰ ਵੀ ਡੁੱਬ ਜਾਂਦੇ ਹਨ ਮਾਨਯੋਗ ਚੀਫ ਸੈਕਰੇਟਰੀ ਪੰਜਾਬ ਜੀ ਨੇ ਇਸ ਵੱਲ ਧਿਆਨ ਕਰਦਿਆਂ ਉਹਨਾਂ ਨੇ ਮਾਨਯੋਗ ਕਮਿਸ਼ਨਰ ਸਾਹਿਬ, ਨਗਰ ਨਿਗਮ, ਅੰਮ੍ਰਿਤਸਰ ਅਤੇ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ, ਅੰਮ੍ਰਿਤਸਰ ਨੂੰ ਪੱਤਰ ਨੰ. ਪੀ.ਐਮ.ਆਈ.ਡੀ.ਸੀ./ਐਸ.ਡਬਲਿਯੂ.ਐਮ/2024/6541 ਮਿਤੀ 11-09-2024 ਰਾਹੀਂ ਜਲਦੀ ਤੋਂ ਜਲਦੀ ਇਸ ਮੁੱਦੇ ਉਪਰ ਕਾਰਵਾਈ ਕਰਕੇ ਸ਼ਿਕਾਇਤਕਰਤਾ ਸ. ਹਰਪਾਲ ਸਿੰਘ ਯ.ਕੇ. ਚੇਅਰਮੈਨ ਨਿਊ ਫਲਾਵਰਜ ਪਬਲਿਕ ਸੀ.ਸੈ. ਸਕੂਲ, ਅੰਮ੍ਰਿਤਸਰ ਨੂੰ ਅਤੇ ਪੰਜਾਬ ਸਰਕਾਰ ਨੂੰ ਸੂਚਿਤ ਕਰਨ ਦੀ ਹਦਾਇਤ ਕੀਤੀ ਹੈ ਹਰਪਾਲ ਸਿੰਘ ਯੂ.ਕੇ ਨੇ ਮਾਨੋਯਗ ਪੰਜਾਬ ਸਰਕਾਰ, ਮਾਨਯੋਗ ਕਮਿਸ਼ਨਰ ਸਾਹਿਬ, ਨਗਰ ਨਿਗਮ, ਅੰਮ੍ਰਿਤਸਰ ਅਤੇ ਮਾਨਯੋਗ ਡਿਪਟੀ ਕਮਿਸ਼ਨਰ ਸਾਹਿਬ, ਅੰਮ੍ਰਿਤਸਰ ਨੂੰ ਅਪੀਲ਼ ਕੀਤੀ ਕਿ ਜੇਕਰ ਸਾਡੇ ਇਲਾਕੇ ਵਿਚੋਂ ਕੂੜਾ ਕਰਕਟ ਦੀ ਸਾਫ ਸਫਾਈ ਨਾ ਹੋਈ ਤਾਂ ਅਸੀਂ ਸਾਰੇ ਇਲਾਕਾ ਨਿਵਾਸੀ ਇਕ ਦਿਨ ਲਈ ਰੋਸ ਮੁਜਾਹਰਾ ਕਰਾਂਗੇ ਅਤੇ ਪੰਜਾਬ ਸਰਕਾਰ ਦੇ ਆਏ ਹੋਏ ਪਾਣੀ ਬਿੱਲ, ਸੀਵਰ ਬਿੱਲ ਅਤੇ ਪ੍ਰਾਪਰਟੀ ਟੈਕਸ ਅਤੇ ਹੋਰ ਬਿਲਾਂ ਦਾ ਬਾਈਕਾਟ ਕਰਾਂਗੇ।



ਆਵਾਜ਼ਿ ਕੌਮ AWAZE QAUM International Newspaper & WEB TV

## ਖਾਲਸਾ ਸਕੂਲ ਵਿਚ ਮਨਾਇਆ ਨਿਊਟਰੇਸ਼ਨ ਹਫਤਾ



ਫ਼ਿਰੋਜ਼ਪੁਰ, 11 ਸਤੰਬਰ (ਮਨੋਹਰ ਲਾਲ) :— ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਵਿੱਚ ਨਿਊਟਰੇਸ਼ਨ ਹਫਤਾ ਮਨਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਵੱਲੋਂ ਵੱਧ—ਚੜ ਕੇ ਭਾਗ ਲਿਆ ਗਿਆ। ਇਸ ਦੌਰਾਨ ਵਿਦਿਆਰਥੀਆਂ ਦੇ ਭਾਸ਼ਣ ਮੁਕਾਬਲੇ, ਪੋਸਟਰ ਮੈਕਿੰਗ ਅਤੇ ਹੋਰ ਬਹੁਤ ਸਾਰੀਆਂ ਐਕਟੀਵਿਟੀ ਵਿੱਚ ਭਾਗ ਲਿਆ ਗਿਆ। ਇਸ ਹਫਤੇ ਦੌਰਾਨ ਅਧਿਆਪਕਾਂ ਵੱਲੋਂ ਵਿਦਿਆਰਥੀਆਂ ਨੂੰ ਵੱਧ ਤੋਂ ਵੱਧ ਪੋਸ਼ਿਟਕ ਭੋਜਨ ਖਾਣ ਅਤੇ ਆਪਣੇ ਖਾਣ—ਪਾਣ ਵਿੱਚ ਸੁਧਾਰ ਕਰਨ ਲਈ ਉੱਤਮ ਯੋਗਦਾਨ ਪਾਇਆ ਗਿਆ। ਇਸ ਮੌਕੇ ਸਕੂਲ ਪ੍ਰਿੰਸੀਪਲ ਮੈਡਮ ਜਸਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਅੱਜ ਦੇ ਸਮੇਂ ਵਿੱਚ ਵੱਧ ਰਹੇ ਫਾਸਟ ਫੂਡ ਦੇ ਨੁਕਸਾਨਾਂ ਬਾਰੇ ਸੋਫਟ ਡਰਿੰਕ ਤੇ ਉਸ ਦੇ ਨੁਕਸਾਨ ਬਾਰੇ ਵਿਦਿਆਰਥੀਆਂ ਨੂੰ ਜਾਣੂ ਕਰਾਇਆ। ਉਨ੍ਹਾਂ ਕਿਹਾ ਕਿ ਫਾਸਟ ਫੂਡ ਵਿੱਚ ਫੂਡ ਨੂੰ ਟੇਸਟੀ ਬਣਾਉਣ ਵਾਸਤੇ ਕਈ ਤਰ੍ਹਾਂ ਦੇ ਕੈਮੀਕਲਾਂ ਦੀ ਵਰਤੋਂ ਕੀਤੀ ਜਾ ਰਹੀ ਹੈ ਜੋ ਬੱਚਿਆਂ ਦੀ ਸਿਹਤ ਨੂੰ ਖਰਾਬ ਕਰਦੀ ਹੈ ਜਿਸ ਨਾਲ ਵਿਦਿਆਰਥੀ ਮਾਨਸਿਕ ਤੌਰ ਤੇ ਵੀ ਬਿਮਾਰ ਰਹਿਣਾ ਸ਼ੁਰੂ ਕਰ ਦਿੰਦੇ ਹਨ ਕਿਉਂਕਿ ਇੱਕ ਤੰਦਰੁਸਤ ਸਰੀਰ ਵਾਸਤੇ ਚੰਗੇ ਭੋਜਨ ਦੀ ਜਰੂਰਤ ਹੈ ਜੋ ਸਾਨੂੰ ਫਲਾਂ ਸਬਜ਼ੀਆਂ ਦੁੱਧ ਦਹੀਂ ਅਤੇ ਅਨਾਜ ਤੋਂ ਪ੍ਰਾਪਤ ਹੁੰਦਾ ਹੈ, ਜਿਸ ਨਾਲ ਸਾਡਾ ਸਰੀਰ ਅਤੇ ਸਾਡਾ ਦਿਮਾਗ ਰਿਸ਼ਟ—ਪੁਸ਼ਟ ਰਹਿੰਦਾ ਹੈ। ਇਸ ਸਾਰੇ ਹਫਤੇ ਵਿਚ ਵਿਦਿਆਰਥੀਆਂ ਨੂੰ ਪੋਸ਼ਿਟਕ ਭੋਜਨ ਬਾਰੇ ਵੱਖ—ਵੱਖ ਤਰੀਕਿਆਂ ਨਾਲ ਜਾਣੂ ਕਰਾਇਆ ਗਿਆ ਅਤੇ ਫਾਸਟ ਫੂਡ ਦੇ ਕੀ ਨੁਕਸਾਨ ਹਨ ਸਾਡੀ ਸਿਹਤ ਨੂੰ ਹੈਲਦੀ ਫੂਡ ਕਿਉਂ ਜਰੂਰੀ ਹੈ ਇਸ ਬਾਰੇ ਦੱਸਿਆ ਗਿਆ। ਇਸ ਇਸ ਮੌਕੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀ ਹਾਜ਼ਰ ਹੋਏ।

ਆਵਾਜ਼ਿ ਕੌਮ AWAZE QAUM International Newspaper & WEB TV

## ਪਿੰਡ ਬਾਰੇਕੇ ਵਿਖੇ ਲਾਇਆ ਮੈਡੀਕਲ ਕੈਂਪ ਤੇ ਕੀਤਾ ਗੁਰੂ ਸਾਹਿਬ ਦਾ ਸ਼ੁਕਰਾਨਾ



ਫ਼ਿਰੋਜ਼ਪੁਰ, 11 ਸਤੰਬਰ (ਮਨੋਹਰ ਲਾਲ) :— ਲੋਕਾਂ ਨੂੰ ਧਾਰਮਿਕਤਾ ਦੇ ਨਾਲ ਜ਼ੋੜਣ ਅਤੇ ਸਿਹਤ ਸਹੂਲਤਾਂ ਦੇਣ ਦੇ ਮਨੋਰਥ ਨਾਲ ਪਿੰਡ ਬਾਰੇਕੇ ਵਿਖੇ ਬਲਾਕ ਪ੍ਰਧਾਨ ਅਨਿਲ ਸ਼ਰਮਾ ਅਤੇ ਮਨਪ੍ਰੀਤ ਚੇਅਰਮੈਨ ਦੀ ਪ੍ਰਧਾਨਗੀ ਹੇਠ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਠ ਦੇ ਭੋਗ ਪਾਏ ਗਏ, ਜਿਸ ਉਪਰੰਤ ਮੈਡੀਕਲ ਕੈਂਪ ਵੀ ਲਗਾਇਆ ਗਿਆ। ਇਸ ਮੌਕੇ ਡਾ: ਸੰਜੀਵ ਸ਼ਰਮਾ, ਡਾ: ਅਮਰੀਕ ਸਿੰਘ, ਡਾ: ਅਮਰਜੀਤ ਜ਼ਿਲ੍ਹਾ ਮੈਂਬਰ, ਡਾ: ਮੇਜਰ ਸਿੰਘ, ਡਾ: ਸੁਖਵਿੰਦਰ ਕੌਰ ਅਤੇ ਨਾਇਸ ਨੇ ਮੱਥਾ ਟੇਕਣ ਆਈ ਸੰਗਤਾਂ ਵਿਚ ਮਰੀਜਾਂ ਦਾ ਚੈਕਅਪ ਕਰਕੇ ਮੁਫਤ ਦਵਾਈਆਂ ਮੁਹਇਆ ਕਰਵਾਈਆਂ। ਇਸ ਕੈਂਪ ਵਿਚ ਚਮੜੀ ਰੋਗਾਂ ਦੇ ਬਹੁਤੇ ਮਰੀਜ ਆਏ। ਇਸ ਮੌਕੇ ਡਾ: ਰਜੀਵ ਸ਼ਰਮਾ ਨੇ ਮਰੀਜਾਂ ਨੂੰ ਸਾਫ—ਸੁਥਰਾ ਰਹਿਣ ਦੀ ਅਤੇ ਮੌਸਮੀ ਬਿਮਾਰੀਆਂ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਮੌਕੇ ਡਾ: ਰਜੀਵ ਸ਼ਰਮਾ ਨੇ ਦੱਸਿਆ ਕਿ ਸਾਡੀ ਐਮ.ਪੀ.ਏ.ਪੀ ਯੂਨੀਅਨ ਰਜਿ: 295 ਬਲਾਕ ਫ਼ਿਰੋਜ਼ਪੁਰ ਕੈਂਟ ਵੱਲੋਂ ਵੱਖ—ਵੱਖ ਪਿੰਡਾਂ ਵਿਚ ਲਗਾਇਆ ਜਾ ਰਿਹਾ ਹੈ ਅਤੇ ਜਨਤਾ ਨੂੰ ਵਾਤਾਵਰਣ ਨੂੰ ਸਾਫ ਸੁਥਰਾ ਰੱਖਣ ਲਈ ਪੇਡ—ਪੌਦੇ ਲਾਉਣ ਲਈ ਕਿਹਾ ਗਿਆ। ਇਸ ਮੌਕੇ ਹਰਪਾਲ ਸਿੰਘ, ਅੰਗਰੇਜ਼ ਸਿੰਘ, ਸੁਖਵਿੰਦਰ ਸਿੰਘ ਆਦਿ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

### ਸਕੂਲ ਦੇ ਸੀ.ਈ.ਪੀ ਨੋਡਲ ਇੰਚਾਰਜਾਂ ਦੀ ਨਤੀਜਾ ਵਿਸ਼ਲੇਸ਼ਣ ਕਰਨ ਦੇ ਸਬੰਧ ਵਿਚ

# ਇਕ ਰੋਜਾ ਵਰਕਸ਼ਾਪ ਕਰਵਾਈ ਗਈ





ਫ਼ਿਰੋਜ਼ਪੁਰ, 11 ਸਤੰਬਰ (ਮਨੋਹਰ ਲਾਲ):— ਰਾਜ ਵਿਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਰਾਜ ਦੇ ਸਾਰੇ ਸਰਕਾਰੀ ਸਕੂਲਾਂ ਵਿੱਚ ਯੋਗਤਾਵਾਂ, ਸਮਰੱਥਾਵਾਂ ਵਿੱਚ ਵਿਕਾਸ ਸਬੰਧੀ ਪ੍ਰੋਗਰਾਮ ਚਲਾਇਆ ਜਾ ਰਿਹਾ ਹੈ ਜਿਸ ਦੇ ਸਬੰਧ ਵਿੱਚ ਵਿਦਿਆਰਥੀਆਂ ਨੂੰ ਕੰਟੈਂਟ ਬੇਸਡ ਲਰਨਿੰਗ ਤੋਂ ਕੰਪੀਟੈਂਸੀ ਬੇਸਡ ਲਰਨਿੰਗ ਤਕ ਲੈ ਕੇ ਜਾਣ ਦਾ ਏਜੰਡਾ ਹੈ। ਇਸ ਦੇ ਸਬੰਧ ਵਿਚ ਜ਼ਿਲ੍ਹਾ ਸਿੱਖਿਆ ਅਫਸਰ(ਸੈ.ਸਿੱ) ਮੁਨੀਲਾ ਅਰੋੜਾ, ਉਪ ਜ਼ਿਲ੍ਹਾ ਸਿੱਖਿਆ ਅਫਸਰ (ਸੈ.ਸਿੱ) ਡਾ: ਸਤਿੰਦਰ ਸਿੰਘ, ਡਾਇਟ ਪ੍ਰਿੰਸੀਪਲ ਸੀਮਾ ਪੰਛੀ ਸਮੂਹ ਬਲਾਕ ਨੋਡਲ ਅਫਸਰਾਂ ਅਤੇ ਡੀ.ਆਰ.ਸੀ (ਅਪਰ ਪ੍ਰਾਇਮਰੀ) ਸੁਮਿਤ ਗਲਹੋਤਰਾ ਵੱਲੋਂ ਫਿਰੋਜਪੁਰ ਜ਼ਿਲ੍ਹੇ ਦੇ ਸਕੂਲ ਪ੍ਰਿੰਸੀਪਲਾਂ ਅਤੇ ਹੈਡ ਮਾਸਟਰਾਂ, ਹੈਡਮਿਸਟ੍ਰੈਂਸਾਂ ਅਤੇ ਸਮੂਹ ਬੀ.ਆਰ.ਸੀ ਅਤੇ ਸਮੂਹ ਸਕੂਲ ਪੱਧਰੀ ਸੀ.ਈ.ਪੀ ਨੋਡਲ ਇੰਚਾਰਜ ਨਾਲ ਸਮਰੱਥਾ ਆਧਾਰਿਤ ਸਿੱਖਿਆ ਪਲਾਨ ਤਹਿਤ ਮੀਟਿੰਗ ਕੀਤੀ ਗਈ। ਜਿਸ ਵਿੱਚ ਹੁਣ ਤੱਕ ਹੋਏ ਛੇ ਪ੍ਰੈਕਟਿਸ ਸ਼ੀਟਾਂ ਅਤੇ ਦੋ ਪ੍ਰੈਕਟਿਸ ਟੈਸਟਾਂ ਦੇ ਨਤੀਜਿਆਂ ਦਾ ਵਿਸ਼ਲੇਸ਼ਣ ਕੀਤਾ ਗਿਆ ਅਤੇ ਜਿਸ ਵਿੱਚ ਉਨ੍ਹਾਂ ਵਿਸ਼ੇਸ਼ ਕੰਪੀਟੈਂਸੀਜ਼ ਉੱਤੇ ਵਿਚਾਰ—ਵਟਾਂਦਰਾ ਕੀਤਾ ਗਿਆ, ਜਿੰਨਾ ਵਿੱਚ ਵਿਦਿਆਰਥੀਆਂ ਦਾ ਪ੍ਰਦਰਸ਼ਨ ਬਹੁਤ ਕਮਜ਼ੋਰ ਸੀ ਜਾਂ ਜਿੰਨਾ ਕੰਪੀਟੈਂਸੀਜ਼ ਵਿਚ ਵਿਦਿਆਰਥੀਆਂ ਦਾ ਪ੍ਰਦਰਸ਼ਨ ਮਜਬੂਤ ਸੀ। ਸਮੂਹ ਸਕੂਲ ਪੱਧਰੀ ਸੀ.ਈ.ਪੀ ਨੋਡਲ ਇਨਚਾਰਜਾਂ ਨਾਲ ਗੱਲਬਾਤ ਕਰਦੇ ਹੋਇਆ ਜ਼ਿਲ੍ਹਾ ਸਿੱਖਿਆ ਅਫਸਰ(ਸੈ.ਸਿੱ)ਮੁਨੀਲਾ ਅਰੋੜਾ ਅਤੇ ਉਪ ਜ਼ਿਲ੍ਹਾ ਸਿੱਖਿਆ ਅਫਸਰ(ਸੈ. ਸਿੱ) ਡਾ: ਸਤਿੰਦਰ ਸਿੰਘ ਨੇ ਰਾਸ਼ਟਰੀ ਐਜੂਕੇਸ਼ਨ ਪਾਲਸੀ 2020, ਰਾਸ਼ਟਰੀ ਪਾਠਕ੍ਰਮ ਢਾਂਚਾ 2022, ਰਾਸ਼ਟਰੀ ਪਾਠਕ੍ਰਮ ਢਾਂਚਾ 2023, ਸਿੱਖਿਆ ਦੇ ਉਦੇਸ਼ ਅਤੇ ਖੇਤਰ, ਪਾਠਕ੍ਰਮ ਦੇ ਉਦੇਸ਼, ਸਿੱਖਿਆ ਸਮਰੱਥਾਵਾਂ ਅਤੇ ਸਿੱਖਣ ਪਰਿਣਾਮਾਂ ਬਾਰੇ ਵਿਸਥਾਰਪੂਰਵਕ ਚਰਚਾ ਕੀਤੀ। ਇਸ ਤੋਂ ਇਲਾਵਾ ਸੰਬੰਧਿਤ ਅਧਿਕਾਰੀਆਂ ਵੱਲੋਂ ਅੰਕੜਿਆਂ ਦੇ ਗਿਆਨ ਅਤੇ ਅੰਕੜਿਆਂ ਦੇ ਅਨੁਸਾਰ ਗੁਣਾਤਮਕ ਸਿੱਖਿਆ ਵਿੱਚ ਵਾਧੇ ਦੇ ਸਬੰਧ ਵਿੱਚ ਵਿਸ਼ੇਸ਼ ਚਰਚਾ ਕੀਤੀ। ਇਸ ਮੌਕੇ ਡੀ.ਆਰ.ਸੀ (ਅੱਪਰ ਪ੍ਰਾਇਮਰੀ) ਸੁਮਿਤ ਗਲਹੋਤਰਾ ਅਤੇ ਬੀ.ਆਰ.ਸੀ ਸਾਹਿਬਾਨਾਂ ਨੇ ਹਰ ਪੰਦਰਵਾੜ੍ਹੇ ਤੇ ਹੋਣ ਵਾਲੇ ਪ੍ਰੈਕਟਿਸ ਟੈਸਟਾਂ ਦੇ ਨਤੀਜਿਆਂ ਦਾ ਵਿਸ਼ਲੇਸ਼ਣ ਕਰਕੇ ਸਮੂਹ ਸਕੂਲ ਮੁਖੀਆਂ ਅਤੇ ਸਕੂਲ ਪਧਰੀ ਸੀ.ਈ.ਪੀ ਇੰਚਾਰਜਾਂ ਨਾਲ ਵਿਚਾਰ ਵਟਾਂਦਰਾ ਕੀਤਾ। ਇਸ ਮੀਟਿੰਗ ਵਿੱਚ ਫਿਰੋਜ਼ਪੁਰ ਜ਼ਿਲ੍ਹੇ ਦੇ ਸਮੂਹ ਸਕੂਲ ਮੁਖੀ, ਸਮੂਹ ਸਕੂਲ ਪੱਧਰੀ ਸੀ.ਈ.ਪੀ ਨੋਡਲ ਚਾਰਜ ਅਤੇ ਸਮੂਹ ਬੀ.ਆਰ.ਸੀ ਹਾਜ਼ਰ ਸਨ।

# ਟਕਾਪੁਰ ਦੀ ਟੀਮ ਬਲਾਕ ਪੱਧਰੀ ਮੁਕਾਬਲੇ ਵਿੱਚ ਜੇਤੂ ਰਹੀ



**ਚੌਕ ਮਹਿਤਾ 11 ਸਤੰਬਰ ( ਬਾਬਾ ਸੁਖਵੰਤ ਸਿੰਘ ਚੰਨਣਕੇ)**–ਕਸਬਾ ਤਰਸਿੱਕਾ ਦੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦੀ ਗਰਾਊਂਡ ਵਿੱਚ ਚੱਲ ਰਹੇ 'ਖੇਡਾਂ ਵਤਨ ਪੰਜਾਬ ਦੀਆਂ ' ਖੇਡ ਮੁਕਾਬਲਿਆਂ ਵਿੱਚ ਫੁੱਟਬਾਲ ਦੇ ਬਲਾਕ ਪੱਧਰੀ ਟੂਰਨਾਮੈਂਟ ਵਿੱਚ ਪਿੰਡ ਟਕਾਪੁਰ ਦੀ ਟੀਮ ਨੇ ਚੰਨਣਕੇ ਦੀ ਟੀਮ ਨੂੰ 2–0 ਨਾਲ ਹਰਾ ਕੇ ਪਹਿਲਾ ਸਥਾਨ ਹਾਸਲ ਕੀਤਾ।ਇਸ ਜਿੱਤ ਤੋਂ ਬਾਅਦ ਇਹ ਟੀਮ ਸ੍ਰੀ ਅੰਮ੍ਰਿਤਸਰ ਸਾਹਿਬ ਵਿਖੇ ਹੋਣ ਵਾਲੇ ਜ਼ਿਲ੍ਹਾ ਪੱਧਰੀ ਟੂਰਨਾਮੈਂਟ ਵਿੱਚ ਸ਼ਾਮਲ ਹੋਣ ਦੀ ਹੱਕਦਾਰ ਹੋ ਗਈ ਹੈ। ਟਕਾਪੁਰ ਫੁੱਟਬਾਲ ਅਕੈਡਮੀ ਦੇ ਸੰਸਥਾਪਕ ਸ੍ਰ ਗੁਰਬਿੰਦਰ ਸਿੰਘ ਬੱਲ ਯੂ ਐਸ ਏ ਵੱਲੋਂ ਫੋਨ ਰਾਹੀਂ ਅਕੈਡਮੀ ਪ੍ਰਬੰਧਕਾਂ ਅਤੇ ਟੀਮ ਸਟਾਫ ਨੂੰ ਵਧਾਈ ਦਿੱਤੀ ਗਈ ਅਤੇ ਚੰਗੇਰੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਟਕਾਪੁਰ ਦੀ ਪੰਚਾਇਤ ਅਤੇ ਸਮੂਹ ਪਿੰਡ ਵਾਸੀਆਂ ਵੱਲੋਂ ਖਿਡਾਰੀਆਂ ਦਾ ਸਨਮਾਨ ਕੀਤਾ ਗਿਆ।ਤਸਵੀਰ ਵਿੱਚ ਇਨਾਮ ਵੰਡ ਸਮਾਰੋਹ ਖਿਡਾਰੀਆਂ ਸਮੇਤ ਸ਼ਾਮਲ ਹੋਏ ਸੂਬੇਦਾਰ ਸ੍ਰ ਸੁਖਦੇਵ ਸਿੰਘ ਗਿੱਲ ਟਕਾਪੁਰ ਅਤੇ ਕੋਚ ਜੁਗਰਾਜ ਸਿੰਘ ਸਹੋਤਾ।

# ਫੈਡਰੇਸ਼ਨ ਮਹਿਤਾ ਵਿਚ ਨੌਜਵਾਨਾਂ ਨੇ ਕੀਤੀ ਸ਼ਮੂਲੀਅਤ : ਭਾਈ ਜਸਪਾਲ ਸਿੰਘ



ਫ਼ਿਰੋਜ਼ਪੁਰ, 11 ਸਤੰਬਰ (ਮਨੋਹਰ ਲਾਲ) :— ਸਿੱਖ ਪੰਥ ਦੀ ਸੰਘਰਸ਼ੀਲ ਜਥੇਬੰਦੀ ਸਿੱਖ ਸਟੂਡੈਂਟ ਫੈਡਰੇਸ਼ਨ ਮਹਿਤਾ ਦੇ ਆਗੂਆਂ ਵੱਲੋਂ ਧਾਰਮਿਕ ਅਤੇ ਸਮਾਜਿਕ ਖੇਤਰ ਚ ਸੁਚੱਜੇ ਢੰਗ ਨਾਲ ਨਿਸ਼ਕਾਮ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਤੋਂ ਪ੍ਰਭਾਵਿਤ ਹੋ ਕੇ ਨੌਜਵਾਨ ਵਰਗ ਦਾ ਇਸ ਜਥੇਬੰਦੀ ਵਿੱਚ ਸ਼ਾਮਿਲ ਹੋਣਾ ਨਿਰੰਤਰ ਜਾਰੀ ਹੈ। ਫੈਡਰੇਸ਼ਨ ਮਹਿਤਾ ਨੌਜਵਾਨਾਂ ਦੀ ਪਹਿਲੀ ਪਸੰਦ ਬਣ ਚੁੱਕੀ ਹੈ ਅੱਜ ਨਵੇਂ ਵਰਕਰਾਂ ਵੱਲੋਂ ਆਪਣੀ ਇੱਛਾ ਅਨੁਸਾਰ ਸਥਾਨਕ ਸ਼ਹਿਰ ਦੇ ਜੱਸਾ ਸਿੰਘ ਰਾਮਗੜੀਆ ਗੇਟ ਦੇ ਅੰਦਰ ਰੱਖੇ ਸਮਾਗਮ ਵਿਚ ਦਰਜਨ ਤੋਂ ਵੱਧ ਨਵੇਂ ਵਰਕਰਾਂ ਨੇ ਇਸ ਜਥੇਬੰਦੀ ਵਿਚ ਸ਼ਮੂਲੀਅਤ ਕੀਤੀ। ਸ਼ਾਮਿਲ ਹੋਏ ਵਰਕਰਾਂ ਨੂੰ ਫੈਡਰੇਸ਼ਨ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜਸਪਾਲ ਸਿੰਘ, ਕੌਮੀ ਸਕੱਤਰ ਜਰਨੈਲ ਸਿੰਘ ਗਾਬੜੀਆ, ਹਰਜਿੰਦਰ ਸਿੰਘ ਬੱਗਾ, ਕੁਲਦੀਪ ਸਿੰਘ ਨੱਢਾ, ਗੁਰਦਰਸ਼ਨ ਸਿੰਘ ਬੱਬੀ ਅਤੇ ਸਤਨਾਮ ਸਿੰਘ ਹਰਿਆਣ ਨੇ ਸਰੋਪਾਓ ਦੇ ਕੇ ਜੈਕਾਰਿਆਂ ਦੀ ਗੂੰਜ ਸ਼ਮੂਲੀਅਤ ਦਾ ਐਲਾਨ ਕੀਤਾ। ਇਸ ਸਮੇਂ ਆਗੂਆਂ ਨੇ ਨਵੇਂ ਵਰਕਰਾਂ ਨੂੰ ਫੈਡਰੇਸ਼ਨ ਦੇ ਗੌਰਵਮਈ ਇਤਿਹਾਸ ਤੋਂ ਜਾਣੂ ਕਰਾਉਂਦਿਆਂ ਫੈਡਰੇਸ਼ਨ ਦੀਆਂ ਪ੍ਰਾਪਤੀਆਂ ਬਾਰੇ ਦੱਸਿਆ, ਨਵੇਂ ਵਰਕਰਾਂ ਨੇ ਪੁਰਾਣੇ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਉਨ੍ਹਾਂ ਦੀ ਅਗਵਾਈ ਵਿੱਚ ਹਰ ਸੇਵਾ ਚੋਂ ਹਿੱਸਾ ਲੈਣਗੇ ਅਤੇ ਉਨ੍ਹਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਜਥੇਬੰਦੀ ਦਾ ਨਾਮ ਹੋਰ ਵੀ ਰੌਸ਼ਨ ਕਰਨਗੇ। ਗੱਲਬਾਤ ਕਰਦਿਆਂ ਫੈਡਰੇਸ਼ਨ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜਸਪਾਲ ਸਿੰਘ ਨੇ ਦੱਸਿਆ ਕਿ ਅੱਜ ਸ਼ਾਮਿਲ ਹੋਏ ਵਰਕਰਾਂ ਚ ਭਾਈ ਪਿੱਪਲ ਸਿੰਘ (ਪ੍ਰਧਾਨ ਇਫਟੂ ਯੂਨੀਅਨ), ਗੁਰਸ਼ਰਨ ਸਿੰਘ, ਬੂਟਾ ਸਿੰਘ ਹਰਿਆਣ, ਬਲਵਿੰਦਰ ਸਿੰਘ, ਬਲਦੇਵ ਸਿੰਘ, ਰਵਿੰਦਰ ਸਿੰਘ, ਬਿੱਟੂ ਸਿੰਘ, ਦਵਿੰਦਰ ਸਿੰਘ ਸੋਨੂ, ਸੁੱਚਾ ਸਿੰਘ, ਸੁਖਦੇਵ ਸਿੰਘ ਸੁੱਖਾ, ਗੁਰਮਿੰਦਰ ਸਿੰਘ, ਪਰਮਜੀਤ ਸਿੰਘ, ਅੰਮ੍ਰਿਤਪ੍ਰੀਤ ਸਿੰਘ, ਗਗਨਦੀਪ ਸਿੰਘ, ਸੁਖਵਿੰਦਰ ਸਿੰਘ ਛਿੰਦਾ ਦੇ ਨਾਮ ਵਰਨਨਯੋਗ ਹਨ।

# ਖੇਡਾਂ ਵਤਨ ਪੰਜਾਬ ਦੀਆਂ ਵਿੱਚੋਂ ਬਾਬਾ ਫਰੀਦ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ 18 ਮੈਡਲ ਹਾਸਲ ਕੀਤੇ




**ਫ਼ਿਰੋਜ਼ਪੁਰ, 11 ਸਤੰਬਰ (ਮਨੋਹਰ ਲਾਲ)** :— ਪੰਜਾਬ ਸਰਕਾਰ ਦੇ ਉੱਦਮ ਸਦਕਾ ਚੱਲ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਬਾਬਾ ਫਰੀਦ ਇੰਟਰਨੈਸ਼ਨਲ ਸਕੂਲ ਕੁੱਲਗੜੀ ਦੇ ਵਿਦਿਆਰਥੀਆਂ ਨੇ ਹਿੱਸਾ ਲਿਆ ਅਤੇ ਖੇਡਾਂ ਦਾ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ 18 ਮੈਡਲ ਹਾਸਲ ਕੀਤੇ। ਜਿੱਤਾਂ ਦਰਜ ਕਰਕੇ ਸਕੂਲ ਪਹੁੰਚਣ ਤੇ ਸਕੂਲ ਮੈਨੇਜਮੈਂਟ ਕਮੇਟੀ ਅਤੇ ਸਕੂਲ ਪ੍ਰਿੰਸੀਪਲ ਮੈਡਮ ਗੀਤੂ ਚੋਪੜਾ ਵੱਲੋਂ ਸਵਾਗਤ ਕੀਤਾ ਗਿਆ। ਉਨ੍ਹਾਂ ਦੱਸਿਆ ਕਿ 14 ਸਾਲ ਦੀ ਉਮਰ ਦੇ ਵਰਗ ਵਿੱਚੋਂ ਵੀਰਨ ਸੇਠੀ ਜਮਾਤ ਨੌਵੀਂ ਨੇ ਸ਼ਾਟਪੁੱਟ ਵਿੱਚ ਪਹਿਲਾ ਸਥਾਨ, ਅਰਮਾਨ ਅਠਵਾਲ ਨੇ 600 ਮੀਟਰ ਵਿੱਚ ਦੂਜਾ ਸਥਾਨ ਅਤੇ 60 ਮੀਟਰ ਵਿੱਚੋਂ ਤੀਜਾ ਸਥਾਨ ਸੁਖਪ੍ਰੀਤ ਕੌਰ ਜਮਾਤ ਨੌਵੀ ਨੇ ਸਾਟਪੁੱਟ ਵਿੱਚ ਦੂਜਾ ਸਥਾਨ ਐਸ਼ਮੀਤ ਕੌਰ ਜਮਾਤ ਸੱਤਵੀਂ ਨੇ 600 ਮੀਟਰ ਅਤੇ ਲੰਬੀ ਛਾਲ ਵਿੱਚੋਂ ਤੀਜਾ ਸਥਾਨ ਸੁਖਮਨੀ ਜਮਾਤ ਸੱਤਵੀਂ ਨੇ 60 ਮੀਟਰ ਵਿੱਚ ਦੂਜਾ ਸਥਾਨ ਹਾਸਿਲ ਕੀਤਾ। ਉਨ੍ਹਾਂ ਦੱਸਿਆ ਕਿ 17 ਸਾਲ ਦੀ ਉਮਰ ਦੇ ਵਰਗ ਵਿੱਚ ਕੁਸਦੀਪ ਸਿੰਘ ਜਮਾਤ ਸੱਤਵੀ ਨੇ ਸ਼ਾਟਪੁੱਟ ਵਿੱਚ ਤੀਜਾ ਸਥਾਨ, ਖੁਸ਼ਦੀਪ ਸਿੰਘ ਜਮਾਤ ਸੱਤਵੀ ਨੇ 800 ਮੀਟਰ ਅਤੇ 200 ਮੀਟਰ ਵਿੱਚ ਦੂਜਾ ਅਤੇ ਤੀਜਾ ਸਥਾਨ ਜਸਮੇਲ ਸਿੰਘ ਜਮਾਤ ਗਿਆਰਵੀ ਨੇ ਲੰਬੀ ਛਾਲ ਵਿੱਚ ਤੀਜਾ ਸਥਾਨ ਅਭੇ ਪਰਤਾਪ ਸਿੰਘ ਜਮਾਤ ਦਸਵੀ ਨੇ 200 ਮੀਟਰ ਵਿੱਚ ਦੂਜਾ ਸਥਾਨ ਸਮੀਰ ਹਾਂਡਾ ਜਮਾਤ ਦਸਵੀ ਨੇ 1500 ਮੀਟਰ ਵਿੱਚ ਪਹਿਲਾ ਤੇ ਲੰਬੀ ਛਾਲ ਵਿੱਚ ਦੂਜਾ ਹਰਨੂਰ ਕੌਰ ਜਮਾਤ ਦਸਵੀ ਨੇ ਸ਼ਾਟਪੁੱਟ ਚੋ ਪਹਿਲਾਂ ਸੁਖਮਨਪਰੀਤ ਕੌਰ ਨੇ ਸ਼ਾਟਪੁੱਟ ਚੋ ਦੂਜਾ ਤੇ ਜਸਲੀਨ ਕੌਰ ਨੇ 400 ਮੀਟਰ ਤੀਜਾ ਸਥਾਨ ਹਾਸਲ ਕੀਤਾ ਗਗਨਜੀਤ ਸਿੰਘ ਨੇ ਸ਼ਾਟਪੁੱਟ ਵਿੱਚ ਤੀਜਾ ਸਥਾਨ ਹਾਸਲ ਕੀਤਾ ਸਕੂਲ ਪ੍ਰਿੰਸੀਪਲ ਨੇ ਜੇਤੂ ਵਿਦਿਆਰਥੀਆ ਨੂੰ ਵਧਾਈ ਦਿੱਤੀ ਉਨ੍ਹਾਂ ਨੇ ਸਰੀਰਕ ਸਿੱਖਿਆ ਆਧਿਆਪਕ ਗੁਰਪ੍ਰੀਤ ਸਿੰਘ ਤੇ ਹਰਪ੍ਰੀਤ ਸਿੰਘ ਨੂੰ ਵੀ ਇਸ ਜਿੱਤ ਦੀ ਵਧਾਈ ਦਿੱਤੀ।

# ਜੇਕਰ ਰਣਜੀਤ ਸਿੰਘ ਰੰਧਾਵਾ ਕਾਤਰੋਂ ਨੂੰ ਧੂਰੀ ਦਾ ਹਲਕਾ ਇੰਚਾਰਜ ਲਾਇਆ ਜਾਵੇ ਤਾਂ ਆਉਣ ਵਾਲੀਆਂ ਚੋਣਾਂ ਚ ਅਕਾਲੀ ਦਲ ਸਾਨ ਨਾਲ ਜਿੱਤ ਪ੍ਰਾਪਤ ਕਰੇਗਾ



**ਸ਼ੇਰਪੁਰ, ( ਰਣਜੀਤ ਸਿੰਘ ਪੇਧਨੀ )**-ਪਿਛਲੀਆਂ 2022 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਬਾਬੂ ਪ੍ਰਕਾਸ਼ ਚੰਦ ਗਰਗ ਨੂੰ ਟਿਕਟ ਦੇ ਕੇ ਨਿਵਾਜਿਆ ਗਿਆ ਸੀ । ਪਰ ਬਾਬੂ ਪ੍ਰਕਾਸ ਚੰਦ ਗਰਗ ਹਾਰਨ ਤੋਂ ਬਾਅਦ ਹਲਕੇ ਵਿੱਚੋਂ ਗਾਇਬ ਹੋ ਗਏ। 2022 ਤੋਂ ਲੈ ਕੇ ਅੱਜ ਤੱਕ ਧੂਰੀ ਵਿਧਾਨ ਸਭਾ ਹਲਕਾ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਹਲਕਾ ਇੰਚਾਰਜ ਤੋਂ ਵਾਝਾਂ ਹੋ ਕੇ ਰਹਿ ਗਿਆ। ਇਸ ਤੋਂ ਬਾਅਦ 2024 ਦੀਆਂ ਲੋਕ ਸਭਾ ਚੋਣਾਂ ਵਿੱਚ ਸੰਗਰੂਰ ਤੋਂ ਇਕਬਾਲ ਸਿੰਘ ਝੂੰਦਾ ਉਮੀਦਵਾਰ ਬਣੇ ਉਹ ਵੀ ਬਿਨਾਂ ਕਿਸੇ ਦੀ ਅਗਵਾਈ ਤੋਂ ਹੀ ਧੂਰੀ ਵਿਧਾਨ ਸਭਾ ਹਲਕੇ ਵਿੱਚ ਗੁਜ਼ਰਦੇ ਰਹੇ । ਜਿਸ ਦੇ ਨਤੀਜੇ ਵਜੋਂ ਹਲਕਾ ਇੰਨਚਾਰਜ ਨਾ ਹੋਣ ਦੇ ਕਾਰਨ ਕਈ ਪਿੰਡਾਂ 'ਚ ਤਾਂ ਪੋਲਿੰਗ ਵੀ ਨਹੀਂ ਲੱਗਿਆਂ । ਜੇਕਰ ਹਲਕੇ ਦੇ ਆਗੂਆਂ ਦੀ ਗੱਲ ਕੀਤੀ ਜਾਵੇ ਤਾਂ ਸ, ਭੁਪਿੰਦਰ ਸਿੰਘ ਭਲਵਾਨ ਮੈਂਬਰ ਸ਼੍ਰੋਮਣੀ ਕਮੇਟੀ ਸ,ਗਮਦੂਰ ਸਿੰਘ ਭਸੌੜ ਜਿਲ੍ਹਾ ਪ੍ਰਧਾਨ ਟਰਾਂਸਪੋਰਟ ਵਿੰਗ ਅਤੇ ਮਾਰਕੀਟ ਕਮੇਟੀ ਦੇ ਸਾਬਕਾ ਚੇਅਰਮੈਨ ਰਣਜੀਤ ਸਿੰਘ ਰੰਧਾਵਾ ਸਭ ਤੋਂ ਮਜਬੂਤ ਅਤੇ ਕੱਦਾਵਰ ਆਗੂ ਹਨ। ਰਣਜੀਤ ਸਿੰਘ ਰੰਧਾਵਾ ਕਾਤਰੋਂ ਪਿਛਲੇ ਲੰਮੇ ਸਮੇਂ ਤੋਂ ਸ੍ਰੋਮਣੀ ਅਕਾਲੀ ਦਲ ਦੀਆਂ ਮੂਰਲੀਆਂ ਸਫਾਂ ਵਿੱਚ ਕੰਮ ਕਰਨ ਵਾਲੇ ਆਗੂ ਹਨ।ਸ, ਰੰਧਾਵਾ ਧੂਰੀ ਹਲਕੇ ਵਿੱਚ ਪੈਂਦੇ ਪਿੰਡਾਂ ਦੇ ਆਗੂਆਂ ਅਤੇ ਵਰਕਰਾਂ ਜਥੇਦਾਰਾਂ ਨੂੰ ਨਾਮ ਤੋਂ ਜਾਣਦੇ ਹਨ। ਉਹਨਾਂ ਦੀ ਪਿੰਡਾਂ ਵਿੱਚ ਗੱਲਬਾਤ ਵੀ ਲੱਗਦੀ ਹੈ ਹਲਕੇ ਦੇ ਬਹੁਤਾਤ ਆਗੂਆਂ ਦੀ ਮੰਗ ਹੈ ਕਿ ਰਣਜੀਤ ਸਿੰਘ ਰੰਧਾਵਾ ਨੂੰ ਹਲਕਾ ਇੰਚਾਰਜ ਲਾਇਆ ਜਾਂਦਾ ਹੈ ਤਾਂ ਉਹ ਆਉਣ ਵਾਲੀਆਂ ਪੰਚਾਇਤੀ, ਜਿਲ੍ਹਾ ਪਰਿਸਦ, ਬਲਾਕ ਸੰਮਤੀ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਵੱਡੀ ਜਿੱਤ ਦਵਾ ਸਕਦੇ ਹਨ।

### ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਮੁੱਖ ਮਹਿਮਾਨ ਵਜੋਂ ਹੋਏ ਸ਼ਾਮਲ

# ਪਿੰਡ ਚੰਦੜ ਵਿਖੇ ਕਬੱਡੀ ਕੱਪ ਵਿਚ ਪਿੰਡ ਚੰਦੜ ਦੀ ਟੀਮ ਰਹੀ ਜੇਤੂ






ਫਿਰੋਜ਼ਪੁਰ 11 ਸਤੰਬਰ (ਸੁਖਮੰਦਰ ਸਿੰਘ ਸ਼ਾਂਤ) ਬਾਬਾ ਚੰਦੜ ਪੀਰ ਜੀ ਮੇਲਾ ਕਮੇਟੀ ਵੱਲੋਂ ਪਿੰਡ ਚੰਦੜ, ਫਿਰੋਜ਼ਪੁਰ ਵਿਖੇ 32ਵਾਂ ਕਬੱਡੀ ਕੱਪ ਕਰਵਾਇਆ ਗਿਆ। ਜਿਸ ਵਿੱਚ ਵੱਖ ਵੱਖ ਥਾਵਾਂ ਤੋਂ 32 ਟੀਮਾਂ ਨੇ ਭਾਗ ਲਿਆ। ਇਸ ਮੌਕੇ ਪੰਜਾਬ ਵਿਧਾਨਸਭਾ ਦੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਇਸ ਮੌਕੇ ਸਪੀਕਰ ਸ. ਕੁਲਤਾਰ ਸਿੰਘ ਸੰਧਵਾਂ ਨੇ ਮੌਕੇ ਤੇ ਜਿੱਥੇ ਕਬੱਡੀ ਮੈਚ ਦਾ ਆਨੰਦ ਮਾਨਿਆ ਉਥੇ ਹੀ ਉਨ੍ਹਾਂ ਆਪਣੇ ਸੰਬੋਧਨ ਵਿੱਚ ਕਿਹਾ ਕਿ ਕਬੱਡੀ ਪੰਜਾਬ ਦੀ ਸ਼ਾਨ ਹੈ ਜਦੋਂ ਕਿੱਤੇ ਵੀ ਕਬੱਡੀ ਦੀ ਗੱਲ ਹੁੰਦੀ ਹੈ ਤਾਂ ਪੰਜਾਬ ਦੇ ਕਬੱਡੀ ਦੇ ਖਿਡਾਰੀਆਂ ਦਾ ਨਾਮ ਪਹਿਲੇ ਨੰਬਰ ਤੇ ਆਉਂਦਾ ਹੈ। ਉਨ੍ਹਾਂ ਕਿਹਾ ਕਿ ਕਮੇਟੀ ਵੱਲੋਂ ਇਹ ਕਬੱਡੀ ਕੱਪ ਕਰਵਾਉਣ ਦਾ ਬਹੁਤ ਵਧੀਆ ਉਪਰਾਲਾ ਹੈ ਹੋਰਨਾਂ ਨੌਜਵਾਨਾਂ ਨੂੰ ਵੀ ਇਨ੍ਹਾਂ ਤੋਂ ਪ੍ਰੇਰਿਤ ਹੋ ਕੇ ਖੇਡਾਂ ਨਾਲ ਜੁੜਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਵੀ ਨੌਜਵਾਨਾਂ ਨੂੰ ਵੱਧ ਤੋਂ ਵੱਧ ਖੇਡਾਂ ਨਾਲ ਜੋੜਨ ਲਈ ਖੇਡਾਂ ਵਤਨ ਪੰਜਾਬ ਦੀਆਂ ਸ਼ੁਰੂ ਕੀਤਾ ਗਿਆ ਹੈ ਅਤੇ ਜਿਸ ਦੇ ਤੀਜੇ ਸੀਜ਼ਨ ਦੀ ਸ਼ੁਰੂਆਤ ਹੋ ਚੁੱਕੀ ਹੈ ਅਤੇ ਆਉਣ ਵਾਲੇ ਦਿਨਾਂ ਵਿੱਚ ਲੋਕਾਂ ਨੂੰ ਪੰਜਾਬ ਵਿਚ ਹੋਰ ਵੀ ਕਈ ਇਸ ਤਰ੍ਹਾਂ ਦੇ ਪ੍ਰਾਜੈਕਟ ਦੇਖਣ ਨੂੰ ਮਿਲਣਗੇ। ਇਸ ਮੌਕੇ ਉਨ੍ਹਾਂ ਹੋਰਨਾਂ ਨੌਜਵਾਨਾਂ ਨੂੰ ਵੀ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਇਸ ਕਬੱਡੀ ਕੱਪ ਵਿੱਚ ਆਪਣੀ ਤਰਫੋਂ ਵੱਖਰੇ ਤੋਰ ਤੇ ਕਮੇਟੀ ਨੂੰ 21 ਹਜ਼ਾਰ ਤੇ ਜੇਤੂ ਟੀਮ ਨੂੰ ਵੀ 21 ਹਜ਼ਾਰ ਰਪੁਏ ਦੇਣ ਦਾ ਐਲਾਨ ਕੀਤਾ ਤੇ ਕਿਹਾ ਕਿ ਇਹ 21 ਹਜ਼ਾਰ ਦਾ ਇਨਾਮ ਤੇ ਸਨਮਾਨ ਜੇਤੂ ਟੀਮ ਨੂੰ ਵਿਧਾਨਸਭਾ ਵਿੱਚ ਬੁਲਾ ਕੇ ਦਿੱਤਾ ਜਾਵੇਗਾ ਤਾਂ ਜੋ ਵੱਧ ਤੋਂ ਵੱਧ ਨੌਜਵਾਨਾਂ ਨੂੰ ਇਨ੍ਹਾਂ ਤੋਂ ਪ੍ਰੇਰਨਾ ਮਿਲ ਸਕੇ। ਇਸ ਮੌਕੇ ਉਹ ਖਾਸ ਤੌਰ ਤੇ ਮੈਦਾਨ ਵਿੱਚ ਪਹੁੰਚ ਕੇ ਕਬੱਡੀ ਖਿਡਾਰੀਆਂ ਨੂੰ ਵੀ ਮਿਲੇ। ਉਨ੍ਹਾਂ ਇਸ ਦੌਰਾਨ ਪਿੰਡ ਵਾਸੀਆਂ ਵੱਲੋਂ ਪਿੰਡ ਘੁਮਿਆਰਾ ਤੋਂ ਚੰਦੜ ਤੱਕ ਦੀ ਸੜੱਕ ਬਣਾਉਣ ਦੀ ਮੰਗ ਤੇ ਸਪੀਕਰ ਵੱਲੋਂ ਸੜਕ ਨੂੰ ਪਾਸ ਕਰਵਾਉਣ ਅਤੇ ਕੇਂਦਰ ਸਰਕਾਰ ਵੱਲੋਂ ਰੋਕੇ ਬਜਟ ਨੂੰ ਮਿਲੱਣ ਤੇ ਸੜਕ ਬਣਵਾਉਣ ਦਾ ਭਰੋਸਾ ਦਵਾਇਆ। ਇਸ ਕਬੱਡੀ ਕੱਪ ਦੌਰਾਨ 32 ਟੀਮਾਂ ਵੱਲੋਂ ਵੱਖ ਵੱਖ ਟੀਮਾਂ ਨਾਲ ਮੈਚ ਖੇਡੇ ਗਏ। ਫਾਈਨਲ ਮੈਚ ਵਿੱਚ ਪਿੰਡ ਚੰਦੜ ਅਤੇ ਪਿੰਡ ਸੁਰੇ ਵਾਲਾ ਵਿਚਕਾਰ ਹੋਇਆ, ਜਿਸ ਵਿੱਚ ਪਿੰਡ ਚੰਦੜ ਦੀ ਟੀਮ ਨੇ ਪਿੰਡ ਸੂਰੇ ਵਾਲਾ ਦੀ ਟੀਮ ਨੂੰ ਹਰਾ ਕੇ ਜਿੱਤ ਪ੍ਰਾਪਤ ਕੀਤੀ। ਜੇਤੂ ਟੀਮ ਨੂੰ ਕਮੇਟੀ ਵੱਲੋਂ 31 ਹਜ਼ਾਰ ਰੁਪਏ ਤੇ ਕੱਪ ਅਤੇ ਦੂਜੀ ਸਥਾਨ ਤੇ ਰਹਿਣ ਵਾਲੀ ਟੀਮ ਨੂੰ 21000 ਹਜ਼ਾਰ ਤੇ ਕੱਪ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਕਾਰ ਬੋਰਡ ਫਿਰੋਜ਼ਪੁਰ ਸ. ਚੰਦ ਸਿੰਘ ਗਿੱਲ, ਜ਼ਿਲ੍ਹਾ ਪ੍ਰਧਾਨ ਆਪ ਡਾ. ਮਲਕੀਤ ਥਿੰਦ, ਚੇਅਰਮੈਨ ਜ਼ਿਲ੍ਹਾ ਯੋਜਨਕਾਰ ਬੋਰਡ ਫਰੀਦਕੋਟ ਸ. ਸੁਖਜੀਤ ਸਿੰਘ, ਪੀ.ਆਰ.ਓ ਮਨਪ੍ਰੀਤ ਧਾਲੀਵਾਲ, ਆਪ ਆਗੂ ਰੋਬੀ ਸੰਧੂ, ਬੇਅੰਤ ਸਿੰਘ, ਬਾਬਾ ਚੰਦੜ ਪੀਰ ਜੀ ਮੇਲਾ ਕਮੇਟੀ ਚੰਦੜ ਦੇ ਪ੍ਰਧਾਨ ਸੁਖਜਿੰਦਰ ਸਿੰਘ, ਬਗੇਲ ਸਿੰਘ ਬਰਾੜ ਖਜਾਂਚੀ, ਮੋੜਾ ਸਿੰਘ ਮੈਂਬਰ, ਸੁਖਰਾਜ ਸਿੰਘ ਮੀਤ ਪ੍ਰਧਾਨ, ਗੁਰਜਿੰਦਰ ਸਿੰਘ ਮੈਂਬਰ, ਵਰਯਾਮ ਸਿੰਘ ਮੈਂਬਰ, ਉਡੀਕ ਸਿੰਘ ਬਰਾੜ ਮੈਂਬਰ, ਬਿੰਦਰ ਉਸਤਾਦ ਮੈਂਬਰ ਸਮੇਤ ਪਿੰਡ ਵਾਸੀ ਹਾਜ਼ਰ ਸਨ।

**ਸਪੀਕਰ ਵੱਲੋਂ ਕਮੇਟੀ ਨੂੰ ਅਤੇ ਜੇਤੂ ਟੀਮ ਨੂੰ ਵੱਖਰੇ ਤੌਰ ਤੇ 21-21 ਹਜ਼ਾਰ ਰੁਪਏ ਇਨਾਮ ਦੇਣ ਦਾ ਐਲਾਨ**

### ਨੌਜਵਾਨਾਂ ਦਾ ਫੈਡਰੇਸ਼ਨ ਮਹਿਤਾ ਵਿੱਚ ਸ਼ਾਮਿਲ ਹੋਣਾ ਨਿਰੰਤਰ ਜਾਰੀ

# ਦਰਜਨ ਤੋਂ ਵਧੇਰੇ ਨਵੇਂ ਵਰਕਰਾਂ ਨੇ ਕੀਤੀ ਸ਼ਮੂਲੀਅਤ



ਫਿਰੋਜ਼ਪੁਰ 11 ਸਤੰਬਰ( ਸੁਖਮੰਦਰ ਸਿੰਘ ਸ਼ਾਤ )ਸਿੱਖ ਪੰਥ ਦੀ ਸੰਘਰਸ਼ੀਲ ਜਥੇਬੰਦੀ ਸਿੱਖ ਸਟੂਡੈਂਟ ਫੈਡਰੇਸ਼ਨ ਮਹਿਤਾ ਦੇ ਆਗੂਆਂ ਵੱਲੋਂ ਧਾਰਮਿਕ ਅਤੇ ਸਮਾਜਿਕ ਖੇਤਰ ਚ ਸੁਚੱਜੇ ਢੰਗ ਨਾਲ ਨਿਸ਼ਕਾਮ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਤੋਂ ਪ੍ਰਭਾਵਿਤ ਹੋ ਕੇ ਨੌਜਵਾਨ ਵਰਗ ਦਾ ਇਸ ਜਥੇਬੰਦੀ ਵਿੱਚ ਸ਼ਾਮਿਲ ਹੋਣਾ ਨਿਰੰਤਰ ਜਾਰੀ ਹੈ। ਅਤੇ ਫੈਡਰੇਸ਼ਨ ਮਹਿਤਾ ਨੌਜਵਾਨਾਂ ਦੀ ਪਹਿਲੀ ਪਸੰਦ ਬਣ ਚੁੱਕੀ ਹੈ ਅੱਜ ਨਵੇਂ ਵਰਕਰਾਂ ਵੱਲੋਂ ਆਪਣੇ ਇੱਛਾ ਅਨੁਸਾਰ ਸਥਾਨਕ ਸ਼ਹਿਰ ਦੇ ਜੱਸਾ ਸਿੰਘ ਰਾਮਗੜੀਆ ਗੇਟ ਦੇ ਅੰਦਰ ਇੱਕ ਰੱਖੇ ਸਮਾਗਮ ਚ ਦਰਜਨ ਤੋਂ ਵੱਧ ਨਵੇਂ ਵਰਕਰਾਂ ਨੇ ਇਸ ਜਥੇਬੰਦੀ ਵਿੱਚ ਸ਼ਾਮਿਲ ਹੋ ਕੇ ਆਪਣੀਆਂ ਸੇਵਾਵਾਂ ਆਗੂਆਂ ਨੂੰ ਸੌਂਪ ਦਿੱਤੀਆਂ। ਨਵੇਂ ਸ਼ਾਮਿਲ ਹੋਏ ਵਰਕਰਾਂ ਨੂੰ ਫੈਡਰੇਸ਼ਨ ਦੇ ਕੌਮੀ ਸੀਨੀਅਰ ਮੀਤ ਪ੍ਰਧਾਨ ਭਾਈ ਜਸਪਾਲ ਸਿੰਘ, ਕੋਮੀ ਸਕੱਤਰ ਜਰਨੈਲ ਸਿੰਘ ਗਾਬੜੀਆ, ਹਰਜਿੰਦਰ ਸਿੰਘ ਬੱਗਾ, ਕੁਲਦੀਪ ਸਿੰਘ ਨੱਢਾ, ਗੁਰਦਰਸ਼ਨ ਸਿੰਘ ਬੱਬੀ, ਅਤੇ ਸਤਨਾਮ ਸਿੰਘ ਹਰਿਆਣ ਨੇ ਸਰੋਪਾਓ ਦੇ ਕੇ ਜੈਕਾਰਿਆਂ ਦੀ ਗੂੰਜ ਉਹਨਾਂ ਦੀ ਸ਼ਮੂਲੀਅਤ ਦਾ ਐਲਾਨ ਕੀਤਾ। ਇਸ ਸਮੇਂ ਆਗੂਆਂ ਨੇ ਨਵੇਂ ਵਰਕਰਾਂ ਨੂੰ ਫੈਡਰੇਸ਼ਨ ਦੇ ਗੌਰਵਮਈ ਇਤਿਹਾਸ ਤੋਂ ਜਾਣੂ ਕਰਾਉਂਦਿਆਂ ਫੈਡਰੇਸ਼ਨ ਦੀਆਂ ਪ੍ਰਾਪਤੀਆਂ ਬਾਰੇ ਵੀ ਦੱਸਿਆ ਨਵੇਂ ਵਰਕਰਾਂ ਨੇ ਪੁਰਾਣੇ ਆਗੂਆਂ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਉਹਨਾਂ ਦੀ ਅਗਵਾਈ ਵਿੱਚ ਹਰ ਸੇਵਾ ਚੋਂ ਹਿੱਸਾ ਲੈਣਗੇ ਅਤੇ ਉਹਨਾਂ ਦੇ ਮੋਢੇ ਨਾਲ ਮੋਢਾ ਜੋੜ ਕੇ ਜਥੇਬੰਦੀ ਦਾ ਨਾਮ ਹੋਰ ਵੀ ਰੋਸ਼ਨ ਕਰਨਗੇ। ਅੱਜ ਸ਼ਾਮਿਲ ਹੋਏ ਵਰਕਰਾਂ ਚ ਭਾਈ ਪਿੱਪਲ ਸਿੰਘ (ਪ੍ਰਧਾਨ ਇਫਟੂ ਯੂਨੀਅਨ), ਗੁਰਸ਼ਰਨ ਸਿੰਘ, ਬੂਟਾ ਸਿੰਘ ਹਰਿਆਣ, ਬਲਵਿੰਦਰ ਸਿੰਘ, ਬਲਦੇਵ ਸਿੰਘ, ਰਵਿੰਦਰ ਸਿੰਘ, ਬਿੱਟੂ ਸਿੰਘ, ਦਵਿੰਦਰ ਸਿੰਘ ਸੋਨੂ, ਸੁੱਚਾ ਸਿੰਘ, ਸੁਖਦੇਵ ਸਿੰਘ ਸੁੱਖਾ, ਗੁਰਮਿੰਦਰ ਸਿੰਘ, ਪਰਮਜੀਤ ਸਿੰਘ, ਅੰਮ੍ਰਿਤਪ੍ਰੀਤ ਸਿੰਘ, ਗਗਨਦੀਪ ਸਿੰਘ, ਸੁਖਵਿੰਦਰ ਸਿੰਘ ਛਿੰਦਾ ਦੇ ਨਾਮ ਵਰਨਨਯੋਗ ਹਨ।

# ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਵੱਲੋਂ ਲੋੜਵੰਦ ਵਿਦਿਆਰਥੀਆਂ ਨੂੰ ਵੰਡਿਆ ਸਮਾਨ



**ਚੌਕ ਮਹਿਤਾ, 11 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਖੰਡਵਾਲਾ ਚੌਕ ਛੇਹਰਟਾ ਵਿਖੇ ਸਥਿਤ ਕੰਪਿਊਟਰ ਸੈਂਟਰ ਆਰੀਆ ਇਨਫੋਟੈਕ ਕੰਪਿਊਟਰ ਐਜੂਕੇਸ਼ਨ ਨੂੰ ਫਰਿੱਜ ਦਾਨ ਕੀਤਾ ਗਿਆ ਇਸ ਕੇਂਦਰ ਵਿੱਚ ਲਗਭਗ 250 ਲੋੜਵੰਦ ਪਰਿਵਾਰਾਂ ਦੇ ਵਿਦਿਆਰਥੀ ਬਹੁਤ ਹੀ ਮਾਮੂਲੀ ਫੀਸ 'ਤੇ ਕੰਪਿਊਟਰ ਬਾਰੇ ਮੁੱਢਲੀ ਅਤੇ ਉੱਨਤ ਜਾਣਕਾਰੀ ਪ੍ਰਾਪਤ ਕਰ ਰਹੇ ਹਨ ਇਸ ਕੇਂਦਰ ਵੱਲੋਂ ਮੁਫ਼ਤ ਕਿਤਾਬਾਂ ਦਾ ਵੀ ਪ੍ਰਬੰਧ ਕੀਤਾ ਜਾਂਦਾ ਹੈ ਰੋਟਰੀ ਕਲੱਬ ਅੰਮ੍ਰਿਤਸਰ ਕੈਂਟ ਦੇ ਪ੍ਰਧਾਨ ਆਰ.ਟੀ.ਐਨ.ਡਾ.ਅਮਰਜੀਤ ਸਿੰਘ ਸਚਦੇਵਾ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਇਸ ਦਾ ਵਿਦਿਆਰਥੀਆਂ ਨੂੰ ਫਾਇਦਾ ਹੋਵੇਗਾ ।ਉਨ੍ਹਾਂ ਨੇ ਲੋੜ ਪੈਣ 'ਤੇ ਸਟੇਸ਼ਨਰੀ ਆਦਿ ਦੇ ਰੂਪ ਵਿੱਚ ਹੋਰ ਵੀ ਮਦਦ ਦਾ ਭਰੋਸਾ ਦਿੱਤਾ ਅਤੇ ਆਉਣ ਵਾਲੇ ਮਹੀਨਿਆਂ ਵਿੱਚ ਮੁਫ਼ਤ ਸਕਿਨ ਚੈਕਅੱਪ ਕੈਂਪ ਲਗਾਉਣ ਦਾ ਵੀ ਵਾਅਦਾ ਕੀਤਾ ਸਾਰੇ ਮੈਂਬਰਾਂ ਦੁਆਰਾ ਵਿਦਿਆਰਥੀਆਂ ਵਿੱਚ ਪੈਕ ਕੀਤੇ ਡੱਬਿਆਂ ਵਿੱਚ ਵੰਡੇ ਗਏ ਇਸ ਮੌਕੇ ਸ਼੍ਰੀ ਸਤਪਾਲ ਅਰੋੜਾ ਅਤੇ ਆਰ.ਟੀ.ਐਨ.ਰਸਜੀਤ ਸਿੰਘ ਖੇੜਾ ਨੇ ਇਸ ਨੇਕ ਕਾਰਜ ਲਈ ਆਰ.ਟੀ.ਐਨ.ਅਮਰਜੀਤ ਸਿੰਘ ਸਚਦੇਵਾ ਅਤੇ ਉਹਨਾਂ ਦੀ ਟੀਮ ਦਾ ਇਸ ਕੇਂਦਰ ਦੇ ਮੁੱਖ ਪ੍ਰਬੰਧਕਾਂ ਵੱਲੋਂ ਸਨਮਾਨ ਕੀਤਾ ਅਤੇ ਧੰਨਵਾਦ ਕੀਤਾ ਅਤੇ ਆਰ ਟੀ ਐਨ ਡਾ: ਜਸਪ੍ਰੀਤ ਗਰੋਵਰ ਆਰ ਟੀ ਐਨ ਉਪਕਾਰ ਸਿੰਘ ਆਰ ਟੀ ਐਨ ਰੁਪਿੰਦਰ ਕਟਾਰੀਆ ਆਰ ਟੀ ਐਨ ਮਮਤਾ ਪੁਰੀ ਆਰ ਟੀ ਐਨ ਟੀ ਐਸ ਸੋਖੀ ਆਰ ਟੀ ਐਨ ਨਵਨੀਤ ਸਚਦੇਵਾ ਆਰ ਟੀ ਐਨ ਜਗਜੀਤ ਸਿੰਘ ਆਰ ਟੀ ਐਨ ਮਨਦੀਪ ਆਰ ਟੀ ਐਨ ਵਿਜੇ ਭਸੀਨ ਡਾ. ਅਮਿਤੇਸ਼ਵਰ ਸਿੰਘ ਅਤੇ ਰੋਟਰੀ ਦੇ ਕਈ ਪ੍ਰਮੁੱਖ ਮੈਂਬਰ ਅਤੇ ਛੇਹਰਟਾ ਕਲੱਬ ਦੀਆਂ ਹੋਰ ਸ਼ਖਸੀਅਤਾਂ ਹਾਜ਼ਰ ਸਨ।

# ਸਿਹਤ ਕਰਮਚਾਰੀਆਂ ਤੇ ਹੋ ਰਹੀ ਹਿੰਸਾ ਨੂੰ ਰੋਕਣ ਲਈ ਜਿਲ੍ਹਾ ਪੱਧਰੀ ਕਮੇਟੀ ਦਾ ਕੀਤਾ ਗਠਨ



**ਚੌਕ ਮਹਿਤਾ, 11 ਸਤੰਬਰ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਮਾਣਯੋਗ ਵਧੀਕ ਡਿਪਟੀ ਕਮਿਸ਼ਨਰ ਸ਼੍ਰੀ ਮਤੀ ਜੋਤੀ ਬਾਲਾ ਮੱਟੂ, ਜੀ ਦੀ ਪ੍ਰਧਾਨਗੀ ਹੇਠ ਪਹਿਲੀ ਮੀਟਿੰਗ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਦਫਤਰ ਡਿਪਟੀ ਕਮਿਸ਼ਨਰ, ਅੰਮ੍ਰਿਤਸਰ ਜੀ ਦੇ ਦਫਤਰ ਵਿਖੇ ਕੀਤੀ ਗਈ। ਇਸ ਮੀਟਿੰਗ ਵਿੱਚ ਮਾਣਯੋਗ ਸਿਹਤ ਮੰਤਰੀ, ਪੰਜਾਬ ਜੀ ਵੱਲੋ ਕੀਤੀ ਗਈ ਵੀਡਿਉ ਕਾਨਫਰੰਸ ਦੇ ਸਾਰੇ ਏਜੰਡੇ ਨੂੰ ਲਾਗੂ ਕਰਨ ਸਬੰਧੀ ਵਿਚਾਰ ਚਰਚਾ ਕੀਤੀ ਗਈ। ਇਸ ਮੀਟਿੰਗ ਦੋਰਾਨ ਸਿਵਲ ਸਰਜਨ, ਅੰਮ੍ਰਿਤਸਰ ਡਾ. ਕਿਰਨਦੀਪ ਕੋਰ, ਸਹਾਇਕ ਸਿਵਲ ਸਰਜਨ ਡਾ. ਰਜਿੰਦਰ ਪਾਲ ਕੋਰ, ਡਾਇਰੈਕਟਰ ਪ੍ਰਿੰਸੀਪਲ, ਸਰਕਾਰੀ ਮੈਡੀਕਲ ਕਾਲਜ, ਅੰਮ੍ਰਿਤਸਰ ਡਾ. ਕੁਲਤਾਰ ਸਿੰਘ, ਸਹਾਇਕ ਜ਼ਿਲ੍ਹਾ ਅਟਾਰਨੀ ਦੇ ਨੁਮਾਇੰਦੇ, ਕਮਿਸ਼ਨਰ ਪੁਲਿਸ ਅੰਮ੍ਰਿਤਸਰ ਸ਼ਹਿਰੀ ਦੇ ਨੁਮਾਇੰਦੇ, ਸੀਨੀਅਰ ਪੁਲਿਸ ਕਪਤਾਨ, ਅੰਮ੍ਰਿਤਸਰ(ਦਿਹਾਤੀ) ਦੇ ਨੁਮਾਇੰਦੇ, ਸੀਨੀਅਰ ਮੈਡੀਕਲ ਅਫਸਰ, ਇੰਚ, ਸਿਵਲ ਹਸਪਤਾਲ, ਅੰਮ੍ਰਿਤਸਰ ਡਾ. ਸਵਰਨਜੀਤ ਧਵਨ, ਪ੍ਰਧਾਨ ਜ਼ਿਲ੍ਹਾ ਆਈ.ਐਮ.ਏ, ਅੰਮ੍ਰਿਤਸਰ, ਡਾ. ਅਤੁੱਲ ਕਪੂਰ, ਪੀ.ਸੀ.ਐਮ.ਐਸ ਦੇ ਜ਼ਿਲ੍ਹਾ ਪ੍ਰਧਾਨ ਡਾ. ਸੁਮੀਤਪਾਲ ਸਿੰਘ, ਸ਼੍ਰੀ ਸੰਜੀਵ ਕੁਮਾਰ, ਸੀਨੀਅਰ ਫਾਰਮੇਸੀ ਅਫਸਰ ਪੈਰਾ ਮੈਡੀਕਲ ਸਟਾਫ, ਸ਼੍ਰੀ ਗੁਰਦੇਵ ਸਿੰਘ, ਐਮ.ਪੀ.ਐਚ.ਸੀ ਨੁਮਾਇੰਦਾ ਪੈਰਾ ਮੈਡੀਕਲ ਸਟਾਫ ਅੰਮ੍ਰਿਤਸਰ ਹਾਜਰ ਹੋਏ ਇਸ ਮੀਟਿੰਗ ਦੋਰਾਨ ਮਾਨਯੋਗ ਏ.ਡੀ.ਸੀ ਵੱਲੋ ਸੁਝਾਵ ਦਿੱਤਾ ਗਿਆ ਕਿ ਇਸ ਕਮੇਟੀ ਵਿੱਚ ਹੈਲਥ ਕੇਅਰ ਪ੍ਰੋਫੈਸ਼ਨਲ ਸਟਾਫ ਵਿੱਚੋ ਇੱਕ ਨੁਮਾਇੰਦਾ ਜਰੂਰ ਲਿਆ ਜਾਵੇ, ਜਿਵੇਂ ਕਿ ਸਟਾਫ ਨਰਸ ਸਕਿਉਰਟੀ ਦੇ ਪੁਖਤਾ ਪ੍ਰਬੰਧਾ ਲਈ ਪੈਸਕੋ ਸਟਾਫ ਦੀ ਡਿਮਾਂਡ ਸਿਵਲ ਸਰਜਨ, ਅੰਮ੍ਰਿਤਸਰ ਰਾਹੀਂ ਭੇਜੀ ਜਾਵੇ। ਹਰੇਕ ਸਿਹਤ ਸੰਸਥਾਂ ਵਿੱਚ ਇੱਕ ਹੈਲਪ ਡੈਸਕ ਬਣਾਇਆ ਜਾਵੇ ਜੋ ਕਿ ਸਿਹਤ ਪ੍ਰੋਫੈਸ਼ਨਲ ਖਾਸ ਤੋਰ ਤੇ ਮਹਿਲਾ ਸਟਾਫ ਨਾਲ ਕਿਸੇ ਵੀ ਪ੍ਰਕਾਰ ਦੇ ਲਈ ਤੁਰੰਤ ਕਾਰਵਾਈ ਕਰੇ ।ਸਾਰੇ ਸਰਕਾਰੀ ਅਤੇ ਪ੍ਰਾਈਵੇਟ ਨਰਸਿੰਗ ਕਾਲਜਾਂ ਵਿੱਚ ਸੀ.ਸੀ.ਟੀ.ਵੀ ਸਰਵੀਲੈਂਸ ਹੋਣੀ ਯਕੀਨੀ ਬਣਾਈ ਜਾਵੇ ਹਰੇਕ ਸਿਹਤ ਸੰਸਥਾਂ ਵਿੱਚ ਸਕਿਉਰਟੀ ਪ੍ਰਤੀ ਇੱਕ ਚੈਕ ਲਿਸਟ/ਪ੍ਰਸ਼ਨਾਂਵਲੀ ਭਰਵਾਈ ਜਾਵੇ ਤਾਂ ਜੋ ਉਸ ਸੰਸਥਾਂ ਦੇ ਸਕਿਉਰਟੀ ਪ੍ਰਤੀ ਹਾਲਾਤਾਂ ਦਾ ਪਤਾ ਲੱਗ ਸਕੇ ਸਮੇਂ-ਸਮੇ ਤੇ ਉਚ-ਅਧਿਕਾਰੀਆਂ ਵੱਲੋ ਸਿਹਤ ਸੰਸਥਾਵਾਂ ਦੀ ਚੈਕਿੰਗ ਕੀਤੀ ਜਾਵੇ ।ਹਰੇਕ ਸਿਹਤ ਸੰਸਥਾਂ ਵਿੱਚ ਈਵ ਟੀਜਿੰਗ ਨੂੰ ਰੋਕਣ ਲਈ ਮਹਿਲਾ ਹਰਾਸਮੈਂਟ ਕਮੇਟੀ ਗਠਿਤ ਕੀਤੀ ਜਾਵੇ ਇਸ ਮੋਕੇ ਸਿਵਲ ਸਰਜਨ ਡਾ. ਕਿਰਨਦੀਪ ਕੋਰ ਨੇ ਕਿਹਾ ਕਿ ਕਿਸੇ ਵੀ ਸ਼ੱਕੀ ਵਿਅਕਤੀ ਦੀ ਸਿਹਤ ਸੰਸਥਾਂ ਅਧੀਨ ਮੋਜੂਦਗੀ ਮਹਿਸੂਸ ਹੋਣ ਤੇ ਤੁਰੰਤ ਉਸ ਸਬੰਧੀ ਉਚ ਅਧਿਕਾਰੀਆਂ ਦੇ ਧਿਆਨ ਵਿੱਚ ਲਿਆਂਦਾ ਜਾਵੇ ਅਤੇ ਲੋੜ ਪੈਣ ਤੇ ਤੁਰੰਤ ਪੁਲਿਸ ਵਿਭਾਗ ਨੂੰ ਹੈਲਪ ਲਾਈਨ ਨੰਬਰ.112 ਤੇ ਸੂਚਿਤ ਕੀਤਾ ਜਾਵੇ। ਇਸ ਹੈਲਪ ਲਾਈਨ ਨੰਬਰ ਨੂੰ ਹਰ ਸਿਹਤ ਸੰਸਥਾਂਵਾਂ ਵਿੱਚ ਲਗਾਇਆ ਜਾਵੇ ਅਤੇ ਸਟਾਫ ਨੂੰ ਇਸ ਹੈਲਪ ਲਾਈਨ ਨੰਬਰ ਤੋ ਜਾਣੂ ਕਰਵਾਇਆ ਜਾਵੇ। ਇਸ ਦੇ ਨਾਲ ਹੀ ਪੁਲਿਸ ਵਿਭਾਗ ਨੂੰ ਹਦਾਇਤ ਕੀਤੀ ਗਈ ਕਿ ਅਜਿਹੀ ਸੂਚਨਾ ਮਿਲਣ ਤੇ ਤੁਰੰਤ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ ।ਆਈ.ਐਮ.ਏ ਦੇ ਨੁਮਾਇੰਦੇ ਅਤੇ ਪ੍ਰਾਈਵੇਟ ਹਸਪਤਾਲਾਂ ਦੇ ਨੁਮਾਇੰਦੀਆਂ ਵੱਲੋ ਇਹ ਸੁਝਾਅ ਦਿੱਤਾ ਗਿਆ ਕਿ ਸਿਹਤ ਸੰਸਥਾਂਵਾਂ ਵਿੱਚ ਬਹੁਤ ਵੱਧ ਰਹੀ ਹੈ ਅਤੇ ਆਮ ਹੀ ਮਰੀਜਾਂ ਵੱਲੋ ਹਸਪਤਾਲਾਂ ਦੀ ਤੋੜ-ਫੋੜ ਜਾਂ ਨੁਕਸਾਨ ਪਹੁੰਚਾਉਣ ਦੀਆਂ ਘਟਨਾਵਾਂ ਵਿੱਚ ਵਾਧਾ ਹੋ ਰਿਹਾ ਹੈ। ਇਸ ਲਈ ਪੁਲਿਸ ਵਿਭਾਗ ਨੂੰ ਹਦਾਇਤ ਕੀਤੀ ਜਾਵੇ ਕਿ ਅਜਿਹੀ ਕੋਈ ਵੀ ਸੂਚਨਾ ਮਿਲਣ ਤੇ ਤੁਰੰਤ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇ।

## ਰਾਹੁਲ ਗਾਂਧੀ ਦੇ ਸਿੱਖਾਂ ਪੱਖੀ ਬਿਆਨ ਨੇ ਮਚਾਇਆ ਹੰਗਾਮਾ

# ਭਾਜਪਾਈ ਸਿੱਖ ਆਗੂਆਂ ਨੇ ਉਸਦੇ ਘਰ ਦੇ ਬਾਹਰ ਕੀਤਾ ਹੰਗਾਮਾ



**ਨਵੀਂ ਦਿੱਲੀ 11 ਸੰਤਬਰ (ਮਨਪ੍ਰੀਤ ਸਿੰਘ ਖਾਲਸਾ)**:- ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਅਤੇ ਕਾਂਗਰਸ ਦੇ ਸੰਸਦ ਮੈਂਬਰ ਰਾਹੁਲ ਗਾਂਧੀ ਦੇ ਹਾਲ ਹੀ ਵਿੱਚ ਅਮਰੀਕਾ ਦੌਰੇ ਦੌਰਾਨ ਸਿੱਖ ਧਰਮ ਬਾਰੇ ਦਿੱਤੇ ਬਿਆਨ ਨੇ ਸਿਆਸੀ ਹਲਕਿਆਂ ਵਿੱਚ ਤੂਫ਼ਾਨ ਪੈਦਾ ਕਰ ਦਿੱਤਾ ਹੈ।ਗਾਂਧੀ ਨੇ ਵਰਜੀਨੀਆ ਵਿਚ ਇਕ ਸਮਾਗਮ ਵਿਚ ਕਿਹਾ ਸੀ ਕਿ ਭਾਰਤ ਵਿਚ ਸਿੱਖਾਂ ਦੀ ਧਾਰਮਿਕ ਆਜ਼ਾਦੀ ਲਈ ਸੰਘਰਸ਼ ਚੱਲ ਰਿਹਾ ਹੈ, ਜਿਸ ਵਿਚ ਦਸਤਾਰ ਪਹਿਨਣ, ਕੜਾ ਪਹਿਨਣ ਅਤੇ ਗੁਰਦੁਆਰੇ ਜਾਣ ਦੀ ਇਜਾਜ਼ਤ ’ਤੇ ਸਵਾਲ ਉਠਾਏ ਗਏ ਹਨ।ਉਨ੍ਹਾਂ ਦੇ ਬਿਆਨ ’ਤੇ ਭਾਜਪਾ ਨੇ ਤਿੱਖੀ ਪ੍ਰਤੀਕਿਰਿਆ ਦਿੱਤੀ ਹੈ ਅਤੇ ਦਿੱਲੀ ’ਚ ਭਾਜਪਾ ਦੇ ਸਿੱਖ ਸੈੱਲ ਨੇ ਉਨ੍ਹਾਂ ਦੀ ਰਿਹਾਇਸ਼ ਦੇ ਬਾਹਰ ਪ੍ਰਦਰਸ਼ਨ ਕੀਤਾ।ਦਿੱਲੀ ਭਾਜਪਾ ਦੇ ਸਿੱਖ ਸੈੱਲ ਦੇ ਅਹੁਦੇਦਾਰਾਂ ਨੇ ਰਾਹੁਲ ਗਾਂਧੀ ਦੀ ਰਿਹਾਇਸ਼ ਦੇ ਬਾਹਰ ਰੋਸ ਪ੍ਰਦਰਸ਼ਨ ਕੀਤਾ।ਪ੍ਰਦਰਸ਼ਨਕਾਰੀਆਂ ਨੇ ਨਾਅਰੇਬਾਜ਼ੀ ਕੀਤੀ ਅਤੇ ਕੁਝ ਦਿੱਲੀ ਪੁਲਿਸ ਦੇ ਬੈਰੀਕੇਡ ’ਤੇ ਚੜ੍ਹ ਗਏ। ਸਥਿਤੀ ਨੂੰ ਕਾਬੂ ਹੇਠ ਕਰਨ ਲਈ ਦਿੱਲੀ ਪੁਲਿਸ ਨੂੰ ਆਰਪੀ ਸਿੰਘ ਸਮੇਤ ਭਾਜਪਾ ਦੇ ਸਿੱਖ ਆਗੂਆਂ ਨੂੰ ਹਿਰਾਸਤ ਵਿੱਚ ਲੈਣਾ ਪਿਆ। ਆਰਪੀ ਸਿੰਘ ਨੇ ਕਿਹਾ ਕਿ ਰਾਹੁਲ ਗਾਂਧੀ ਨੂੰ ਮੁਆਫ਼ੀ ਮੰਗਣੀ ਚਾਹੀਦੀ ਹੈ। ਉਨ੍ਹਾਂ ਦੋਸ਼ ਲਾਇਆ ਕਿ ਗਾਂਧੀ ਨੇ ਵਿਦੇਸ਼ੀ ਧਰਤੀ ’ਤੇ ਭਾਰਤ ਨੂੰ ਬਦਨਾਮ ਕੀਤਾ ਹੈ ਅਤੇ ਆਪਣੇ ਬਿਆਨ ਨਾਲ ਸਿੱਖਾਂ ਦੀਆਂ ਭਾਵਨਾਵਾਂ ਨੂੰ ਠੇਸ ਪਹੁੰਚਾਈ ਹੈ।

ਕਾਂਗਰਸ ਨੇ ਰਾਹੁਲ ਗਾਂਧੀ ਦੇ ਬਿਆਨ ਦਾ ਬਚਾਅ ਕੀਤਾ ਅਤੇ ਭਾਜਪਾ ਦੇ ਦੋਸ਼ਾਂ ਨੂੰ ਰੱਦ ਕੀਤਾ। ਕਾਂਗਰਸ ਆਗੂ ਪਵਨ ਖੇੜਾ ਨੇ ਕਿਹਾ ਕਿ ਭਾਜਪਾ ਦੀ ਆਲੋਚਨਾ ਭਾਰਤ ਦੀ ਆਲੋਚਨਾ ਨਹੀਂ ਹੈ। ਉਨ੍ਹਾਂ ਇਹ ਵੀ ਕਿਹਾ ਕਿ ਇਹ ਗਲਤਫਹਿਮੀ ਨਹੀਂ ਹੋਣੀ ਚਾਹੀਦੀ ਕਿ ਭਾਜਪਾ ਦੀ ਆਲੋਚਨਾ ਕਰਨਾ ਭਾਰਤ ਦੀ ਆਲੋਚਨਾ ਕਰਨ ਦੇ ਬਰਾਬਰ ਹੈ। ਕਾਂਗਰਸ ਨੇ ਰਾਹੁਲ ਗਾਂਧੀ ਦੇ ਬਿਆਨ ਨੂੰ ਭਾਰਤੀ ਸਮਾਜ ਵਿੱਚ ਧਾਰਮਿਕ ਆਜ਼ਾਦੀ ਦੀ ਚਰਚਾ ਦੇ ਹਿੱਸੇ ਵਜੋਂ ਪੇਸ਼ ਕੀਤਾ ਅਤੇ ਭਾਜਪਾ ਦੇ ਵਿਰੋਧ ਨੂੰ ਬੇਲੋੜਾ ਦੱਸਿਆ।

## ਸਾਰਾਗੜ੍ਹੀ ਰਾਜ ਪੱਧਰੀ ਸਮਾਗਮ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ : ਡੀ.ਸੀ.

# ਕੈਬਨਿਟ ਮੰਤਰੀ ਪੰਜਾਬ ਡਾ. ਬਲਜੀਤ ਕੌਰ ਹੋਣਗੇ ਮੁੱਖ ਮਹਿਮਾਨ



**ਫ਼ਿਰੋਜ਼ਪੁਰ, 11 ਸਤੰਬਰ (ਸੁਖਮੰਦਰ ਸਿੰਘ ਸ਼ਾਤ)**-12 ਸਤੰਬਰ 2024 ਨੂੰ ਸਾਰਾਗੜ੍ਹੀ ਦੇ ਸ਼ਹੀਦਾਂ ਦੀ ਯਾਦ ਵਿੱਚ ਇਤਿਹਾਸਕ ਗੁਰਦੁਆਰਾ ਸਾਰਾਗੜ੍ਹੀ ਵਿਖੇ ਹੋਣ ਵਾਲੇ ਰਾਜ ਪੱਧਰੀ ਸਮਾਗਮ ਦੀਆਂ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਹਨ ਅਤੇ ਇਸ ਦਿਨ ਤੇ ਸੰਗਤ ਲਈ ਲੰਗਰ, ਚਾਹ, ਪਾਣੀ ਅਤੇ ਸ਼ਿਮਆਨੇ ਸਮੇਤ ਹਰ ਤਰ੍ਹਾਂ ਦੇ ਪੁਖਤਾ ਇੰਤਜ਼ਾਮ ਕਰ ਲਏ ਗਏ ਹਨ। ਇਸ ਰਾਜ ਪੱਧਰੀ ਸਮਾਗਮ ਦੀਆਂ ਅੰਤਿਮ ਤਿਆਰੀਆਂ ਦਾ ਜਾਇਜ਼ਾ ਲੈਣ ਲਈ ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਅਤੇ ਐਸ.ਐਸ.ਪੀ. ਸੌਮਿਆ ਮਿਸ਼ਰਾ ਨੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ। ਡਿਪਟੀ ਕਮਿਸ਼ਨਰ ਸ੍ਰੀ ਰਾਜੇਸ਼ ਧੀਮਾਨ ਨੇ ਦੱਸਿਆ ਕਿ ਸਮਾਗਮ ਦੀਆਂ ਤਿਆਰੀਆਂ ਮੁਕੰਮਲ ਹੋ ਗਈਆਂ ਹਨ । ਉਨ੍ਹਾਂ ਦੱਸਿਆ ਕਿ ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਵਿਭਾਗ ਮੰਤਰੀ ਪੰਜਾਬ ਡਾ. ਬਲਜੀਤ ਕੌਰ ਇਸ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਸ਼ਾਮਿਲ ਹੋਣਗੇ। ਉਨ੍ਹਾਂ ਦੱਸਿਆ ਕਿ ਸਾਰਾਗੜ੍ਹੀ ਜੰਗ 1897 ਦੇ ਸਿੱਖ ਸੂਰਬੀਰ ਸ਼ਹੀਦਾਂ ਦੀ ਯਾਦ ਵਿੱਚ ਵਿਲੱਖਣ ਕਿਸਮ ਦਾ “ਸਾਰਾਗੜ੍ਹੀ ਵਾਰ ਮੈਮੋਰੀਅਲ” ਬਣਾਇਆ ਗਿਆ ਹੈ, ਜਿਸ ਦਾ ਉਦਘਾਟਨ 12 ਸਤੰਬਰ 2024 ਨੂੰ ਸਾਰਾਗੜ੍ਹੀ ਦਿਵਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਵੱਲੋਂ ਕੀਤਾ ਜਾਵੇਗਾ। ਉਨ੍ਹਾਂ ਵੱਖ-ਵੱਖ ਵਿਭਾਗਾਂ ਦੇ ਮੁਖੀਆਂ ਨੂੰ ਆਪਣੀ ਡਿਊਟੀ ਪੂਰੀ ਤਨਦੇਹੀ ਨਾਲ ਨਿਭਾਉਣ ਅਤੇ ਆਪਣੇ ਅਧੀਨ ਹੋਣ ਵਾਲੇ ਕੰਮਾਂ ਨੂੰ ਸੁਚੱਜੇ ਢੰਗ ਨਾਲ ਕਰਨ ਦੇ ਨਿਰਦੇਸ਼ ਦਿੱਤੇ। ਡਿਪਟੀ ਕਮਿਸ਼ਨਰ ਨੇ ਸਮੂਹ ਜ਼ਿਲ੍ਹਾ ਵਾਸੀਆ ਨੂੰ ਇਸ ਸਮਾਗਮ ਵਿੱਚ ਪਹੁੰਚਣ ਦੀ ਅਪੀਲ ਕੀਤੀ। ਇਸ ਮੌਕੇ ਐਸ.ਐਸ.ਪੀ. ਸੌਮਿਆ ਮਿਸ਼ਰਾ ਨੇ ਦੱਸਿਆ ਕਿ ਸੁਰੱਖਿਆ ਪ੍ਰਬੰਧਾਂ ਵਿੱਚ ਕਿਸੇ ਤਰ੍ਹਾਂ ਦੀ ਢਿੱਲ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਇਸ ਸਬੰਧੀ ਅਧਿਕਾਰੀਆਂ ਦੀਆਂ ਵੱਖ-ਵੱਖ ਸਥਾਨਾਂ ਲਈ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਸ ਸਮਾਗਮ ਲਈ ਪਾਰਕਿੰਗ ਦੇ ਵੀ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਆਵਜਾਈ ਵਿੱਚ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਨਿੱਧੀ ਕੁਮੂਦ ਬਾਮਬਾ, ਐਸ.ਡੀ.ਐਮ ਫਿਰੋਜ਼ਪੁਰ ਹਰਕੰਵਲਜੀਤ ਸਿੰਘ, ਸਹਾਇਕ ਕਮਿਸ਼ਨਰ ਸੂਰਜ ਸਮੇਤ ਵੱਖ ਵੱਖ ਵਿਭਾਗਾਂ ਦੇ ਅਧਿਕਾਰੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸਿੱਖਾਂ ਬਾਰੇ ਅਮਰੀਕਾ ਵਿੱਚ ਰਾਹੁਲ ਗਾਂਧੀ ਦੀਆਂ ਟਿੱਪਣੀਆਂ ਨੇ ਸਿੱਖ ਹੋਮਲੈਂਡ ਦੀ ਮੁੜ ਸਥਾਪਨਾ ਦੀ ਲੋੜ ਨੂੰ ਕੀਤਾ ਬੁਲੰਦ: ਅਮਰੀਕ ਸਿੰਘ ਗਿੱਲ



**ਨਵੀਂ ਦਿੱਲੀ 11 ਸਤੰਬਰ (ਮਨਪ੍ਰੀਤ ਸਿੰਘ ਖਾਲਸਾ)**:- ਰਾਹੁਲ ਗਾਂਧੀ, ਵਿਰੋਧੀ ਧਿਰ ਦੇ ਕਾਂਗਰਸ ਨੇਤਾ ਨੇ ਵਰਜੀਨੀਆ ਵਿਚ ਦਿੱਤੇ ਭਾਸ਼ਣ ਤੋਂ ਬਾਅਦ ਸਿਆਸੀ ਤੂਫਾਨ ਸ਼ੁਰੂ ਹੋਇਆ ਹੈ। ਰਾਹੁਲ ਨੇ ਆਪਣੀ ਸਪੀਚ ਵਿਚ ਹਾਜ਼ਰੀਨ ਦੇ ਇੱਕ ਸਿੱਖ ਮੈਂਬਰ ਵੱਲ ਮੁੜਦੇ ਹੋਏ ਕਿਹਾ ਕਿ “ਲੜਾਈ ਇਸ ਬਾਰੇ ਹੈ ਕਿ ਕੀ ਇੱਕ ਸਿੱਖ ਹੋਣ ਦੇ ਨਾਤੇ, ਉਸਨੂੰ ਭਾਰਤ ਵਿੱਚ ਪੱਗ ਬੰਨ੍ਹਣ ਦੀ ਇਜਾਜ਼ਤ ਦਿੱਤੀ ਜਾਵੇਗੀ, ਇੱਕ ਸਿੱਖ ਹੋਣ ਦੇ ਨਾਤੇ, ਕਿ ਉਸਨੂੰ ਭਾਰਤ ਵਿੱਚ ਕੜਾ ਪਹਿਨਣ ਦੀ ਇਜਾਜ਼ਤ ਦਿੱਤੀ ਜਾਵੇਗੀ, ਕਿ ਉਸ ਨੂੰ, ਇੱਕ ਸਿੱਖ ਹੋਣ ਦੇ ਨਾਤੇ, ਗੁਰਦੁਆਰੇ ਜਾਣ ਦੀ ਇਜਾਜ਼ਤ ਹੈ, ਇਹ ਸਾਰੇ ਧਰਮਾਂ ਲਈ ਹੈ। ਜਿਕਰਯੋਗ ਹੈ ਕਿ ਭਾਰਤ ਵਿੱਚ ਸਿੱਖਾਂ ਨਾਲ ਹੋ ਰਿਹਾ ਸਲੂਕ ਇੱਕ ਬਹੁਤ ਹੀ ਸੰਵੇਦਨਸ਼ੀਲ ਵਿਸ਼ਾ ਹੈ ਅਤੇ ਉਸਦੇ ਭਾਸ਼ਣ ਨੇ ਭਾਰਤ ਵਿੱਚ ਸਿਆਸਤਦਾਨਾਂ ਲਈ ਉਨ੍ਹਾਂ ਦੀ ਪੋਲ ਖੋਲ੍ਹ ਦਿੱਤੀ ਹੈ। 1984 ਦੀ ਸਿੱਖ ਨਸਲਕੁਸ਼ੀ ਦੀ ਇਸ ਸਾਲ 40ਵੀਂ ਵਰ੍ਹੇਗੰਢ ਹੈ ਜਿੱਥੇ ਗਾਂਧੀ ਪਰਿਵਾਰ ਅਤੇ ਕਾਂਗਰਸ ਮੁੱਖ ਭੜਕਾਉਣ ਵਾਲੇ ਸਨ, ਬਹੁਤ ਸਾਰੇ ਲੋਕਾਂ ਦਾ ਮੰਨਣਾ ਹੈ ਕਿ ਸੱਜੇ ਪੱਖੀ ਭਾਜਪਾ ਦੁਆਰਾ ਧਾਰਮਿਕ ਆਜ਼ਾਦੀਆਂ ਦੇ ਖਤਰੇ ਨੂੰ ਉਜਾਗਰ ਕਰਨ ਲਈ ਰਾਹੁਲ ਵਲੋਂ ਸ਼ਬਦਾਂ ਅਤੇ ਰਣਨੀਤੀਆਂ ਦੀ ਚੋਣ ਕੀਤੀ ਗਈ ਹੈ। ਸਿੱਖ ਫੈਡਰੇਸ਼ਨ (ਯੂ.ਕੇ.) ਦੇ ਪ੍ਰਧਾਨ ਭਾਈ ਅਮਰੀਕ ਸਿੰਘ ਨੇ ਕਿਹਾ “ਕਾਂਗਰਸ ਅਤੇ ਭਾਜਪਾ ਨੇ 1947 ਤੋਂ ਲੈ ਕੇ ਸਿੱਖਾਂ ਅਤੇ ਉਹਨਾਂ ਨਾਲ ਕੀਤੇ ਸਲੂਕ ਨੂੰ ਅਤੇ ਖਾਸ ਕਰਕੇ ਪਿਛਲੇ 40 ਸਾਲਾਂ ਤੋਂ, ਆਪਣੇ ਹਿੱਤਾਂ ਲਈ ਇੱਕ ਸਿਆਸੀ ਫੁੱਟਬਾਲ ਬਣਾ ਦਿੱਤਾ ਹੈ।” ਰਾਹੁਲ ਗਾਂਧੀ ਦੇ ਸ਼ਬਦਾਂ ਨੇ 1984 ਦੇ ਨਾ ਭਰੇ ਜ਼ਖਮਾਂ ਨੂੰ ਖੋਲ੍ਹ ਦਿੱਤਾ ਹੈ ਜਦੋਂ ਕਿ ਭਾਜਪਾ ਅਤੇ ਕਾਂਗਰਸ ਦੇ ਸਿਆਸਤਦਾਨ ਇਸ ਨੂੰ ਨਸਲਕੁਸ਼ੀ ਵਜੋਂ ਦਰਸਾਉਣ ਲਈ ਆਪਣੇ ਆਪ ’ਤੇ ਡਿੱਗ ਪਏ ਹਨ ਅਤੇ ਕੇਂਦਰੀ ਮੰਤਰੀ ਹਰਦੀਪ ਸਿੰਘ ਨੇ 1984 ਦੇ ਸਿੱਖ ਤਜ਼ਰਬੇ ਨੂੰ ਬਿਆਨ ਕਰਨ ਲਈ ’ਹੋਂਦ ਨੂੰ ਖ਼ਤਰਾ’ ਸ਼ਬਦ ਦੀ ਵਰਤੋਂ ਕੀਤੀ ਹੈ। । ਹਾਲਾਂਕਿ, ਅਸਲ ਮੁੱਦਾ 1947 ਵਿੱਚ ਗੱਲਬਾਤ ਦੀ ਮੇਜ਼ ਦੇ ਆਲੇ-ਦੁਆਲੇ ਸਿੱਖਾਂ ਦਾ ਹੈ, ਸਿੱਖ ਨੇਤਾਵਾਂ ਵਲੋਂ ਬ੍ਰਿਟਿਸ਼ ਸਰਕਾਰ ਦੁਆਰਾ ਦਿੱਤੇ ਗਏ ਵੱਖਰੇ ਹੋਮਲੈਂਡ ਨੂੰ ਗਲਤੀ ਨਾਲ ਸਵੀਕਾਰ ਨਹੀਂ ਕਰਨਾ ਚੁਣਿਆ ਗਿਆ ਸੀ। ਜਦਕਿ ਸਿੱਖਾਂ ਨੂੰ ਭਾਰਤੀ ਕਾਂਗਰਸ ਦੇ ਨੇਤਾਵਾਂ ਦੁਆਰਾ ਕੀਤੇ ਵਾਅਦਿਆਂ ਦੁਆਰਾ ਧੋਖਾ ਦਿੱਤਾ ਗਿਆ ਸੀ, ਜਿਸ ’ਤੇ ਓਹ 1947 ਤੋਂ ਬਾਅਦ ਤੇਜ਼ੀ ਨਾਲ ਬਦਲ ਗਏ ਸਨ । ਧਿਆਨਦੇਣ ਯੋਗ ਹੈ ਕਿ ਸਿੱਖਾਂ ਨੇ ਇਸ ਲਈ ਕਦੇ ਵੀ ਵਿਤਕਰੇ ਭਰੇ ਭਾਰਤੀ ਸੰਵਿਧਾਨ ਨੂੰ ਸਵੀਕਾਰ ਨਹੀਂ ਕੀਤਾ, ਜਿੱਥੇ ਧਾਰਾ 25 ਸਿੱਖਾਂ, ਜੈਨੀਆਂ ਅਤੇ ਬੋਧੀਆਂ ਨੂੰ ਹਿੰਦੂ ਵਜੋਂ ਲੇਬਲ ਕਰਦੀ ਹੈ। ਨਾ ਤਾਂ ਕਾਂਗਰਸ ਅਤੇ ਨਾ ਹੀ ਭਾਜਪਾ ਨੇ ਸਿੱਖਾਂ ਦੀ ਇਸ ਵਿਸ਼ਵਵਿਆਪੀ ਮੰਗ ਨੂੰ ਠੀਕ ਕੀਤਾ ਹੈ। ਗਲੋਬਲ ਸ਼ਕਤੀਆਂ ਦੇ ਸਮਰਥਨ ਨਾਲ ਸਿੱਖ ਹੋਮਲੈਂਡ ਦੀ ਮੁੜ ਸਥਾਪਨਾ ਦਾ ਜੀਵਨ ਭਰ ਦਾ ਮੌਕਾ ਹੁਣ ਮੌਜੂਦ ਹੈ। ਇਸ ਲਈ ਗੱਲਬਾਤ ਦੀ ਮੇਜ਼ ਦੇ ਆਲੇ-ਦੁਆਲੇ ਸਿੱਖ 1947 ਵਾਲੀ ਗਲਤੀ ਨਹੀਂ ਕਰਨਗੇ। ਫੈਡਰੇਸ਼ਨ ਵੱਲੋਂ ਆਪਣੀ 40ਵੀਂ ਵਰ੍ਹੇਗੰਢ ਮੌਕੇ ਗੁਰੂ ਨਾਨਕ ਗੁਰਦੁਆਰਾ, ਸੇਡਲੇ ਸਟਰੀਟ, ਵੁਲਵਰਹੈਂਪਟਨ ਵਿਖੇ ਐਤਵਾਰ 15 ਸਤੰਬਰ ਨੂੰ ਨੈਸ਼ਨਲ ਸਿੱਖ ਕਨਵੈਨਸ਼ਨ ਕੀਤੀ ਜਾ ਰਹੀ ਹੈ। ਦੁਨੀਆ ਭਰ ਤੋਂ ਵਿਸ਼ਵ ਪ੍ਰਸਿੱਧ ਸਿੱਖ ਬੁਲਾਰੇ ਭਾਗ ਲੈਣਗੇ ਅਤੇ ਓਸ ਵਿਚ ਪੰਥ ਦੇ ਸੁਨਿਹਿਰੀ ਭਵਿੱਖ ਲਈ ਕਈ ਵੱਡੇ ਐਲਾਨ ਹੋਣ ਦੀ ਉਮੀਦ ਹੈ।

# ਰਾਹੁਲ ਗਾਂਧੀ ਨੇ ਅਮਰੀਕਾ ਵਿਚ ਸਿੱਖਾਂ ਦੇ ਸੰਜੀਦਾ ਮਸਲੇਆਂ ਨੂੰ ਜਿਸ ਦ੍ਰਿੜਤਾ ਨਾਲ ਉਠਾਇਆ ਹੈ ਉਹ ਸਵਾਗਤਯੋਗ ਹੈ : ਮਾਨ



ਨਵੀਂ ਦਿੱਲੀ, 11 ਸਤੰਬਰ (ਮਨਪ੍ਰੀਤ ਸਿੰਘ ਖਾਲਸਾ):- “ਇੰਡੀਆਂ ਦੀ ਮੌਜੂਦਾ ਬੀਜੇਪੀ-ਆਰ.ਐਸ.ਐਸ ਹਕੂਮਤ ਵੱਲੋ ਜੋ ਅਮਰੀਕਾ ਦੀ ਪ੍ਰਭੂਸਤਾ ਅਤੇ ਉਸਦੀ ਮੁਨਰੋ ਡਾਕਟਰੀਨ ਦੀ ਕੌਮਾਂਤਰੀ ਪਾਲਸੀ ਨੂੰ ਤੋੜਕੇ ਅਮਰੀਕਨ ਅਤੇ ਦੂਸਰੇ ਮੁਲਕਾਂ ਦੇ ਸਿੱਖ ਨਾਗਰਿਕਾਂ ਦੇ ਕਤਲ ਕਰਨ ਜਾਂ ਉਨ੍ਹਾਂ ਨੂੰ ਨਿਸ਼ਾਨਾਂ ਬਣਾਉਣ ਦੇ ਮਨੁੱਖਤਾ ਵਿਰੋਧੀ ਅਮਲ ਹੋਏ ਹਨ, ਉਸ ਨਾਲ ਰਾਹੁਲ ਗਾਂਧੀ ਨੇ ਸਹਿਮਤੀ ਪ੍ਰਗਟਾਈ ਹੈ ਇਹ ਕਦਮ ਮਨੁੱਖੀ ਕਦਰਾਂ ਕੀਮਤਾਂ ਨੂੰ ਕਾਇਮ ਰੱਖਣ ਲਈ ਬਿਲਕੁਲ ਦਰੁਸਤ ਹੈ । ਜਿਸਦਾ ਅਸੀ ਸਵਾਗਤ ਕਰਦੇ ਹਾਂ ।ਪਰ ਜਦੋ ਵੀ ਇੰਡੀਆਂ ਵਿਚ ਸਿੱਖਾਂ ਉਤੇ ਜ਼ਬਰ ਜੁਲਮ, ਕਤਲੇਆਮ ਹੋਇਆ, ਉਸ ਵਿਚ ਬੀਜੇਪੀ-ਆਰ.ਐਸ.ਐਸ, ਕਾਂਗਰਸ ਤੇ ਹੋਰ ਹਿੰਦੂਤਵ ਜਮਾਤਾਂ ਘਿਓ ਖਿਚੜੀ ਹੀ ਰਹਿੰਦੀਆ ਰਹੀਆ ਹਨ । ਇਸ ਗੱਲ ਤੋ ਕੋਈ ਵੀ ਇਨਕਾਰ ਨਹੀ ਕਰ ਸਕਦਾ । ਕਿਉਂਕਿ ਜਦੋਂ ਕੈਨੇਡਾ ਵਿਚ ਹਰਦੀਪ ਸਿੰਘ ਨਿੱਝਰ, ਰਿਪੁਦਮਨ ਸਿੰਘ ਮਲਿਕ ਅਤੇ ਸੁਖਦੂਲ ਸਿੰਘ, ਬਰਤਾਨੀਆ ਵਿਚ ਅਵਤਾਰ ਸਿੰਘ ਖੰਡਾ, ਪਾਕਿਸਤਾਨ ਵਿਚ ਪਰਮਜੀਤ ਸਿੰਘ ਪੰਜਵੜ ਅਤੇ ਲਖਬੀਰ ਸਿੰਘ ਰੋਡੇ, ਹਰਿਆਣਾ ਵਿਚ ਦੀਪ ਸਿੰਘ ਸਿੱਧੂ, ਪੰਜਾਬ ਵਿਚ ਸੁਭਦੀਪ ਸਿੰਘ ਸਿੱਧੂ ਮੂਸੇਵਾਲਾ ਦੇ ਕਤਲ ਅਤੇ ਅਮਰੀਕਨ ਨਾਗਰਿਕ ਗੁਰਪਤਵੰਤ ਸਿੰਘ ਪੰਨੂ ਨੂੰ ਮਾਰਨ ਦੀ ਕੋਸਿਸ ਕੀਤੀ ਗਈ ਉਸ ਸਮੇ ਇਹ ਜਮਾਤਾਂ ਇਕਮਿਕ ਹੀ ਸਨ । ਜਦੋ ਬਲਿਊ ਸਟਾਰ ਦਾ ਫ਼ੌਜੀ ਹਮਲਾ ਹੋਇਆ ਤਾਂ ਮਰਹੂਮ ਇੰਦਰਾ ਗਾਂਧੀ ਨੂੰ ਸ੍ਰੀ ਵਾਜਪਾਈ ਵੱਲੋ ਦੁਰਗਾ ਮਾਤਾ ਦਾ ਖਿਤਾਬ ਦੇ ਕੇ ਸਨਮਾਨਿਆ ਗਿਆ ਅਤੇ ਸ੍ਰੀ ਅਡਵਾਨੀ ਨੇ ਕਿਹਾ ਸੀ ਕਿ ਇਹ ਹਮਲਾ 6 ਮਹੀਨੇ ਪਹਿਲਾ ਹੋਣਾ ਚਾਹੀਦਾ ਸੀ । ਜਿਸ ਤੋ ਸਿੱਖਾਂ ਨੂੰ ਗੈਰ ਕਾਨੂੰਨੀ ਢੰਗ ਨਾਲ ਮਾਰਨ ਦੀ ਪਾਲਸੀ ਵਿਚ ਇਕਮਿਕ ਹੋਣ ਦੀ ਗੱਲ ਪ੍ਰਤੱਖ ਨਜਰ ਆ ਰਹੀ ਹੈ ।” ਇਹ ਵਿਚਾਰ ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਕਾਂਗਰਸੀ ਆਗੂ ਸ੍ਰੀ ਰਾਹੁਲ ਗਾਂਧੀ ਵੱਲੋ ਆਪਣੇ ਅਮਰੀਕਾ ਦੌਰੇ ਸਮੇ ਮੌਜੂਦਾ ਬੀਜੇਪੀ-ਆਰ.ਐਸ.ਐਸ ਦੀ ਮੋਦੀ ਹਕੂਮਤ ਦੀਆਂ ਸਾਜਿਸਾਂ ਰਾਹੀ ਆਜਾਦੀ ਚਾਹੁੰਣ ਵਾਲੇ ਸਿੱਖਾਂ ਨੂੰ ਗੈਰ ਕਾਨੂੰਨੀ ਢੰਗ ਨਾਲ ਮਾਰਨ ਦੇ ਵਿਰੁੱਧ ਉਠਾਈ ਗਈ ਆਵਾਜ ਅਤੇ ਅਮਰੀਕਾ ਦੀ ਪ੍ਰਭੂਸਤਾ-ਮੁਨਰੋ ਡਾਕਟਰੀਨ ਨੂੰ ਤੋੜਨ ਵਿਰੁੱਧ ਲਏ ਸਟੈਂਡ ਦਾ ਸਵਾਗਤ ਕਰਦੇ ਹੋਏ ਪ੍ਰਗਟ ਕੀਤੇ। ਉਨ੍ਹਾਂ ਕਿਹਾ ਕਿ ਜਦੋ ਮੈਂ ਪਿਛਲੀ ਪਾਰਲੀਮੈਂਟ ਵਿਚ ਮੈਬਰ ਸੀ, ਤਾਂ ਉਸ ਸਮੇ ਮੈਂ ਕਾਂਗਰਸ ਜਮਾਤ ਦੀ ਆਗੂ ਬੀਬੀ ਸੋਨੀਆ ਗਾਂਧੀ ਨੂੰ ਕਿਹਾ ਸੀ ਕਿ ਸਿੱਖਾਂ ਦੇ ਹੋ ਰਹੇ ਕਤਲੇਆਮ ਵਿਰੁੱਧ, ਵਿਰੋਧੀ ਧਿਰ ਦੇ ਨੇਤਾ ਹੋਣ ਵੱਜੋ ਇਹ ਮੁੱਦਾ ਉਠਾਇਆ ਜਾਵੇ, ਉਹ ਮੇਰੇ ਨਾਲ ਸਹਿਮਤ ਨਹੀ ਸਨ ਹੋਏ । ਲੇਕਿਨ ਹੁਣ ਉਨ੍ਹਾਂ ਦੇ ਪੁੱਤਰ ਰਾਹੁਲ ਗਾਂਧੀ ਨੇ ਅਮਰੀਕਾ ਵਿਚ ਜਾ ਕੇ ਇਸ ਸੰਜੀਦਾ ਮਸਲੇ ਨੂੰ ਜਿਸ ਦ੍ਰਿੜਤਾ ਨਾਲ ਉਠਾਇਆ ਹੈ ਉਸਦਾ ਅਸੀ ਸਵਾਗਤ ਕਰਦੇ ਹਾਂ ਅਤੇ ਇਹ ਰਾਏ ਦੇਣੀ ਚਾਹਵਾਂਗੇ ਕਿ ਉਹ ਅਮਰੀਕਾ, ਕੈਨੇਡਾ ਅਤੇ ਹੋਰ ਮੁਲਕਾਂ ਵਿਚ ਸਿੱਖਾਂ ਦੇ ਹੋਏ ਕਤਲੇਆਮ ਸੰਬੰਧੀ ਲਿਖਤੀ ਤੌਰ ਤੇ ਮੌਜੂਦਾ ਮੋਦੀ ਸਰਕਾਰ ਕੋਲ ਸਿਕਾਇਤ ਦਰਜ ਕਰਕੇ ਅਗਲੇਰੀ ਕਾਰਵਾਈ ਕਰਦੇ ਹੋਏ ਸਿੱਖਾਂ ਦੇ ਕਾਤਲਾਂ ਨੂੰ ਸਜ਼ਾ ਦਿਵਾਉਣ ਦੀ ਜਿੰਮੇਵਾਰੀ ਨਿਭਾਉਣ । ਪਰ ਦੁੱਖ ਅਤੇ ਅਫਸੋਸ ਹੈ ਕਿ ਸਿੱਖਾਂ ਦੇ ਬੀਤੇ ਸਮੇ ਵਿਚ ਅਤੇ ਮੌਜੂਦਾ ਸਮੇ ਵਿਚ ਹੋਏ ਕਤਲੇਆਮ ਦੇ ਦੋਸ਼ੀ ਕਾਤਲਾਂ ਨੂੰ ਸਜਾ ਦਿਵਾਉਣ ਦੀ ਆਵਾਜ ਉਠਾਉਣ ਦੇ ਨਾਲ-ਨਾਲ ਸ੍ਰੀ ਹਰਦੀਪ ਸਿੰਘ ਪੁਰੀ ਨੂੰ ਚਾਹੀਦਾ ਹੈ ਕਿ ਉਹ ਮਰਹੂਮ ਇੰਦਰਾ ਗਾਂਧੀ ਅਤੇ ਰਾਜੀਵ ਗਾਂਧੀ ਸਮੇ ਹੋਏ ਸਿੱਖ ਜ਼ਬਰ ਸੰਬੰਧੀ ਇਨਸਾਫ ਦਿਵਾਉਣ ਲਈ ਅਮਲ ਕਰਨ ।

ਸ. ਮਾਨ ਨੇ ਕਿਹਾ ਕਿ ਅਸੀ ਜਾਨਣਾ ਚਾਹਵਾਂਗੇ ਕਿ ਹਿੰਦੂ ਇੰਡੀਆ ਪ੍ਰੈਸ ਤੇ ਸ. ਹਰਦੀਪ ਸਿੰਘ ਪੁਰੀ ਸਿੱਖਾਂ ਉਤੇ ਹੋਏ ਜ਼ਬਰ ਜੁਲਮ, ਕਤਲੇਆਮ, ਨਸਲੀ ਸਫਾਈ, ਯਾਦਗਰਾਂ ਆਦਿ ਨੂੰ ਜਾਣਬੁੱਝ ਕੇ ਘਟਾਕੇ ਜਾਂ ਦਰਸਾਉਣ ਦੇ ਕਿਉਂ ਅਮਲ ਕਰ ਰਹੇ ਹਨ ? ਜੋ ਮਰਹੂਮ ਇੰਦਰਾ ਗਾਂਧੀ ਤੇ ਰਾਜੀਵ ਗਾਂਧੀ ਨੇ ਗੈਰ ਇਨਸਾਨੀਅਤ ਢੰਗ ਨਾਲ ਮਨੁੱਖਤਾ ਦਾ ਕਤਲੇਆਮ ਕੀਤਾ ਹੈ, ਸ. ਪੁਰੀ ਤੇ ਉਨ੍ਹਾਂ ਦੀ ਬੀਜੇਪੀ-ਆਰ.ਐਸ.ਐਸ ਸਰਕਾਰ ਜੋ 10 ਸਾਲਾਂ ਤੋ ਚੱਲਦੀ ਆ ਰਹੀ ਹੈ, ਉਹ ਉਨ੍ਹਾਂ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਕਾਨੂੰਨੀ ਸਜਾਵਾਂ ਦਿਵਾਉਣ ਦੇ ਅਮਲ ਕਿਉਂ ਨਹੀ ਕਰ ਰਹੇ ? ਸ. ਮਾਨ ਨੇ ਉਮੀਦ ਪ੍ਰਗਟ ਕਰਦੇ ਹੋਏ ਕਿਹਾ ਕਿ ਰਾਹੁਲ ਗਾਂਧੀ ਸਿੱਖਾਂ ਤੇ ਹੋਏ ਜ਼ਬਰ ਦੇ ਗੰਭੀਰ ਮੁੱਦੇ ਨੂੰ ਦ੍ਰਿੜਤਾ ਤੇ ਸੰਜੀਦਗੀ ਨਾਲ ਬੀਜੇਪੀ ਹਕੂਮਤ ਵਿਚ ਉਠਾਉਣਗੇ । ਸੋਨੀਆ ਗਾਂਧੀ ਨੇ ਮੈਨੂੰ ਪਾਰਲੀਮੈਂਟ ਵਿਚ ਸਿੱਖਾਂ ਦੇ ਜ਼ਬਰ ਦੇ ਮੁੱਦੇ ਉਠਾਉਣ ਬਾਰੇ ਕਿਹਾ ਸੀ, ਜੇਕਰ ਉਹ ਇਸ ਜਿੰਮੇਵਾਰੀ ਨੂੰ ਪੂਰਨ ਕਰਨ ਤਾਂ ਸਿੱਖ ਕੌਮ ਇਸਦਾ ਭਰਪੂਰ ਸਵਾਗਤ ਕਰੇਗੀ।

ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ

# ਗੁਰਦੁਆਰਾ ਨਾਢਾ ਸਾਹਿਬ ਵਿਖੇ ਕੀਤੀ ਗਈ ਐਂਬੂਲੈਂਸ ਗੱਡੀ ਭੇਂਟ





**ਪੰਚਕੂਲਾ, 11 ਸਤੰਬਰ (ਆਵਾਜ਼ਿ ਕੌਮ ਬਿਊਰੋ)**-ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਦੇ ਮੈਨੇਜਿੰਗ ਟਰੱਸਟੀ ਡਾ. ਐਸ.ਪੀ. ਸਿੰਘ ਓਬਰਾਏ ਵਲੋਂ ਗੁਰਦੁਆਰਾ ਸਾਹਿਬ ਪਾਤਸ਼ਾਹੀ ਦਸਵੀਂ ਨਾਢਾ ਸਾਹਿਬ ਪੰਚਕੂਲਾ ਵਿਖੇ ਸੰਗਤਾਂ ਦੀ ਸਹੂਲਤ ਲਈ ਐਂਬੂਲੈਂਸ ਮਹਿੰਦਰਾ ਬੋਲੈਰੋ ਗੱਡੀ ਭੇਂਟ ਕੀਤੀ ਗਈ ਇਸ ਮੌਕੇ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਚੇਅਰਮੈਨ ਧਰਮ ਪ੍ਰਚਾਰ ਅਤੇ ਕਾਨੂੰਨੀ ਵਿੰਗ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੇ ਦੱਸਿਆ ਕੇ ਗੁਰੂ ਜੀ ਦੀ ਅਸੀਸ ਸਦਕਾਂ ਗੁਰੂ ਘਰ ਦੇ ਸੇਵਾਦਾਰ ਡਾ. ਐਸ.ਪੀ. ਸਿੰਘ ਓਬਰਾਏ ਮੈਨੇਜਿੰਗ ਟਰੱਸਟੀ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵਲੋਂ ਜੋ ਕੇ ਸਮਾਜ ਸੇਵਾ ਦੇ ਖੇਤਰ ਵਿੱਚ ਬਹੁਤ ਸ਼ਲਾਘਾਯੋਗ ਕਾਰਜ ਕਰ ਰਹੇ ਹਨ ਅੱਜ ਡਾ. ਐਸ.ਪੀ. ਸਿੰਘ ਓਬਰਾਏ ਵੱਲੋਂ ਐਂਬੂਲੈਂਸ ਗੱਡੀ ਮਹਿੰਦਰਾ ਬੋਲੈਰੋ ਸੰਗਤਾਂ ਦੀ ਸੇਵਾ ਲਈ ਗੁਰਦੁਆਰਾ ਨਾਢਾ ਸਾਹਿਬ ਵਿਖੇ ਭੇਂਟ ਕੀਤੀ ਗਈ ਹੈ ਜਿਸ ਲਈ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਉਨਾਂ ਦਾ ਬਹੁਤ ਧੰਨਵਾਦ ਕਰਦੀ ਹੈ

ਉਨਾਂ ਇਹ ਵੀ ਦੱਸਿਆ ਕੇ ਡਾ. ਐਸ.ਪੀ. ਸਿੰਘ ਓਬਰਾਏ ਨੇ ਦੇਸ਼ ਵਿਦੇਸ਼ ਵਿੱਚ ਲੋਕਾਂ ਨੂੰ ਸਿਹਤ ਸੇਵਾਵਾਂ ਦੇਣ ਲਈ ਵੱਡੇ ਉਪਰਾਲੇ ਕੀਤੇ ਹਨ ਲੋਕਾਂ ਨੂੰ ਵਧੀਆ ਅਤੇ ਸਸਤੀਆਂ ਸਿਹਤ ਸਹੂਲਤਾਂ ਦੇਣ ਲਈ 100 ਤੋਂ ਵੱਧ ਲੈਬੋਰੇਟਰੀਆਂ ਪੰਜਾਬ ਹਰਿਆਣਾ ਚੰਡੀਗੜ ਦਿੱਲੀ ਅਤੇ ਰਾਜਸਥਾਨ ਵਿੱਚ ਚੱਲ ਰਹੀਆਂ ਹਨ ਇਸ ਤੋਂ ਇਲਾਵਾ ਡਾ. ਓਬਰਾਏ ਮਨੁੱਖਤਾ ਦੀ ਸੇਵਾ ਲਈ ਅਣਗਿਣਤ ਕਾਰਜ ਕਰਦੇ ਆ ਰਹੇ ਹਨ ਗੁਰਦੁਆਰਾ ਨਾਢਾ ਸਾਹਿਬ ਵਿਖੇ ਹੀ ਭਾਈ ਨਾਢੂ ਸਾਹਿਬ ਡਿਸਪੈਂਸਰੀ ਸੰਗਤਾਂ ਦੀ ਸੇਵਾ ਲਈ ਫਰੀ ਸੇਵਾਵਾਂ ਕਰ ਰਹੀ ਹੈ ਇੱਥੇ ਹੋਰ ਬਿਹਤਰ ਸਿਹਤ ਸੁਵਿਧਾਵਾਂ ਦੇਣ ਲਈ ਡਾ. ਓਬਰਾਏ ਅਤੇ ਉਨਾਂ ਦੀ ਟੀਮ ਇੱਥੇ ਨਿਰੀਖਣ ਕਰ ਰਹੀ ਹੈ ਇਸ ਮੌਕੇ ਬੋਲਦਿਆਂ ਹੋਇਆਂ ਡਾ. ਐਸ.ਪੀ. ਸਿੰਘ ਓਬਰਾਏ ਨੇ ਕਿਹਾ ਕੇ ਪਿਛਲੇ ਸਮੇਂ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨਾਲ ਇੱਕ ਮੀਟਿੰਗ ਹੋਈ ਸੀ ਜਿਸ ਵਿਚ ਉਨਾਂ ਦੱਸਿਆ ਕਿ ਗੁਰਦੁਆਰਾ ਨਾਢਾ ਸਾਹਿਬ ਪਾਤਸ਼ਾਹੀ ਦਸਵੀਂ ਵਿਖੇ ਕੁਝ ਸੇਵਾਵਾਂ ਪਬਲਿਕ ਦੀ ਸਹੂਲਤ ਲਈ ਚਾਹੀਦੀਆਂ ਹਨ ਉਹ ਜਲਦੀ ਸ਼ੁਰੂ ਕੀਤੀਆਂ ਜਾਣ ਇਸ ਲਈ ਸਭ ਤੋਂ ਪਹਿਲਾਂ ਮਹਿਸੂਸ ਕੀਤਾ ਗਿਆ ਕਿ ਇੱਥੇ ਐਂਬੂਲੈਂਸ ਦੀ ਬਹੁਤ ਜਰੂਰਤ ਹੈ ਜੋ ਜਥੇਦਾਰ ਦਾਦੂਵਾਲ ਜੀ ਦੇ ਹੁਕਮ ਅਨੁਸਾਰ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵਲੋਂ ਇੱਥੇ ਅੱਜ ਭੇਂਟ ਕੀਤੀ ਗਈ ਹੈ ਗੁਰਦੁਆਰਾ ਸਾਹਿਬ ਵਿਖੇ ਚੱਲ ਰਹੀ ਭਾਈ ਨਾਢੂ ਸਾਹਿਬ ਡਿਸਪੈਂਸਰੀ ਵਿਖੇ ਟਰੱਸਟ ਵਲੋਂ ਬਹੁਤ ਜਲਦੀ ਸੰਨੀ ਓਬਰਾਏ ਲੈਬੋਰੇਟਰੀ ਸ਼ੁਰੂ ਕੀਤੀ ਜਾਵੇਗੀ ਇਸਦੇ ਨਾਲ ਹੀ ਇੱਥੇ ਫਿਜ਼ਿਓਥੈਰੇਪੀ ਸੈਂਟਰ ਅਤੇ ਡੈਂਟਲ ਕਲੀਨਿਕ ਸੇਵਾਵਾਂ ਵੀ ਸ਼ੁਰੂ ਕੀਤੀਆਂ ਜਾਣਗੀਆਂ ਡਾ. ਓਬਰਾਏ ਨੇ ਕਿਹਾ ਕੇ ਸਾਡੀ ਕੋਸ਼ਿਸ਼ ਹੋਵੇਗੀ ਕੇ ਅਸੀਂ ਜਿੰਨੀਆਂ ਸੇਵਾਵਾਂ ਇੱਥੇ ਦੇ ਸਕਦੇ ਹਾਂ ਉਹ ਬਹੁਤ ਜਲਦੀ ਸ਼ੁਰੂ ਕੀਤੀਆਂ ਜਾਣ ਇਸ ਮੌਕੇ ਗੁਰਜੀਤ ਸਿੰਘ ਓਬਰਾਏ, ਡਾ. ਆਰ.ਐਸ. ਅਟਵਾਲ, ਜਸਟਿਸ ਐਮ.ਐਮ.ਐਸ. ਬੇਦੀ, ਸੁਰਿੰਦਰ ਸਿੰਘ, ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਸੁਦਰਸ਼ਨ ਸਿੰਘ ਅੰਬਾਲਾ, ਜਨਰਲ ਸਕੱਤਰ ਸੁਖਵਿੰਦਰ ਸਿੰਘ ਮੰਡੇਬਰ, ਅੰਤ੍ਰਿੰਗ ਮੈਂਬਰ ਟੀ.ਪੀ. ਸਿੰਘ ਅੰਬਾਲਾ, ਸੀਨੀਅਰ ਮੈਂਬਰ ਅਮਰਜੀਤ ਸਿੰਘ ਯਮੁਨਾਨਗਰ, ਮੈਂਬਰ ਹਰਪਾਲ ਸਿੰਘ ਕੰਬੋਜ ਅੰਬਾਲਾ, ਮੈਂਬਰ ਸਵਰਨ ਸਿੰਘ ਬੂੰਗਾ ਪੰਚਕੂਲਾ, ਡਾ. ਹਰਨੇਕ ਸਿੰਘ ਮੈਂਬਰ ਪੰਚਕੂਲਾ, ਮੈਂਬਰ ਗੁਰਮੀਤ ਸਿੰਘ ਮੀਤਾ ਪਿੰਜੌਰ, ਮੈਂਬਰ ਇੰਦਰਜੀਤ ਸਿੰਘ ਸਾਹਾ, ਗੁਰਦੁਆਰਾ ਸਾਹਿਬ ਦੇ ਹੈਡ ਗ੍ਰੰਥੀ ਸਿੰਘ ਸਾਹਿਬ ਗਿਆਨੀ ਜਗਜੀਤ ਸਿੰਘ, ਮੈਨੇਜਰ ਪਰਮਜੀਤ ਸਿੰਘ ਸੇਰਗੜ, ਸਰਬਜੀਤ ਸਿੰਘ ਜੰਮੂ ਧਰਮ ਪ੍ਰਚਾਰ ਸਕੱਤਰ, ਮੀਤ ਸਕੱਤਰ ਕੁਲਦੀਪ ਸਿੰਘ ਭਾਣੋਖੇੜੀ, ਇੰਚਾਰਜ ਸਿਕੰਦਰ ਸਿੰਘ ਧਰਮ ਪ੍ਰਚਾਰ ਸਬ ਦਫ਼ਤਰ ਨਾਢਾ ਸਾਹਿਬ ਅਤੇ ਇਲਾਕੇ ਦੀਆਂ ਸੰਗਤਾਂ ਹਾਜ਼ਰ ਸਨ

ਜਲੰਧਰ ਨਗਰ ਨਿਗਮ ਦੇ ਵਾਰਡ ਨੰ. 36 ਦੀਆਂ

# ਪਿਛਲੇ 6 ਮਹੀਨਿਆਂ ਤੋਂ ਬੰਦ ਪਈਆਂ ਸਟਰੀਟ ਲਾਈਟਾਂ

## ਕੁੰਭਕਰਨੀ ਨੀਂਦ ਸੁੱਤੇ ਨਗਰ ਨਿਗਮ ਅਧਿਕਾਰੀ




**ਜਲੰਧਰ, 11 ਸਤੰਬਰ (ਆਵਾਜਿ ਕੌਮ ਬਿਊਰੋ)**-ਜਲੰਧਰ ਨਗਰ ਨਿਗਮ ਦੇ ਵਾਰਡ ਨੰ. 36 ਦੀਆਂ ਸਟਰੀਟ ਲਾਈਟਾਂ ਪਿਛਲੇ 6 ਮਹੀਨਿਆਂ ਤੋਂ ਬੰਦ ਪਈਆਂ ਹੋਈਆਂ ਹਨ, ਜਿਸ ਕਾਰਨ ਇਲਾਕੇ ਵਿੱਚ ਸ਼ਾਮ ਹੁੰਦਿਆਂ ਹੀ ਚੋਰਾਂ ਅਤੇ ਨਸ਼ੇੜੀਆਂ ਦੇ ਹੌਂਸਲੇ ਬੁਲੰਦ ਹੋ ਜਾਂਦੇ ਹਨ। ਵਾਰਡ ਵਾਸੀਆਂ ਦਾ ਕਹਿਣਾ ਹੈ ਕਿ ਨਗਰ ਨਿਗਮ ਨੂੰ ਸੂਚਨਾ ਦੇਣ 'ਤੇ ਵੀ ਕੋਈ ਅਸਰ ਨਹੀਂ ਹੋ ਰਿਹਾ। ਇਲਾਕੇ ਵਿੱਚ ਚੋਰੀ ਦੀਆਂ ਵਾਰਦਾਤਾਂ ਵਿੱਚ ਦਿਨੋਂ-ਦਿਨ ਵਾਧਾ ਹੋ ਰਿਹਾ ਹੈ। ਜ਼ਿਲ੍ਹਾ ਪ੍ਰਸ਼ਾਸਨ ਨੂੰ ਚਾਹੀਦਾ ਹੈ ਕਿ ਇਸ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾਵੇ ਤਾਂ ਜੋ ਕੋਈ ਮਾੜੀ ਘਟਨਾ ਨਾ ਵਾਪਰ ਸਕੇ। ਇਲਾਕੇ ਦੇ ਥਾਣਾ ਇੰਚਾਰਜ ਨੂੰ ਵੀ ਚਾਹੀਦਾ ਹੈ ਕਿ ਰਾਤ ਵੇਲੇ ਗਸ਼ਤੀ ਪਾਰਟੀਆਂ ਦੀ ਡਿਊਟੀ ਲਾਜ਼ਮੀ ਲਗਾਈ ਜਾਵੇ ਤਾਂ ਜੋ ਇਲਾਕੇ ਦੇ ਲੋਕ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰ ਸਕਣ।

# ਅੱਜ ਮੇਰੇ ਪਿੰਡ ਢੋਟੀਆਂ ਤੋਂ ਸ੍ਰੀ ਗੋਇੰਦਵਾਲ ਸਾਹਿਬ ਤੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ









ਅੱਜ ਮੇਰੇ ਪਿੰਡ ਢੋਟੀਆਂ ਤੋਂ ਸ੍ਰੀ ਗੋਇੰਦਵਾਲ ਸਾਹਿਬ ਤੱਕ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਬਹੁਤ ਵੱਡੀ ਗਿਣਤੀ ਵਿਚ ਪਿੰਡ ਦੀਆਂ ਸੰਗਤਾਂ ਨੇ ਹਾਜਰੀ ਭਰੀ।(**ਫੋਟੋਆਂ ਤੇ ਵੇਰਵਾ: ਆਵਾਜ਼ਿ ਕੌਮ ਬਿਊਰੋ**)

# ਸੰਗਤਾਂ ਵਲੋਂ ਨਗਰ ਕੀਰਤਨ ਦਾ ਨਿੱਘਾ ਸਵਾਗਤ

**ਕਰਤਾਰਪੁਰ 11ਸਤੰਬਰ (ਆਵਾਜ਼ਿ ਕੌਮ ਬਿਊਰੋ)**-ਧੰਨ ਧੰਨ ਸ਼੍ਰੀ ਗੁਰੂ ਅਮਰਦਾਸ ਜੀ ਦੇ 450 ਸਾਲਾ ਜੋਤੀ ਜੋਤ ਦਿਵਸ ਅਤੇ ਸ਼੍ਰੀ ਗੁਰੂ ਰਾਮਦਾਸ ਸਾਹਿਬ ਜੀ 450 ਸਾਲਾ ਗੁਰਗੱਦੀ ਨੂੰ ਸਮਰਪਿਤ ਤੱਖਤ ਸ੍ਰੀ ਕੇਸਗੜ੍ਹ ਸਾਹਿਬ ਸ੍ਰੀ ਆਨੰਦਪੁਰ ਸਾਹਿਬ ਤੋਂ ਸ਼੍ਰੀ ਗੋਇੰਦਵਾਲ ਸਾਹਿਬ ਤੱਕ ਜਾ ਰਹੇ ਵਿਸ਼ਾਲ ਨਗਰ ਕੀਰਤਨ ਦਾ ਕਰਤਾਰਪੁਰ ਪਹੁੰਚਣ ਤੇ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਜੱਥੇਦਾਰ ਰਣਜੀਤ ਸਿੰਘ ਕਾਹਲੋਂ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਨਗਰ ਕੀਰਤਨ ਦੀਆ ਸੰਗਤਾਂ ਨੂੰ ਚਾਹ ਪਕੌੜੇ ਅਤੇ ਕੋਲਡ ਡਰਿੰਕ ਅਤੇ ਠੰਡਾ ਜਲ ਵਰਤਾਈਆਂ ਗਿਆ। ਇਸ ਮੌਕੇ ਪੰਜ ਪਿਆਰੇ ਨੂੰ ਸਿਰਪਾਓ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਰੁਮਾਲਾ ਸਾਹਿਬ ਭੇਟ ਕੀਤਾ ਗਿਆ। ਇਸ ਮੌਕੇ ਸੰਗਤਾਂ ਵਿਚ ਜੱਥੇਦਾਰ ਰਣਜੀਤ ਸਿੰਘ ਕਾਹਲੋਂ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਸ਼ਹਿਰੀ ਪ੍ਰਧਾਨ ਸੇਵਾ ਸਿੰਘ, ਬਲਵਿੰਦਰ ਸਿੰਘ ਤਿਮੋਵਾਲ, ਮੈਨੇਜਰ ਜਸਵਿੰਦਰ ਸਿੰਘ, ਹਰਵਿੰਦਰ ਸਿੰਘ ਰਿੰਕੂ, ਪ੍ਰਚਾਰਕ ਫਰਿਆਦ ਸਿੰਘ, ਪ੍ਰਚਾਰਕ ਭਾਈ ਮਨਜੀਤ ਸਿੰਘ, ਪ੍ਰਚਾਰਕ ਸਰਵਣ ਸਿੰਘ, ਕਵੀਸ਼ਰ ਕੁਲਜੀਤ ਸਿੰਘ, ਸੁੱਚਾ ਸਿੰਘ ਭੁੱਲਰ, ਕੁਲਵਿੰਦਰ ਸਿੰਘ ਲੁੱਡੀ, ਸਤਨਾਮ ਸਿੰਘ, ਅਵਤਾਰ ਸਿੰਘ, ਲਖਵੀਰ ਸਿੰਘ, ਹਰਜੀਤ ਸਿੰਘ, ਜਗਜੀਤ ਸਿੰਘ, ਰਸ਼ਪਾਲ ਸਿੰਘ, ਜਗਦੀਪ ਸਿੰਘ, ਤਨਵੀਰ ਸਿੰਘ, ਸਰਬਜੋਤ ਸਿੰਘ, ਸੁਖਰਾਜ ਸਿੰਘ, ਪ੍ਰਭਜੋਤ ਸਿੰਘ ਚੰਨ, ਮਨੀਕਰਨ ਸਿੰਘ, ਰਣਧੀਰ ਸਿੰਘ, ਗੁਰਜੀਤ ਸਿੰਘ, ਸੁਖਪ੍ਰੀਤ ਸਿੰਘ, ਬਲਬੀਰ ਸਿੰਘ ,ਬਲਵਿੰਦਰ ਕੌਰ,ਰਣਜੀਤ ਕੌਰ, ਕੁਲਵੰਤ ਕੌਰ, ਹੋਰ ਵੀ ਵਡੀ ਗਿਣਤੀ ਵਿਚ ਸੰਗਤਾਂ ਮੌਜੂਦ ਸਨ।